23-FEB-PAGE-1.qxd 2/22/2024 10:16 PM Page 1

ਸ਼ੁੱਕਰਵਾਰ, 23 ਫਰਵਰੀ, 2024
11 ਫੱਗਣ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 264

# ਨਵਾਂ ਜ਼ਮਾਨਾ

DAILY NAWAN ZAMANA • FRIDAY, 23 FEBRUARY, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

# ਅੱਜ ਕਾਲਾ ਦਿਵਸ, 26 ਨੂੰ ਟਰੈਕਟਰ ਮਾਰਚ

## ਐੱਸ ਕੇ ਐੱਮ ਵੱਲੋਂ ਸ਼ੁਭਕਰਨ ਦੀ ਮੌਤ 'ਤੇ ਕਤਲ ਦਾ ਕੇਸ ਦਰਜ ਕਰਨ ਦੀ ਮੰਗ, 14 ਮਾਰਚ ਨੂੰ ਦਿੱਲੀ 'ਚ ਮਹਾਂ ਪੰਚਾਇਤ

**ਚੰਡੀਗੜ੍ਹ :** 2020-21 ਵਿਚ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਾਉਣ ਲਈ ਅੰਦੋਲਨ ਚਲਾਉਣ ਵਾਲੇ ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਨੇ ਵੀਰਵਾਰ ਮੰਗ ਕੀਤੀ ਕਿ ਖਨੌਰੀ ਬਾਰਡਰ 'ਤੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ 'ਤੇ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਤੇ ਗ੍ਰਹਿ ਮੰਤਰੀ ਅਨਿਲ ਵਿੱਜ ਖਿਲਾਫ ਕਤਲ ਦਾ ਕੇਸ ਦਰਜ ਕੀਤਾ ਜਾਵੇ। ਇਸ ਨੇ ਇਹ ਵੀ ਐਲਾਨਿਆ ਕਿ ਕਿਸਾਨ 26 ਫਰਵਰੀ ਨੂੰ ਹਾਈਵੇ 'ਤੇ ਟਰੈਕਟਰ ਮਾਰਚ ਕਰਨਗੇ। ਪੰਜਾਬ ਵਿਚ ਟਰੈਕਟਰ ਮਾਰਚ ਅੰਮ੍ਰਿਤਸਰ ਤੋਂ ਸ਼ੰਭੂ ਬਾਰਡਰ ਤੱਕ ਹੋਵੇਗਾ। ਇਕ ਪਾਸੇ ਦਾ ਹਾਈਵੇ ਖੁੱਲ੍ਹਾ ਰਹੇਗਾ ਅਤੇ ਇਸ ਦਿਨ ਡਬਲਿਊ ਟੀ ਓ ਦਾ ਪੁਤਲਾ ਫੂਕਿਆ ਜਾਵੇਗਾ।

14 ਮਾਰਚ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿਚ ਮਹਾਂ ਪੰਚਾਇਤ ਕੀਤੀ ਜਾਵੇਗੀ।

ਇਹ ਐਲਾਨ ਸ਼ੰਭੂ ਤੇ ਖਨੌਰੀ ਬਾਰਡਰ 'ਤੇ ਪੈਦਾ ਸਥਿਤੀ ਉਤੇ ਵਿਚਾਰ ਕਰਨ ਲਈ ਮੋਰਚੇ ਦੀ ਕੌਮੀ ਤਾਲਮੇਲ ਕਮੇਟੀ ਦੀ ਮੀਟਿੰਗ ਤੋਂ ਬਾਅਦ ਕੀਤੇ ਗਏ। ਕਮੇਟੀ ਨੇ ਸ਼ੁੱਕਰਵਾਰ ਨੂੰ ਦੇਸ਼ ਭਰ ਵਿਚ ਕਾਲਾ ਦਿਵਸ ਮਨਾਉਣ ਦਾ ਵੀ ਐਲਾਨ ਕੀਤਾ। ਇਸ ਦੌਰਾਨ ਖੱਟਰ, ਵਿੱਜ ਤੋਂ ਇਲਾਵਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਪੁਤਲੇ ਫੂਕੇ ਜਾਣਗੇ। ਮੀਟਿੰਗ ਵਿਚ ਪੰਜਾਬ, ਹਰਿਆਣਾ, ਯੂ ਪੀ, ਪੱਛਮੀ ਬੰਗਾਲ ਤੇ ਹੋਰਨਾਂ ਰਾਜਾਂ ਦੇ ਆਗੂ ਸ਼ਾਮਲ ਹੋਏ।

ਇਸ ਵੇਲੇ 'ਦਿੱਲੀ ਚੱਲੋ' ਮਾਰਚ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਕ) ਚਲਾ ਰਿਹਾ ਹੈ ਤੇ ਐੱਸ ਕੇ ਐੱਮ ਇਸ ਵਿਚ ਸ਼ਾਮਲ ਨਹੀਂ।

ਮੀਟਿੰਗ ਵਿਚ ਬਲਬੀਰ ਸਿੰਘ ਰਾਜੇਵਾਲ, ਰਾਕੇਸ਼ ਟਿਕੈਤ ਤੇ ਹੋਰਨਾਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ।

## ਸ਼ੁਭਕਰਨ ਦੀ ਸ਼ਹਾਦਤ ਨਾਲ ਭਾਜਪਾ ਦਾ ਫਾਸ਼ੀ ਚਿਹਰਾ ਨੰਗਾ ਹੋ ਗਿਆ : ਸੀ ਪੀ ਆਈ

**ਚੰਡੀਗੜ੍ਹ :** ਕੇਂਦਰ ਅਤੇ ਹਰਿਆਣਾ ਦੀਆਂ ਭਾਜਪਾ ਸਰਕਾਰਾਂ ਵੱਲੋਂ ਕਿਸਾਨਾਂ ਉਤੇ ਢਾਹੇ ਜਾ ਰਹੇ ਜ਼ੁਲਮਾਂ ਕਾਰਨ ਸ਼ਹੀਦੀ ਪ੍ਰਾਪਤ ਕਰ ਗਏ ਸ਼ੁਭਕਰਨ ਅਤੇ ਸੈਂਕੜੇ ਕਿਸਾਨਾਂ ਦੇ ਜ਼ਖਮੀ ਹੋਣ 'ਤੇ ਪੰਜਾਬ ਸੀ ਪੀ ਆਈ ਨੇ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਪੰਜਾਬ ਦੀਆਂ ਸਾਰੀਆਂ ਰਾਜਸੀ ਅਤੇ ਪੰਜਾਬ ਹਿਤੈਸ਼ੀ ਤਾਕਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਭਾਜਪਾ ਦਾ ਮੁਕੰਮਲ ਬਾਈਕਾਟ ਕਰਨ।

ਪੰਜਾਬ ਸੀ ਪੀ ਆਈ ਦੇ ਸਕੱਤਰੇਤ ਦੀ ਮੀਟਿੰਗ ਵਿਚ ਭਾਜਪਾ ਦੀ ਕੇਂਦਰੀ ਅਤੇ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਪ੍ਰਤੀ ਧਾਰੇ ਗਏ ਗੈਰ-ਜਮਹੂਰੀ ਅਤੇ ਸਰਕਾਰੀ ਤਸ਼ੱਦਦ ਵਾਲੇ ਰੁਖ 'ਤੇ ਚਿੰਤਾ ਪ੍ਰਗਟ ਕਰਦਿਆਂ ਪਾਰਟੀ

### ਮੁੱਖ ਮੰਤਰੀ ਸਰਬ ਪਾਰਟੀ ਮੀਟਿੰਗ ਸੱਦਣ

ਨੇ ਕਿਹਾ ਕਿ ਗੁਰੂਆਂ ਅਤੇ ਦੇਸ਼ ਭਗਤਾਂ ਦੀ ਧਰਤੀ ਪੰਜਾਬ ਵਿਚ ਭਾਜਪਾ ਵਰਗੀਆਂ ਫਾਸ਼ੀ ਅਤੇ ਖੂਨੀ ਤਾਕਤਾਂ ਦੀ ਕੋਈ ਥਾਂ ਨਹੀਂ ਹੋਣੀ ਚਾਹੀਦੀ ਅਤੇ ਭਾਜਪਾ ਅਤੇ ਜੇ ਕੋਈ ਵੀ ਪਾਰਟੀ ਜਾਂ ਜਥੇਬੰਦੀ ਇਸ ਦਾ ਸਹਿਯੋਗ ਕਰਦੀ ਹੈ, ਉਸ ਦਾ ਵੀ ਮੁਕੰਮਲ ਬਾਈਕਾਟ ਕਰਨਾ ਚਾਹੀਦਾ ਹੈ।

ਪਾਰਟੀ ਨੇ ਕਿਹਾ ਕਿ ਅਜਿਹੇ ਐਕਸ਼ਨਾਂ ਨਾਲ ਹੀ ਸ਼ੁਭਕਰਨ ਦੀ ਸ਼ਹਾਦਤ ਦਾ ਬਦਲਾ ਲਿਆ ਜਾ ਸਕਦਾ ਹੈ। ਸੀ ਪੀ ਆਈ ਨੇ ਕਿਹਾ ਕਿ ਸ਼ੁਭਕਰਨ ਦੀਆਂ ਦੋ ਭੈਣਾਂ ਨੂੰ ਫੌਰਨ ਹੀ ਪੰਜਾਬ ਸਰਕਾਰ ਵੱਲੋਂ ਨੌਕਰੀ ਅਤੇ ਢੁਕਵੇਂ ਮੁਆਵਜ਼ੇ ਦਾ ਐਲਾਨ ਕਰਨਾ ਚਾਹੀਦਾ ਹੈ। ਸੀ ਪੀ ਆਈ ਨੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਸਾਂਝੇ ਅੰਦੋਲਨ ਦਾ ਭਰਪੂਰ ਸਮਰਥਨ ਕਰਦਿਆਂ ਕਿਸਾਨ ਜਥੇਬੰਦੀਆਂ ਨੂੰ ਕੇਂਦਰ ਦੀਆਂ ਫੁੱਟ-ਪਾਊ ਚਾਲਾਂ ਤੋਂ ਸਾਵਧਾਨ ਰਹਿ ਕੇ ਮੁਕੰਮਲ ਏਕਤਾ ਬਣਾ ਕੇ ਪੁਰਅਮਨ ਢੰਗ ਨਾਲ ਜ਼ੋਰਦਾਰ ਅੰਦੋਲਨ ਚਲਾ ਕੇ ਮੁਕਾਬਲਾ ਕਰਨਾ ਚਾਹੀਦਾ ਹੈ। ਸੀ ਪੀ ਆਈ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਉਸ ਨੂੰ ਅਜਿਹੇ ਸੰਕਟ ਸਮੇਂ ਸਾਰੀਆਂ ਪਾਰਟੀਆਂ ਦੀ ਮੀਟਿੰਗ ਬੁਲਾ ਕੇ ਸਮੁੱਚੇ ਪੰਜਾਬ ਦੇ ਸਾਂਝੇ ਯਤਨਾਂ ਨਾਲ ਕਿਸਾਨਾਂ ਦੇ ਨਾਲ ਖੜਣਾ ਚਾਹੀਦਾ ਹੈ ਅਤੇ ਕੇਂਦਰ ਸਰਕਾਰ ਦੇ ਫਾਸ਼ੀ ਅੱਤਿਆਚਾਰਾਂ ਦਾ ਮੁਕਾਬਲਾ ਕਰਨਾ ਚਾਹੀਦਾ ਹੈ।

# ਅਜਲਾਸ ਪਹਿਲੀ ਤੋਂ, ਬਜਟ 5 ਨੂੰ

## ਜੰਗੀ ਜਗੀਰ ਦੀ ਰਾਸ਼ੀ 10 ਹਜ਼ਾਰ ਰੁਪਏ ਤੋਂ ਵਧਾ ਕੇ 20 ਹਜ਼ਾਰ ਰੁਪਏ ਕਰਨ ਦੀ ਮਨਜ਼ੂਰੀ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਵਜ਼ਾਰਤ ਨੇ 16ਵੀਂ ਪੰਜਾਬ ਵਿਧਾਨ ਸਭਾ ਦਾ ਛੇਵਾਂ ਅਜਲਾਸ (ਬਜਟ ਸਮਾਗਮ) ਇਕ ਮਾਰਚ ਤੋਂ 15 ਮਾਰਚ ਤੱਕ ਸੱਦਣ ਦੀ ਪ੍ਰਵਾਨਗੀ ਦੇ ਦਿੱਤੀ ਹੈ।

ਇਸ ਬਾਰੇ ਫੈਸਲਾ ਵੀਰਵਾਰ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਮੁੱਖ ਮੰਤਰੀ ਦਫਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਭਾਰਤੀ ਸੰਵਿਧਾਨ ਦੀ ਧਾਰਾ 174 ਦੇ ਤਹਿਤ ਇਹ ਇਜਲਾਸ ਸੱਦਣ ਲਈ ਰਾਜਪਾਲ ਨੂੰ ਅਧਿਕਾਰਤ ਕੀਤਾ ਹੈ। ਪੰਜਾਬ ਸਰਕਾਰ 5 ਮਾਰਚ ਨੂੰ ਵਿੱਤੀ ਸਾਲ 2024-25 ਲਈ ਬੱਜਟ ਪੇਸ਼ ਕਰੇਗੀ।

ਬੱਜਟ ਇਜਲਾਸ ਦੇ ਪ੍ਰੋਗਰਾਮ ਅਨੁਸਾਰ ਇਹ ਸੈਸ਼ਨ ਇਕ ਮਾਰਚ ਨੂੰ ਰਾਜਪਾਲ ਦੇ ਭਾਸ਼ਣ ਨਾਲ ਸ਼ੁਰੂ ਹੋਵੇਗਾ ਅਤੇ ਬਾਅਦ ਵਿੱਚ ਵਿੱਛੜੀਆਂ ਸ਼ਖਸੀਅਤਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਜਾਣਗੀਆਂ। ਇਸੇ ਤਰ੍ਹਾਂ 5 ਮਾਰਚ ਨੂੰ ਸਾਲ 2024-25 ਦੇ ਬੱਜਟ ਅਨੁਮਾਨ ਪੇਸ਼ ਕੀਤੇ ਜਾਣਗੇ ਅਤੇ 15 ਮਾਰਚ ਨੂੰ ਸਦਨ ਅਣਮਿੱਥੇ ਸਮੇਂ ਲਈ ਉਠਾ ਦਿੱਤਾ ਜਾਵੇਗਾ।

ਸੁਲਤਾਨਪੁਰ ਲੋਧੀ ਵਿਖੇ ਅਮਨ-ਕਾਨੂੰਨ ਦੀ ਰਾਖੀ ਕਰਦਿਆਂ ਸ਼ਹੀਦ ਹੋਣ ਵਾਲੇ ਜ਼ਿਲ੍ਹਾ ਕਪੂਰਥਲਾ ਦੇ ਪਿੰਡ ਮਨਿਆਲਾ ਦੇ ਪੰਜਾਬ ਹੋਮਗਾਰਡਜ਼ ਦੇ ਵਲੰਟੀਅਰ ਜਸਪਾਲ ਸਿੰਘ ਪੁੱਤਰ ਦਲੀਪ ਸਿੰਘ (ਨੰਬਰ-28475) ਦੇ ਯੋਗਦਾਨ ਦੇ ਮੱਦੇਨਜ਼ਰ ਮੰਤਰੀ ਮੰਡਲ ਨੇ ਸ਼ਹੀਦ ਦੇ ਪਰਵਾਰ ਨੂੰ ਵਿਸ਼ੇਸ਼ ਕੇਸ ਵਜੋਂ ਐਕਸ-ਗ੍ਰੇਸ਼ੀਆ ਗ੍ਰਾਂਟ ਦੇਣ ਦਾ ਐਲਾਨ ਕੀਤਾ ਹੈ। ਸੂਬਾ ਸਰਕਾਰ ਨੇ ਪੰਜਾਬ ਹੋਮਗਾਰਡਜ਼ ਦੇ ਇਸ ਵਲੰਟੀਅਰਾਂ ਦੀ ਕੁਰਬਾਨੀ ਨੂੰ ਵੀ ਪੁਲਸ ਅਫਸਰਾਂ, ਅਰਧ-ਸੈਨਿਕ ਬਲ ਅਤੇ ਫੌਜ ਵਿੱਚ ਸੇਵਾ ਨਿਭਾਅ ਰਹੇ ਪੰਜਾਬ ਦੇ ਵਾਸੀ ਸੈਨਿਕਾਂ ਦੇ ਬਰਾਬਰ ਦਰਜਾ ਦਿੱਤਾ ਹੈ। ਇਸ ਉਪਰਾਲੇ ਨਾਲ ਪੰਜਾਬ ਹੋਮਗਾਰਡਜ਼ ਵਲੰਟੀਅਰਾਂ ਦਾ ਮਨੋਬਲ ਹੋਰ ਵਧੇਗਾ।

ਮੰਤਰੀ ਮੰਡਲ ਨੇ ਸਾਲ 2019 ਦੀ ਅਧਿਆਪਕ ਤਬਾਦਲਾ ਨੀਤੀ ਦੇ ਪੈਰਾ-9 ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਹੈ, ਜੋ ਅਧਿਆਪਕ ਕਾਡਰ ਦੇ ਉਨ੍ਹਾਂ ਕਰਮਚਾਰੀਆਂ ਦੇ ਵਡੇਰੇ ਹਿੱਤ ਵਿੱਚ ਕੀਤੀ ਗਈ ਹੈ, ਜੋ ਕਿ ਛੋਟ ਮੁਕਤ ਸ਼੍ਰੇਣੀ ਵਿੱਚ ਆਉਂਦੇ ਹਨ। ਇਸ ਵਿੱਚ ਇਹ ਵਿਵਸਥਾ ਕੀਤੀ ਗਈ ਹੈ ਕਿ ਜਿਹੜੇ ਮੁਲਾਜ਼ਮ ਕੈਂਸਰ ਮਰੀਜ਼ (ਖੁਦ, ਜੀਵਨ ਸਾਥੀ ਜਾਂ ਬੱਚੇ)/ ਡਾਇਲਸਿਸ (ਖੁਦ, ਜੀਵਨ ਸਾਥੀ ਜਾਂ ਬੱਚੇ)/ਲਿਵਰ ਜਾਂ ਗੁਰਦਾ ਟਰਾਂਸਪਲਾਂਟ/40 ਫੀਸਦੀ ਤੋਂ ਵੱਧ ਦਿਵਿਆਂਗ/ਹੈਪੇਟਾਈਟਸ-ਬੀ/ਹੈਪੇਟਾਈਟਸ-ਸੀ/ਸਿੱਕਲ ਸੈੱਲ ਅਨੀਮੀਆ/ ਥੈਲੇਸੀਮੀਆ (ਖੁਦ ਜਾਂ ਬੱਚੇ)/ਤਲਾਕਸ਼ੁਦਾ/ਜਿਨ੍ਹਾਂ ਮੁਲਾਜ਼ਮਾਂ ਦੇ ਵਿਸ਼ੇਸ਼ ਬੱਚੇ ਜਾਂ ਬੌਧਿਕ ਤੌਰ ਉਤੇ ਵਿਸ਼ੇਸ਼ ਬੱਚੇ ਹਨ/ਜੰਗੀ ਵਿਧਵਾ/ਸ਼ਹੀਦ ਦੀ ਵਿਧਵਾ/ਜੀਵਨ ਸਾਥੀ ਦੀ ਮੌਤ ਹੋ ਜਾਣ ਦੀ ਸੂਰਤ ਵਿੱਚ ਸੇਵਾ ਨਿਭਾਅ ਰਹੇ ਮੁਲਾਜ਼ਮ ਦਾ ਕਿਸੇ ਹੋਰ ਸਟੇਸ਼ਨ ਉਤੇ ਤੁਰੰਤ ਜਾਣਾ ਲੋੜੀਂਦਾ ਹੋਵੇ ਅਤੇ ਬੱਚਿਆਂ ਦੀ ਉਮਰ 18 ਸਾਲ ਤੋਂ ਘੱਟ ਹੋਵੇ ਜਾਂ ਉਹ ਅਧਿਆਪਕ ਜਿਸ ਦਾ ਜੀਵਨ ਸਾਥੀ ਹਥਿਆਰਬੰਦ ਸੈਨਾਵਾਂ ਵਿੱਚ ਸੇਵਾ ਨਿਭਾਅ ਰਿਹਾ ਹੈ ਅਤੇ ਉਸ ਦੀ ਤਾਇਨਾਤੀ ਔਖੀਆਂ ਹਾਲਤਾਂ ਵਾਲੀ ਥਾਂ ਉਤੇ ਹੋਵੇ, ਇਨ੍ਹਾਂ ਸਾਰਿਆਂ ਕੇਸਾਂ ਵਿੱਚ ਬਦਲੀਆਂ ਲਈ ਬੇਨਤੀਆਂ ਮਹੀਨੇ ਦੇ ਆਧਾਰ ਉਤੇ ਪੋਰਟਲ ਉਤੇ ਜਮ੍ਹਾਂ ਹੋਣਗੀਆਂ ਅਤੇ ਕੋਈ ਵੀ ਆਫਲਾਈਨ ਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ ਅਜਿਹੇ ਮਾਮਲਿਆਂ ਵਿੱਚ ਹੁਕਮ ਸਿੱਖਿਆ ਮੰਤਰੀ ਦੀ ਪ੍ਰਵਾਨਗੀ ਤੋਂ ਬਾਅਦ ਜਾਰੀ ਕੀਤੇ ਜਾਣਗੇ।

ਮੰਤਰੀ ਮੰਡਲ ਨੇ ਜਲ ਸਰੋਤ ਵਿਭਾਗ ਦੇ ਡਿਜ਼ਾਈਨ ਵਿੰਗ ਨੂੰ ਸਰਕਾਰੀ ਮਲਕੀਅਤ ਵਾਲੇ/ਸਹਾਇਤਾ ਪ੍ਰਾਪਤ ਕਾਲਜਾਂ ਅਤੇ ਇੰਜਨੀਅਰਿੰਗ ਕਾਲਜਾਂ/ਸੰਸਥਾਵਾਂ ਦੇ ਸਟਾਫ ਦੀ ਤਰਜ਼ ਉਤੇ ਨਿੱਜੀ ਸੰਸਥਾਵਾਂ ਨੂੰ ਡਿਜ਼ਾਈਨ ਅਤੇ ਕੰਸਲਟੈਂਸੀ ਸੇਵਾਵਾਂ ਪ੍ਰਦਾਨ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਇਸ ਵਿੱਚ ਇਹ

● ਬਾਕੀ ਸਫ਼ਾ 2 'ਤੇ

## ਚੋਣਾਂ 'ਚ ਨਿਰੋਧ ਦੀ ਐਂਟਰੀ

**ਹੈਦਰਾਬਾਦ :** ਪੋਲਿੰਗ ਤੋਂ ਪਹਿਲਾਂ ਸ਼ਰਾਬ, ਪੈਸੇ ਤੇ

ਸਾੜ੍ਹੀਆਂ ਵੰਡਣਾ ਤਾਂ ਆਮ ਹੈ, ਪਰ ਹੁਣ ਆਂਧਰਾ ਵਿਚ ਪਾਰਟੀਆਂ ਨੇ ਘਰ-ਘਰ ਨਿਰੋਧ ਦੇ ਪੈਕੇਟ ਦੇਣੇ ਸ਼ੁਰੂ ਕਰ ਦਿੱਤੇ ਹਨ। ਇਨ੍ਹਾਂ ਪੈਕੇਟਾਂ 'ਤੇ ਪਾਰਟੀ ਦਾ ਨਾਂਅ ਤੇ ਚੋਣ ਨਿਸ਼ਾਨ ਵੀ ਛਾਪੇ ਗਏ ਹਨ। ਵਾਇਰਲ ਵੀਡੀਓਜ਼ ਵਿਚ ਹੁਕਮਰਾਨ ਵਾਈ ਐੱਸ ਆਰ ਕਾਂਗਰਸ ਪਾਰਟੀ ਤੇ ਆਪੋਜ਼ੀਸ਼ਨ ਤੇਲਗੂ ਦੇਸਮ ਪਾਰਟੀ ਦੇ ਵਰਕਰ ਇਹ ਪੈਕੇਟ ਵੰਡਦੇ ਨਜ਼ਰ ਆ ਰਹੇ ਹਨ। ਕਮਾਲ ਦੀ ਗੱਲ ਹੈ ਕਿ ਦੋਨੋਂ ਪਾਰਟੀਆਂ ਇਸ ਲਈ ਇਕ-ਦੂਜੇ ਦੀ ਅਲੋਚਨਾ ਵੀ ਕਰ ਰਹੀਆਂ ਹਨ। ਹੁਕਮਰਾਨ ਪਾਰਟੀ ਨੇ ਕਿਹਾ ਹੈ ਕਿ ਤੇਲਗੂ ਦੇਸਮ ਕਿੰਨਾ ਹੇਠਾਂ ਡਿੱਗੇਗੀ। ਇਸ ਤੋਂ ਬਾਅਦ ਕੀ ਵਿਆਗਰਾ ਵੀ ਵੰਡੇਗੀ? ਉਧਰ, ਸਾਬਕਾ ਮੁੱਖ ਮੰਤਰੀ ਚੰਦਰਬਾਬੂ ਨਾਇਡੂ ਦੀ ਤੇਲਗੂ ਦੇਸਮ ਨੇ ਵਾਈ ਐੱਸ ਆਰ ਸੀ ਪੀ ਦੇ ਨਾਂਅ ਤੇ ਨਿਸ਼ਾਨ ਦੇ ਨਾਲ ਨਿਰੋਧਾਂ ਦੇ ਪੈਕੇਟ ਦੀ ਵੀਡੀਓ ਪੋਸਟ ਕਰਕੇ ਲਿਖਿਆ ਹੈ—ਕੀ ਉਸ ਦੀ ਚੋਣਾਂ ਲਈ ਇਹੀ ਤਿਆਰੀ (ਸਿੱਧਮ) ਹੈ, ਜਿਸ ਬਾਰੇ ਉਹ ਗੱਲ ਕਰ ਰਹੀ ਹੈ।

## ਗੁਲਮਰਗ 'ਚ ਬਰਫ ਦੇ ਤੋਦੇ ਹੇਠ ਆ ਕੇ ਰੂਸੀ ਦੀ ਮੌਤ

**ਸ੍ਰੀਨਗਰ :** ਗੁਲਮਰਗ 'ਚ ਵੀਰਵਾਰ ਬਰਫ ਦੇ ਤੋਦੇ ਡਿੱਗਣ ਕਾਰਨ ਇਕ ਰੂਸੀ ਦੀ ਮੌਤ ਹੋ ਗਈ ਅਤੇ ਦੂਜਾ ਲਾਪਤਾ ਹੈ। ਪੰਜ ਸਕਾਈਰੀਰਾਂ ਨੂੰ ਬਚਾਅ ਲਿਆ ਗਿਆ। ਉਨ੍ਹਾਂ ਦਾ ਸਥਾਨਕ ਹਸਪਤਾਲ 'ਚ ਇਲਾਜ ਕੀਤਾ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ ਵਿਦੇਸੀ ਸਥਾਨਕ ਵਾਸੀਆਂ ਤੋਂ ਬਿਨਾਂ ਸਕੀ ਢਲਾਣ 'ਤੇ ਗਏ ਸਨ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ। *-ਮੈਨੇਜਰ*

## ਅੱਜ-ਨਾਮਾ

ਬੰਤਿਆ ਏਦਾਂ ਨਹੀਂ ਜਾਪਦੀ ਗੱਲ ਬਣਨੀ,
ਇਕੱਠੇ ਹੁੰਦੇ ਨਹੀਂ ਲੀਡਰ ਕਿਸਾਨ ਬੇਲੀ।
ਓਧਰ ਭਾਰਤ ਦੀ ਸਖਤ ਸਰਕਾਰ ਲੱਗਦੀ,
ਬੇਸ਼ੱਕ ਬੈਠਕ ਲਈ ਸੁਣਨ ਬਿਆਨ ਬੇਲੀ।
ਸੱਦਿਆ ਜਿਨ੍ਹਾਂ ਨੂੰ, ਬੈਠੇ ਹਨ ਲਾਈ ਡੇਰਾ,
ਲੱਗੇ ਨਾ ਆਉਣ ਉਹ ਛੱਡ ਮੈਦਾਨ ਬੇਲੀ।
ਹੋਈ ਪਈ ਤਿੱਖੀ ਪੰਜਾਬ ਵੱਲ ਰਾਜਨੀਤੀ,
ਉਡੀਕ ਰਹੇ ਚੋਣ ਦਾ ਬੱਸ ਐਲਾਨ ਬੇਲੀ।
ਜ਼ਾਬਤਾ ਚੋਣ ਲਈ ਲੱਗਿਆ ਦਿਨ ਜਿਹੜੇ,
ਬਦਲ ਰਹੇ ਦਿੱਸਣਗੇ ਸਮੇਂ ਦੇ ਰੰਗ ਬੇਲੀ।
ਹਰ ਕੋਈ ਵੋਟਾਂ ਕਿਸਾਨਾਂ ਤੋਂ ਲੈਣ ਖਾਤਰ,
ਬਣ-ਬਣ ਹੇਜਲਾ ਮਾਰੂ ਫਿਰ ਡੰਗ ਬੇਲੀ।

-ਤੀਸ ਮਾਰ ਖਾਂ

# ਕਿਸਾਨ ਅੰਦੋਲਨ ਨੂੰ ਦਬਾਉਣ ਦੇ ਢੰਗ-ਤਰੀਕੇ ਨੇ ਲੋਕਤੰਤਰ ਨੂੰ ਸ਼ਰਮਸਾਰ ਕੀਤਾ : ਅਰਸ਼ੀ/ਮੌਲਵੀਵਾਲਾ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਅੰਦੋਲਨ ਕਰ ਰਹੇ ਕਿਸਾਨਾਂ ਉੱਤੇ ਭਾਜਪਾ ਸਰਕਾਰ ਦੇ ਇਸ਼ਾਰਿਆਂ 'ਤੇ ਕੇਂਦਰੀ ਸੁਰੱਖਿਆ ਬਲਾਂ ਤੇ ਹਰਿਆਣਾ ਪੁਲਸ ਵੱਲੋਂ ਕੀਤੇ ਗਏ ਅੰਨ੍ਹੇ ਤਸ਼ੱਦਦ ਨੇ ਕਿਸਾਨਾਂ ਨੂੰ ਆਪਣੇ ਹੀ ਦੇਸ਼ ਵਿੱਚ ਬੇਗਾਨੇ ਹੋਣ ਦਾ ਅਹਿਸਾਸ ਕਰਵਾ ਕੇ ਰੱਖ ਦਿੱਤਾ ਹੈ। ਦਿੱਲੀ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਨਾਲ ਕੀਤੇ ਗਏ ਵਾਅਦਿਆਂ ਤੋਂ ਮੁਕਰਨ ਮਗਰੋਂ ਮੁੜ ਤੋਂ ਉੱਠੇ ਕਿਸਾਨ ਅੰਦੋਲਨ ਨੂੰ ਕੇਂਦਰ ਅਤੇ ਹਰਿਆਣਾ ਸਰਕਾਰ ਵੱਲੋਂ ਕੁਚਲੇ ਜਾਣ ਦੇ ਢੰਗ-ਤਰੀਕਿਆਂ ਨੇ ਲੋਕਤੰਤਰ ਨੂੰ ਸ਼ਰਮਸਾਰ ਕਰਕੇ ਰੱਖ ਦਿੱਤਾ

23-FEB-PAGE-1.qxd 2/22/2024 10:17 PM Page 2



## ਨਾਇਬ ਤਹਿਸੀਲਦਾਰ ਦੀ ਅਗਵਾਈ 'ਚ ਚਾਂਬ 'ਚ ਲਾਇਆ ਕੈਂਪ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਸੂਬਾ ਸਰਕਾਰ ਦੀਆਂ ਹਦਾਇਤਾਂ 'ਤੇ ਜਿੱਥੇ ਪੰਜਾਬ ਦੇ ਵੱਖ-ਵੱਖ ਹਲਕਿਆਂ ਵਿੱਚ ਵੱਡੇ ਪੱਧਰ 'ਤੇ ਆਪ ਦੀ ਸਰਕਾਰ ਆਪ ਦੇ ਦੁਆਰ ਤਹਿਤ ਕੈਂਪ ਲਾਏ ਜਾ ਰਹੇ ਹਨ, ਉੱਥੇ ਹੀ ਧਰਮਕੋਟ ਹਲਕੇ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਵੱਖ-ਵੱਖ ਪਿੰਡਾਂ ਵਿੱਚ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ ਤੇ ਲੋਕਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਜਾ ਰਿਹਾ ਹੈ।ਇਸ ਲੜੀ ਦੇ ਅਧੀਨ ਪਿੰਡ ਚਾਂਬ ਵਿਖੇ ਗੁਰਤੇਜ ਸਿੰਘ ਗਿੱਲ ਨਾਇਬ ਤਹਿਸੀਲਦਾਰ ਕੋਟ ਈਸੇ ਖਾਂ ਦੀ ਅਗਵਾਈ ਵਿੱਚ ਕੈਂਪ ਲਾਇਆ ਗਿਆ। ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀ ਅਤੇ ਕ੍ਰਮਚਾਰੀ ਹਾਜ਼ਰ ਹੋਏ। ਇਸ ਦੌਰਾਨ ਵੱਡੀ ਗਿਣਤੀ ਵਿੱਚ ਇਸ ਕੈਂਪ ਦੌਰਾਨ ਪਹੁੰਚੇ ਲੋਕਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਗਿਆ।ਗੁਰਤੇਜ ਸਿੰਘ ਨਾਇਬ ਤਹਿਸੀਲਦਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲਾਏ ਜਾ ਰਹੇ ਇਨ੍ਹਾਂ ਕੈਂਪਾਂ ਦਾ ਲੋਕ ਵੱਧ ਤੋਂ ਵੱਧ ਲਾਭ ਉਠਾਉਣ, ਕਿਉਂਕਿ ਇਨ੍ਹਾਂ ਕੈਂਪਾਂ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਲੋਕਾਂ ਤੱਕ ਸਿੱਧੀ ਪਹੁੰਚ ਕਰ ਰਹੇ ਹਨ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਮੌਕੇ ਤੇ ਹੀ ਹੱਲ ਕਰ ਰਹੇ।

## ਭਾਜਪਾ ਵੱਲੋਂ ਜ਼ਿਲ੍ਹਾ ਅਹੁਦੇਦਾਰਾਂ ਦੀ ਲਿਸਟ ਜਾਰੀ

**ਜਗਰਾਉਂ (ਅਮਿਤ ਖੰਨਾ)**-ਭਾਜਪਾ ਵੱਲੋਂ ਲੋਕ ਸਭਾ ਚੋਣਾਂ ਨੂੰ ਦੇਖਦੇ ਹੋਏ ਜ਼ਿਲ੍ਹੇ ਦੇ ਅਹੁਦੇਦਾਰਾਂ ਦੀ ਲਿਸਟ ਜਾਰੀ ਕਰ ਦਿੱਤੀ ਗਈ ਹੈ। ਪੱਤਰਕਾਰਾਂ ਨੂੰ ਜ਼ਿਲ੍ਹਾ ਅਹੁਦੇਦਾਰਾਂ ਦੀ ਲਿਸਟ ਬਾਰੇ ਦੱਸਦੇ ਹੋਏ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸੇਵਾਮੁਕਤ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਭਾਜਪਾ ਨੂੰ ਮਜਬੂਤ ਬਣਾਉਣ ਲਈ ਅਹੁਦੇ ਦਿੱਤੇ ਗਏ ਹਨ, ਜਿਸ ਵਿੱਚ ਸੁਮਿਤ ਅਰੋੜਾ, ਹਨੀ ਗੋਇਲ, ਕ੍ਰਿਸ਼ਨ ਕੁਮਾਰ, ਬਾਲ ਕ੍ਰਿਸ਼ਨ ਗਰਗ, ਅੰਕੁਸ਼ ਧੀਰ, ਤਨਵੀਰ ਸਿੰਘ ਨੂੰ ਜ਼ਿਲ੍ਹਾ ਮੀਤ ਪ੍ਰਧਾਨ ਬਣਾਇਆ ਗਿਆ। ਡਾਕਟਰ ਰਜਿੰਦਰ ਸ਼ਰਮਾ, ਜਗਤਾਰ ਕੌੜਾ ਨੂੰ ਜ਼ਿਲ੍ਹਾ ਜਨਰਲ ਸੈਕਟਰੀ ਦਾ ਅਹੁਦਾ ਦਿੱਤਾ ਗਿਆ। ਜਸਪਾਲ, ਲਖਵਿੰਦਰ ਕੌਰ, ਜਤਿੰਦਰ ਤੂਰ, ਦਰਸ਼ਨ ਸਿੰਘ ਗਿੱਲ ਨੂੰ ਜ਼ਿਲ੍ਹਾ ਸੈਕਟਰੀ ਦਾ ਅਹੁਦਾ ਦਿੱਤਾ ਗਿਆ। ਰਾਜ ਵਰਮਾ ਨੂੰ ਜ਼ਿਲ੍ਹਾ ਕੈਸ਼ੀਅਰ, ਗੁਰਜੀਤ ਕੌਰ ਨੂੰ ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ, ਜਗਜੀਵਨ ਸਿੰਘ ਰਕਬਾ ਨੂੰ ਐਸ.ਸੀ ਮੋਰਚਾ ਦਾ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ। ਨਵੀਨ ਜੈਨ ਨੂੰ ਆਈਟੀ ਇੰਚਾਰਜ, ਜਤਿੰਦਰ ਤੂਰ ਅਤੇ ਵੀਰਪਾਲ ਕੌਰ ਨੂੰ ਆਈਟੀ ਕੋ ਦਾ ਇੰਚਾਰਜ ਲਾਇਆ ਗਿਆ। ਕਾਕਾ ਸਿੰਘ ਤੇ ਵਿਜੇ ਜੈਨ ਨੂੰ ਕਾਰਜਕਾਰਨੀ ਦਾ ਮੈਂਬਰ ਨਿਯੁਕਤ ਕੀਤਾ ਗਿਆ। ਕਨਵੀਨਰ ਵਿਵੇਕ ਗਰਗ ਤੇ ਗਗਨ ਗੋਇਲ ਨੂੰ ਟਰੇਡ ਸੈਲ, ਕਨਵੀਨਰ ਵਿਵੇਕ ਬਰਤਬਾਜ ਤੇ ਰਾਜ ਕੁਮਾਰ ਨੂੰ ਲੀਗਲ ਸੈਲ, ਕਨਵੀਨਰ ਸਤੀਸ਼ ਕਾਲੜਾ ਨੂੰ ਬੁੱਧੀਜੀਵੀ ਸੈੱਲ, ਕਨਵੀਨਰ ਐਡਵੋਕੇਟ ਅਮਰਜੀਤ ਸਿੰਘ ਲਾਂਬਾ ਤੇ ਰਜਿੰਦਰ ਸਿੰਘ ਢਿੱਲੋਂ ਨੂੰ ਹਿਊਮਨ ਰਾਈਟਸ ਸੈਲ, ਕਨਵੀਨਰ ਹਰਦੀਪ ਸਿੰਘ ਸੋਖੇ ਨੂੰ ਟਰਾਂਸਪੋਰਟ ਸੈਲ, ਕਨਵੀਨਰ ਕੇਬਲ ਹਠੂਰ ਨੂੰ ਲੇਬਰ ਸੈਲ, ਦਰਸ਼ਨ ਲਾਲ ਸ਼ਰਮਾ ਨੂੰ ਸੀਨੀਅਰ ਸਿਟੀਜ਼ਨ ਸੈੱਲ ਦੇ ਅਹੁਦੇਦਾਰ ਵਜੋਂ ਨਿਯੁਕਤ ਕੀਤਾ ਗਿਆ।

## ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਤੁਰੰਤ ਹੱਲ ਕਰੇ : ਜਥੇਦਾਰ ਬਘੌਰਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨੂੰ ਦਿੱਲੀ ਜਾਂਦਿਆਂ ਸ਼ੰਭੂ ਬਾਰਡਰ 'ਤੇ ਰੋਕਿਆ ਗਿਆ। ਸ਼ੰਭੂ ਬਾਰਡਰ ਨੂੰ ਇਸ ਖਟਰ ਸਰਕਾਰ ਨੇ ਵਾਹਘਾ ਬਾਰਡਰ ਵਾਲਾ ਰੰਗ ਚੜ੍ਹਿਆ ਹੈ। ਇਹ ਵਿਚਾਰ ਜਥੇਦਾਰ ਸੁਖਜੀਤ ਸਿੰਘ ਬਘੌਰਾ ਪ੍ਰੈਸ ਸਕੱਤਰ ਭਾਰਤੀ ਕਿਸਾਨ ਯੂਨੀਅਨ ਪੰਜਾਬ ਨੇ ਸ਼ੰਭੂ ਬਾਰਡਰ 'ਤੇ ਚੱਲ ਰਹੇ ਕਿਸਾਨ ਅੰਦੋਲਨ ਸਮੇਂ ਕਹੇ। ਉਨ੍ਹਾਂ ਕਿਹਾ ਕਿ ਬਾਰਡਰ ਤੇ ਇਸ ਮਾੜੀ ਸਰਕਾਰ ਨੇ ਘੱਟੋ-ਘੱਟ 200 ਨੌਜਵਾਨ ਪਲਾਸਟਿਕ ਦੇ ਬੰਬਾਂ ਨਾਲ ਜ਼ਖ਼ਮੀ ਕੀਤੇ ਹਨ ਅਤੇ ਇਕ ਕਿਸਾਨ ਸ਼ਹੀਦ ਹੋਇਆ ਹੈ। ਅੱਜ ਫਿਰ ਕੁਝ ਨੌਜਵਾਨ ਤੇ ਇੱਕ ਬਜ਼ੁਰਗ ਫੱਟੜ ਹੋਇਆ ਹੈ। ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਬਜ਼ੁਰਗ ਜੋ ਗੁਰਦਾਸਪੁਰ ਦਾ ਵਸਨੀਕ ਹੈ, ਉਸ ਦੀ ਬਾਂਹ ਟੁੱਟੀ ਹੈ। ਉਸ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਏ ਜਾ ਰਹੇ ਫ੍ਰੀ ਮੈਡੀਕਲ ਕੈਂਪ ਵਿੱਚ ਲਿਆਂਦਾ ਗਿਆ, ਉਸ ਨੂੰ ਪੱਟੀਆਂ ਨਾਲ ਬਾਂਹ ਦੀ ਪਟੀ ਕਰਕੇ ਐਂਬੂਲੈਂਸ ਵਿੱਚ ਰਾਜਪੁਰਾ ਦੇ ਹਸਪਤਾਲ ਵਿਚ ਦਾਖਲ ਕਰਾਇਆ ਗਿਆ, ਜੋ ਜੇਰੇ ਇਲਾਜ ਹੈ। ਅਖੀਰ ਵਿੱਚ ਜਥੇਦਾਰ ਸੁਖਜੀਤ ਸਿੰਘ ਬਘੌਰਾ ਨੇ ਕਿਹਾ ਭਾਜਪਾ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਪੰਜਾਬ ਨੇ ਪਹਿਲਾਂ ਵੀ ਸਿੰਘੂ ਬਾਰਡਰ ਦਿੱਲੀ ਵਿਖੇ ਪੁਰਾ ਡੇਢ ਸਾਲ ਸੰਘਰਸ਼ ਕੀਤਾ ਗਿਆ, ਉਸ ਟਾਈਮ ਕੇਂਦਰ ਸਰਕਾਰ ਨੇ ਵਿਸ਼ਵਾਸ਼ ਵਾਅਦਾ ਕੀਤਾ ਗਿਆ ਸੀ, ਜਿਸ ਤੋਂ ਮੁਨਕਰ ਹੋ ਗਈ ਹੈ। ਹੁਣ ਦੁਆਰਾ ਫਿਰ ਕਿਸਾਨਾਂ ਨੂੰ ਆਪਣੇ ਹੱਕੀ ਮੰਗਾਂ ਲਈ ਮਜਬੂਰ ਹੋਣਾ ਪਿਆ ਹੈ।

## ਝਾੜ ਸਾਹਿਬ ਕਾਲਜ 'ਚ ਮਨਾਇਆ ਅੰਤਰਰਾਸ਼ਟਰੀ ਮਾਂ ਬੋਲੀ ਦਿਹਾੜਾ

**ਸਮਰਾਲਾ/ਮਾਛੀਵਾੜਾ ਸਾਹਿਬ (ਸੁਰਜੀਤ ਸਿੰਘ/ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਚ ਕਾਲਜ ਪ੍ਰਿੰ: ਡਾ. ਰਜਿੰਦਰ ਕੌਰ ਦੀ ਅਗਵਾਈ ਵਿਚ ਵਿਦਿਆਰਥਣਾਂ ਅਤੇ ਟੀਚਰਾਂ ਨੇ ਮਿਲ ਕੇ ਅੰਤਰਰਾਸਟਰੀ ਮਾਂ ਬੋਲੀ ਦਿਵਸ ਮਨਾਇਆ। ਪੋਸਟ ਗੈਜੂਏਟ ਪੰਜਾਬੀ ਵਿਭਾਗ ਦੇ ਮੁਖੀ ਡਾ. ਮਹੀਪਇੰਦਰ ਕੌਰ ਤੇ ਪੰਜਾਬੀ ਸਾਹਿਤ ਸਭਾ, ਐਨਐਸਐਸ ਯੂਨਿਟ ਅਤੇ ਰੈਡ ਰਿਬਨ ਕਲੱਬ ਦੇ ਕਨਵੀਨਰ ਪ੍ਰੋ ਜਸਬੀਰ ਕੌਰ, ਪ੍ਰੋ. ਸੁਖਵਿੰਦਰ ਕੌਰ ਤੇ ਹਰਮੀਤ ਕੌਰ ਦੀ ਅਗਵਾਈ ਹੇਠ ਕਾਲਜ ਵਿਦਿਆਰਥਣਾਂ ਵੱਲੋਂ ਅੰਤਰਰਾਸਟਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਤ ਚੇਤਨਾ ਰੈਲੀ ਸ੍ਰੀ ਚਮਕੌਰ ਸਾਹਿਬ ਵਿਖੇ ਕੱਢੀ ਗਈ। ਇਸ ਰੈਲੀ ਵਿੱਚ ਵਿਦਿਆਰਥਣਾਂ ਨੇ ਮਾਂ ਬੋਲੀ ਨੂੰ ਬਚਾਉਣ ਦਾ ਨਾਅਰਾ ਲਗਾਇਆ। ਕਾਲਜ ਸਟਾਫ ਵੱਲੋਂ ਹਰੀ ਝੰਡੀ ਦੇ ਕੇ ਚੇਤਨਾ ਰੈਲੀ ਨੂੰ ਰਵਾਨਾ ਕੀਤਾ। ਇਸ ਮੌਕੇ ਵਿਦਿਆਰਥਣਾਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰ. ਡਾ. ਰਜਿੰਦਰ ਕੌਰ ਨੇ ਕਿਹਾ ਕਿ ਸਾਨੂੰ ਹਰ ਬੋਲੀ ਸਿੱਖਣੀ ਚਾਹੀਦੀ ਹੈ, ਪਰ ਪਹਿਲ ਆਪਣੀ ਮਾਤ ਭਾਸ਼ਾ ਨੂੰ ਹੀ ਦੇਣੀ ਚਾਹੀਦੀ ਹੈ। ਪੰਜਾਬੀ ਬੋਲੀ ਅਜਿਹੀਆਂ ਹੀ ਭਾਸ਼ਾਵਾਂ ਵਿਚੋਂ ਇੱਕ ਹੈ, ਜਿਸ ਨੂੰ ਆਪਣੇ ਮਾਣਮੱਤੇ ਸੱਭਿਆਚਾਰ ਦੀ ਮੁੰਹ ਬੋਲਦੀ ਤਸਵੀਰ ਦੇ ਰੂਪ ਵਿਚ ਜਾਣਿਆ ਜਾਂਦਾ ਹੈ। ਪੰਜਾਬੀ ਬੋਲੀ ਦਾ ਇਤਿਹਾਸ ਸਦੀਆਂ ਪੁਰਾਣਾ ਹੈ। ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਵਲੋਂ ਵਿਦਿਆਰਥਣਾਂ ਦੇ ਚੇਤਨਾ ਰੈਲੀ ਕੱਢਣ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਡਾ. ਸੁਨੀਤਾ ਕੌਸਲ, ਡਾ. ਰਣਜੀਤ ਕੌਰ, ਮੁਕੇਸ਼ ਸ਼ਰਮਾ, ਜਸਪਾਲ ਕੌਰ ਤੇ ਜਗਜੀਤ ਸਿੰਘ ਵੀ ਮੌਜੂਦ ਸਨ।

## ਚੰਡੀਗੜ੍ਹ ਮੇਅਰ ਦੀ ਚੋਣ 'ਚ ਆਪ ਦੀ ਜਿੱਤ 'ਤੇ ਵਿਰੋਧੀ ਬੁਖਲਾਹਟ 'ਚ : ਡਾ. ਸਰਾਂ

**ਜਗਰਾਉਂ (ਸੰਜੀਵ ਅਰੋੜਾ)**-ਚੰਡੀਗੜ੍ਹ ਮੇਅਰ ਦੀ ਚੋਣ ਨੂੰ ਲੈ ਕੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਸੁਣਾਏ ਫੈਸਲੇ ਅਨੁਸਾਰ ਰੱਦ ਕੀਤੀਆਂ 8 ਵੋਟਾਂ ਨੂੰ ਸਹੀ ਠਹਿਰਾਉਂਦੇ ਹੋਏ ਆਪ ਦੇ ਕੁਲਦੀਪ ਕੁਮਾਰ ਨੂੰ ਮੇਅਰ ਐਲਾਨਿਆ ਗਿਆ। ਸੁਪਰੀਮ ਕੋਰਟ ਦੇ ਇਸ ਫੈਸਲੇ ਦਾ ਸਵਾਗਤ ਕਰਦੇ ਹੋਏ ਜਗਰਾਉਂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ: ਮਨਦੀਪ ਸਿੰਘ ਸਰਾਂ ਨੇ ਕਿਹਾ ਕਿ ਸੱਚਾਈ ਦੀ ਜਿੱਤ ਹੋਈ ਹੈ। ਉਨ੍ਹਾ ਕਿਹਾ ਕਿ ਇਹ ਲੋਕਤੰਤਰ ਦੀ ਬਹੁਤ ਵੱਡੀ ਜਿੱਤ ਹੈ। ਉਨ੍ਹਾ ਕਿਹਾ ਕਿ ਚੰਡੀਗੜ੍ਹ ਮੇਅਰ ਦੀਆਂ ਚੋਣਾਂ ਨੂੰ ਲੈ ਕੇ ਭਾਜਪਾ ਵੱਲੋਂ ਕਈ ਤਰ੍ਹਾਂ ਦੇ ਹੱਥਕੰਡੇ ਅਪਣਾਏ ਗਏ, ਪਰ ਜਨਤਾ ਇਸ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾ ਕਿਹਾ ਕਿ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੀ ਭਾਜਪਾ ਨੂੰ ਮੂੰਹ ਦੀ ਖਾਣੀ ਪਵੇਗੀ। ਇਸ ਮੌਕੇ ਉਨ੍ਹਾ ਕਿਹਾ ਕਿ ਚੰਡੀਗੜ੍ਹ ਮੇਅਰ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਨਾਲ ਵਿਰੋਧੀ ਪਾਰਟੀਆਂ ਵਿੱਚ ਬੁਖਲਾਹਟ ਮਚੀ ਹੋਈ ਹੈ।

## ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਪੁਸਤਕ ਪ੍ਰਦਰਸ਼ਨੀ

**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਸਟੂਡੈਂਟ ਵੈੱਲਫੇਅਰ ਕੌਂਸਲ ਵੱਲੋਂ ਪੰਜਾਬੀ, ਹਿੰਦੀ ਵਿਭਾਗ ਤੇ ਕਾਲਜ ਲਾਇਬ੍ਰੇਰੀ ਦੇ ਸਹਿਯੋਗ ਨਾਲ਼ ਅੰਤਰਰਾਸ਼ਟਰੀ ਮਾਂ-ਬੋਲੀ ਦਿਵਸ ਨੂੰ ਸਮਰਪਤ ਪੁਸਤਕ ਪ੍ਰਦਰਸ਼ਨੀ ਲਗਾਈ ਗਈ।ਇਹ ਜਾਣਕਾਰੀ ਦਿੰਦਿਆਂ ਸਟੂਡੈਂਟ ਵੈੱਲਫੇਅਰ ਕੌਂਸਲ ਦੇ ਡੀਨ ਡਾ. ਅਮਨਦੀਪ ਕੁਲਾਰ ਨੇ ਦੱਸਿਆ ਕਿ ਇਸ ਪ੍ਰਦਰਸ਼ਨੀ ਰਾਹੀਂ ਜਿੱਥੇ ਵਿਦਿਆਰਥੀਆਂ ਨੂੰ ਮਾਂ-ਬੋਲੀ ਦੇ ਮਹੱਤਵ ਬਾਰੇ ਦੱਸਿਆ ਗਿਆ, ਉੱਥੇ ਕਿਤਾਬਾਂ ਰਾਹੀਂ ਮਾਂ-ਬੋਲੀ ਨਾਲ਼ ਜੁੜਨ ਲਈ ਵੀ ਪ੍ਰੇਰਿਆ ਗਿਆ।ਇਸ ਮੌਕੇ ਸਹਾਇਕ ਲਾਇਬ੍ਰੇਰੀਅਨ ਸ੍ਰੀ ਕੁਲਵੰਤ ਸਿੰਘ ਨੇ ਮਾਂ-ਬੋਲੀ ਦੇ ਮਹੱਤਵ ਬਾਰੇ ਆਪਣੇ ਵਿਚਾਰ ਵਿਦਿਆਰਥੀਆਂ ਨਾਲ਼ ਸਾਂਝੇ ਕੀਤੇ ਤੇ ਵਿਦਿਆਰਥੀਆਂ ਵੱਲੋਂ ਮਾਂ-ਬੋਲੀ ਨਾਲ਼ ਸੰਬੰਧਤ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ।ਇਸ ਮੌਕੇ ਪ੍ਰੋ. ਹਰਪ੍ਰੀਤ ਕੌਰ ਕਾਹਲੋਂ, ਪ੍ਰੋ. ਨਵਨੀਤ ਕੌਰ, ਜਰਨੈਲ ਸਿੰਘ ਤੇ ਸ਼੍ਰੀਮਤੀ ਨਿਸ਼ਾ ਦੇਵੀ ਹਾਜ਼ਰ ਸਨ।ਇਸ ਪ੍ਰਦਰਸ਼ਨੀ ਦੀ ਸਫ਼ਲਤਾ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਸਮੁੱਚੀ ਟੀਮ ਨੂੰ ਮੁਬਾਰਕਬਾਦ ਦਿੱਤੀ।

## ਕੇਂਦਰ ਪਹਿਲ ਦੇ ਅਧਾਰ 'ਤੇ ਕਿਸਾਨਾਂ ਦੇ ਮਸਲੇ ਹੱਲ ਕਰੇ : ਪਰਮਿੰਦਰ ਢੀਂਡਸਾ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕੇਂਦਰ ਸਰਕਾਰ ਕਿਸਾਨਾਂ ਦੇ ਮਸਲਿਆਂ ਨੂੰ ਤੁਰੰਤ ਹੱਲ ਕਰਨ ਦੀ ਪਹਿਲ ਕਰੇ। ਇਹ ਪ੍ਰਗਟਾਵਾ ਸਾਬਕਾ ਖਜ਼ਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਅੱਜ ਇਥੇ ਡਾਕਟਰ ਨਰਿੰਦਰ ਸਿੰਘ ਦੁੱਲਟ ਦੇ ਘਰ ਗੱਲਬਾਤ ਕਰਦਿਆਂ ਕੀਤਾ। ਉਨ੍ਹਾ ਕਿਹਾ ਕਿ ਕਿਸਾਨ ਜਥੇਬੰਦੀਆਂ ਵੀ ਇਕ ਮੰਚ 'ਤੇ ਇੱਕਠੀਆਂ ਹੋਣ। ਉਨ੍ਹਾ ਕਿਹਾ ਕਿ ਕਿਸਾਨੀ ਮੰਗਾਂ ਦਾ ਮਸਲਾ ਬੇਹੱਦ ਗੰਭੀਰ ਮਸਲਾ ਹੈ, ਇਸ ਲਈ ਕੇਂਦਰ ਨੂੰ ਮਿਲ ਬੈਠ ਕੇ ਇਸ ਦਾ ਹੱਲ ਕਰਨਾ ਚਾਹੀਦਾ ਹੈ। ਪਿਛਲੇ ਸਮੇਂ ਦੌਰਾਨ ਲੰਮਾ ਸਮਾਂ ਚੱਲੇ ਸੰਘਰਸ਼ ਤੋਂ ਬਾਅਦ ਭਾਵੇਂ ਕੇਂਦਰ ਸਰਕਾਰ ਨੇ ਤਿੰਨੇ ਕਾਲੇ ਕਾਨੂੰਨ ਤਾਂ ਰੱਦ ਕਰ ਦਿੱਤੇ ਸਨ ਪ੍ਰੰਤੂ ਐਮ. ਐੱਸ. ਪੀ. ਸਮੇਤ ਬਾਕੀ ਦੀਆਂ ਅਹਿਮ ਮੰਗਾਂ ਹਾਲੇ ਵੀ ਲਟਕ ਰਹੀਆਂ ਹਨ। ਇਸ ਲਈ ਦੇਸ਼ ਦੇ ਅੰਨਦਾਤੇ ਦੀ ਮੌਜੂਦਾ ਸਥਿਤੀ ਨੂੰ ਸਮਝ ਕੇ ਕੇਂਦਰ ਸਰਕਾਰ ਤੁਰੰਤ ਸਾਰੀਆਂ ਮੰਗਾਂ ਮੰਨੇ। ਢੀਂਡਸਾ ਨੇ ਸਮੁੱਚੀਆਂ ਕਿਸਾਨ ਜਥੇਬੰਦੀਆਂ ਨੂੰ ਇਕ ਮੰਚ 'ਤੇ ਇਕੱਠੇ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਕੇਂਦਰ ਉਤੇ ਜ਼ਿਆਦਾ ਦਬਾਅ ਬਣਾਉਣ ਲਈ ਕਿਸਾਨ ਜਥੇਬੰਦੀਆਂ ਦਾ ਇਕੱਠੀਆਂ ਹੋਣਾ ਬਹੁਤ ਜ਼ਰੂਰੀ ਹੈ। ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾ ਦੱਸਿਆ ਕੀ ਅਕਾਲੀ ਦਲਾਂ ਦੀ ਏਕਤਾ ਲਈ ਜੋ ਸੰਯੁਕਤ ਅਕਾਲੀ ਦਲ ਨੇ ਕਮੇਟੀ ਬਣਾਈ ਸੀ ਉਸ ਦੀ ਰਿਪੋਰਟ ਆ ਚੁੱਕੀ ਹੈ, ਜਲਦ ਹੀ ਪਾਰਟੀ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ ਵਲੋਂ ਇਸ ਮੁੱਦੇ 'ਤੇ ਫੈਸਲਾ ਲੈ ਲਿਆ ਜਾਵੇਗਾ। ਇਸ ਮੌਕੇ ਅਮਨਬੀਰ ਸਿੰਘ ਚੈਰੀ, ਅਕਾਲ ਕਾਲਜ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਜ਼ਿਲ੍ਹਾ ਪ੍ਰਧਾਨ ਸਤਿਗੁਰ ਸਿੰਘ ਨਮੋਲ, ਡਾ. ਨਰਿੰਦਰ ਸਿੰਘ ਦੁੱਲਟ, ਭੁਪਿੰਦਰ ਸਿੰਘ ਦੁੱਲਟ ਕੈਨੇਡਾ, ਅਦਾਕਾਰ ਜੱਸੀ ਲੌਂਗੋਵਾਲੀਆ, ਜਸਵਿੰਦਰ ਸਿੰਘ ਲਿਬੜਾ, ਅਵਤਾਰ ਸਿੰਘ ਦੁੱਲਟ, ਬਾਬਾ ਕੁਲਵੰਤ ਸਿੰਘ ਕਾਂਤੀ, ਨਵਦੀਪ ਗਰਗ, ਜੱਗੀ ਦੁੱਲਟ ਅਤੇ ਬਲਵਿੰਦਰ ਸਿੰਘ ਲਾਡੀ ਹਾਜ਼ਰ ਸਨ।

# ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੀ ਚੋਣ 3 ਨੂੰ

**ਲੁਧਿਆਣਾ (ਭਾਟੀਆ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੀ 2 ਸਾਲਾ (2024-2026) ਚੋਣ, ਜੋ 3 ਮਾਰਚ 2024 ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਹੋ ਰਹੀ ਹੈ, ਦੇ ਸੰਬੰਧ ਵਿੱਚ 21 ਫ਼ਰਵਰੀ ਤੱਕ ਪਹੁੰਚੀਆਂ ਨਾਮਜ਼ਦਗੀਆਂ ਦੀ ਪੜਤਾਲ ਉਪਰੰਤ ਉਮੀਦਵਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਗਈ ਹੈ। ਚੋਣ ਅਧਿਕਾਰੀ ਕੁਲਦੀਪ ਸਿੰਘ ਬੇਦੀ ਨੇ ਦੱਸਿਆ ਕਿ ਕੁੱਲ

23-Feb-PAGE-3.qxd 2/22/2024 10:43 PM Page 1



# 20 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਸਹਾਇਕ ਬੈਂਕ ਮੈਨੇਜਰ ਵਿਜੀਲੈਂਸ ਵੱਲੋਂ ਕਾਬੂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਨੂੰ ਨੱਥ ਪਾਉਣ ਦੇ ਮਕਸਦ ਨਾਲ ਜਸ਼ਨਦੀਪ ਸਿੰਘ, ਸਹਾਇਕ ਮੈਨੇਜਰ (ਫੀਲਡ ਅਫਸਰ) ਸਟੇਟ ਬੈਂਕ ਆਫ ਇੰਡੀਆ, ਨੂਰਪੁਰਬੇਦੀ, ਜ਼ਿਲ੍ਹਾ ਰੂਪਨਗਰ ਨੂੰ 20 ਹਜ਼ਾਰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜਮ ਨੂੰ ਨੰਦ ਲਾਲ ਵਾਸੀ ਪਿੰਡ ਬੁੰਗੜੀ, ਤਹਿਸੀਲ ਨੂਰਪੁਰਬੇਦੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਜਸ਼ਨਦੀਪ ਸਿੰਘ ਉਸ ਵੱਲੋਂ ਉਤਾਰੇ ਜਾ ਚੁੱਕੇ ਲੋਨ ਦਾ ਇਤਰਾਜ਼ਹੀਣਤਾ ਸਰਟੀਫੀਕੇਟ ਜਾਰੀ ਕਰਨ ਬਦਲੇ 40,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਐਸ.ਬੀ.ਆਈ., ਨੂਰਪੁਰਬੇਦੀ ਤੋਂ ਕਰਜ਼ਾ ਲਿਆ ਸੀ ਪਰ ਸਮੇਂ ਸਿਰ ਉਸ ਦੀ ਅਦਾਇਗੀ ਨਹੀਂ ਕਰ ਸਕਿਆ, ਜਿਸ 'ਤੇ ਐਸ.ਬੀ.ਆਈ. ਨੂਰਪੁਰਬੇਦੀ ਨੇ ਉਸਦੇ ਖਿਲਾਫ਼ ਸ੍ਰੀ ਅਨੰਦਪੁਰ ਸਾਹਿਬ ਦੀ ਅਦਾਲਤ ਵਿੱਚ ਕੇਸ ਦਾਇਰ ਕੀਤਾ। ਲੋਕ ਅਦਾਲਤ ਨੇ ਸ਼ਿਕਾਇਤਕਰਤਾ ਨੂੰ 7 ਲੱਖ ਰੁਪਏ ਜਮ੍ਹਾਂ ਕਰਵਾਉਣ ਦਾ ਹੁਕਮ ਦਿੱਤਾ, ਜੋ ਕਿ ਉਸ ਵੱਲੋਂ ਉਕਤ ਬੈਂਕ ਵਿੱਚ ਜਮ੍ਹਾਂ ਕਰਵਾ ਦਿੱਤੇ ਗਏ। ਬਾਅਦ ਵਿੱਚ ਇਸ ਕਰਜ਼ੇ ਸਬੰਧੀ ਐਨ.ਓ.ਸੀ. ਲੈਣ ਲਈ ਉਕਤ ਮੁਲਜਮ ਸਹਾਇਕ ਮੈਨੇਜਰ ਨੇ ਉਸ ਕੋਲੋਂ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਦੱਸਿਆ ਕਿ ਸੌਦਾ 40 ਹਜ਼ਾਰ ਰੁਪਏ ਵਿੱਚ ਤੈਅ ਹੋਇਆ ਹੈ। ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਮੁਲਜਮ ਜਸ਼ਨਦੀਪ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰਿਸ਼ਵਤ ਦੀ ਅੱਧੀ ਰਕਮ 20,000 ਰੁਪਏ ਲੈਂਦਿਆਂ ਕਾਬੂ ਕਰ ਲਿਆ।

# ਲਿਬਰੇਸ਼ਨ ਵੱਲੋਂ ਅੱਜ ਭਾਜਪਾ ਸਰਕਾਰਾਂ ਵਿਰੁੱਧ ਵਿਰੋਧ ਪ੍ਰਦਰਸ਼ਨ

**ਬਟਾਲਾ (ਤਰਲੋਕ ਬੱਗਾ)**- ਸੀ ਪੀ ਆਈ ਐਮ ਐਲ ਲਿਬਰੇਸ਼ਨ ਨੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਆਪਣੀ ਪਾਰਟੀ ਦੀ ਹਰਿਆਣਾ ਸਰਕਾਰ ਦੁਆਰਾ ਬੀਤੇ ਕਈ ਦਿਨਾਂ ਤੋਂ ਪੰਜਾਬ ਦੇ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਲਈ ਸਿੰਘੂ ਅਤੇ ਘਨੌਰੀ ਬਾਰਡਰ ਉਪਰ ਵੱਡੀਆਂ ਰੋਕਾਂ ਲਾ ਕੇ ਪੁਲਸ ਅਤੇ ਅਰਧ ਸੈਨਿਕਾਂ ਦੀ ਵੱਡੀ ਗਿਣਤੀ ਨਾਲ ਰੋਕਣ ਦੀ ਕਾਰਵਾਈ ਨੂੰ ਜਮਹੂਰੀ ਹੱਕਾਂ ਦੀ ਘੋਰ ਉਲੰਘਣਾ ਦੱਸਦਿਆਂ ਕਿਹਾ ਹੈ ਕਿ ਲਿਬਰੇਸ਼ਨ 23 ਫਰਵਰੀ ਨੂੰ ਕਿਸਾਨਾਂ ਦੇ ਹੱਕ ਵਿੱਚ ਅਤੇ ਭਾਜਪਾ ਸਰਕਾਰਾਂ ਵਿਰੁੱਧ ਵਿਰੋਧ ਪ੍ਰਦਰਸ਼ਨ ਕਰੇਗੀ। ਇਸ ਸਬੰਧੀ ਪ੍ਰੈਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਘਿਨੌਰੀ ਬਾਰਡਰ ਤੇ ਸ਼ੁਭਕਰਨ ਸਿੰਘ ਨੌਜਵਾਨ ਦੀ ਗੋਲੀ ਲੱਗਣ ਨਾਲ ਹੋਈ ਮੌਤ ਲਈ ਖੱਟਰ ਅਤੇ ਕੇਂਦਰ ਸਰਕਾਰ ਜ਼ਿੰਮੇਵਾਰ ਹਨ ਜੋ ਕਿਸਾਨਾਂ ਨਾਲ ਗੱਲਬਾਤ ਕਰਨ ਦੇ ਬਹਾਨੇ ਕਿਸਾਨ ਮੋਰਚੇ ਨੂੰ ਲੰਬਾ ਕਰ ਰਹੀ ਹੈ। ਜੇਕਰ ਭਾਜਪਾ ਦੀ ਡਬਲ ਇੰਜਣ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਦਾ ਜਲਦੀ ਕੀਤਿਆਂ ਕੋਈ ਹੱਲ ਨਾ ਕੀਤਾ ਅਤੇ ਤਾਂ ਇਸ ਨਾਲ ਇਨ੍ਹਾਂ ਬਾਰਡਰਾਂ 'ਤੇ ਮਹੌਲ ਹੋਰ ਜ਼ਿਆਦਾ ਵਿਗੜਨ ਦੀਆਂ ਸੰਭਾਵਨਾਵਾਂ ਹਨ। ਲਿਬਰੇਸ਼ਨ ਆਗੂ ਨੇ ਕਿਹਾ ਕਿ ਸਰਕਾਰ ਦੀਆਂ ਏਜੰਸੀਆਂ ਸ਼ੰਭੂ ਅਤੇ ਖਨੌਰੀ ਬਾਰਡਰ ਉਪਰ ਘੁਸਪੈਠ ਕਰਕੇ ਮਹੌਲ ਨੂੰ ਵਿਗਾੜ ਰਹੀਆਂ ਹਨ। ਜਿਸ ਉਪਰ ਕਿਸਾਨ ਆਗੂਆਂ ਨੂੰ ਗਹਿਰ ਗੰਭੀਰ ਹੋਣਾ ਚਾਹੀਦਾ ਹੈ ਅਤੇ ਕੇਂਦਰ ਸਰਕਾਰ ਦੇ ਕਿਸਾਨ ਸੰਘਰਸ਼ ਨੂੰ ਵੰਡਣ ਦੇ ਇਰਾਦਿਆਂ ਨੂੰ ਭਾਂਪਣਾ ਚਾਹੀਦਾ ਹੈ। ਕਰੀਬ 37 ਜਥੇਬੰਦੀਆਂ ਵਾਲੇ ਸੰਯੁਕਤ ਕਿਸਾਨ ਮੋਰਚੇ ਨੂੰ ਵੀ ਸਾਂਝੇ ਸੰਘਰਸ਼ ਦਾ ਸੱਦਾ ਦੇਣਾ ਚਾਹੀਦਾ ਹੈ ਤਾਂ ਜੋ ਕੇਂਦਰ ਸਰਕਾਰ ਦੀਆਂ ਮਜ਼ਦੂਰ ਕਿਸਾਨ ਵਿਰੋਧੀ ਸਾਜਸ਼ਾਂ ਨੂੰ ਫੇਲ੍ਹ ਕੀਤਾ ਜਾ ਸਕੇ।

# ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 5 ਲੱਖ ਸਲਾਨਾ ਮੁਫ਼ਤ ਇਲਾਜ ਦੀ ਸਹੂਲਤ

**ਗੁਰਦਾਸਪੁਰ, (ਜਨਕ ਮਹਾਜਨ)**

ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲਾਭਪਾਤਰੀ ਪਰਵਾਰਾਂ ਨੂੰ 5 ਲੱਖ ਰੁਪਏ ਸਲਾਨਾ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਯੋਜਨਾ ਤਹਿਤ ਸਿਹਤ ਵਿਭਾਗ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ 39 ਸਰਕਾਰੀ ਤੇ ਨਿੱਜੀ ਹਸਪਤਾਲ ਸੂਚੀਬੱਧ ਕੀਤੇ ਗਏ ਹਨ ਜਿੱਥੋਂ ਮੁਫ਼ਤ ਇਲਾਜ ਦੀ ਸਹੂਲਤ ਲਈ ਜਾ ਸਕਦੀ ਹੈ। ਜ਼ਿਲ੍ਹੇ ਦੇ ਸੂਚੀਬੱਧ ਹਸਪਤਾਲਾਂ ਦਾ ਵੇਰਵਾ ਦਿੰਦਿਆਂ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਨੇ ਦੱਸਿਆ ਕਿ ਜ਼ਿਲ੍ਹੇ ਦੇ 39 ਸੂਚੀਬੱਧ ਹਸਪਤਾਲਾਂ ਵਿੱਚ 12 ਸਰਕਾਰੀ ਸਿਹਤ ਸੰਸਥਾਵਾਂ ਮੁਫ਼ਤ ਇਲਾਜ ਲਈ ਸੂਚੀਬੱਧ ਹਨ, ਜਿਨ੍ਹਾਂ ਵਿੱਚ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ, ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ, ਸੀ.ਐੱਚ.ਸੀ. ਭਾਮ, ਸੀ.ਐੱਚ.ਸੀ. ਧਾਰੀਵਾਲ, ਸੀ.ਐੱਚ.ਸੀ. ਦੀਨਾਨਗਰ, ਸੀ.ਐੱਚ.ਸੀ. ਫ਼ਤਹਿਗੜ੍ਹ ਚੂੜੀਆਂ, ਸੀ.ਐੱਚ.ਸੀ. ਘੁਮਾਣ, ਸੀ.ਐੱਚ.ਸੀ. ਕਾਹਨੂੰਵਾਨ, ਸੀ.ਐੱਚ.ਸੀ. ਕਲਾਨੌਰ, ਸੀ.ਐੱਚ.ਸੀ. ਨੌਸ਼ਹਿਰਾ ਮੱਝਾ ਸਿੰਘ, ਸੀ.ਐੱਚ.ਸੀ. ਕਾਦੀਆਂ, ਕਮਿਊਨਿਟੀ ਹੈਲਥ ਸੈਂਟਰ ਡੇਰਾ ਬਾਬਾ ਨਾਨਕ ਸ਼ਾਮਲ ਹਨ। ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਦੇ 27 ਪ੍ਰਾਈਵੇਟ ਹਸਪਤਾਲ ਵੀ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਸੂਚੀਬੱਧ ਹਨ। ਇਨ੍ਹਾਂ ਪ੍ਰਾਈਵੇਟ ਹਸਪਤਾਲਾਂ ਵਿੱਚ ਅਕਾਸ਼ ਹਸਪਤਾਲ ਅਤੇ ਹਾਰਟ ਕੇਅਰ ਸੈਂਟਰ ਬਟਾਲਾ, ਬਾਬਾ ਦੀਪ ਸਿੰਘ ਹਸਪਤਾਲ ਅਲੀਵਾਲ ਰੋਡ ਬਟਾਲਾ, ਬਡਵਾਲ ਹਸਪਤਾਲ ਗੁਰਦਾਸਪੁਰ, ਬਾਹਰੀ ਹਸਪਤਾਲ ਦੀਨਾਨਗਰ, ਬਾਜਵਾ ਹਸਪਤਾਲ ਬਟਾਲਾ, ਬੀਬੀ ਕੌਲਾਂ ਜੀ ਹਸਪਤਾਲ ਫ਼ਤਹਿਗੜ੍ਹ ਚੂੜੀਆਂ, ਬੀ.ਜੇ.ਐੱਸ. ਬੱਲ ਮੈਮੋਰੀਅਲ ਹਸਪਤਾਲ ਬਟਾਲਾ, ਚੌਹਾਨ ਹਸਪਤਾਲ ਦੀਨਾਨਗਰ, ਛੀਨਾ ਹਸਪਤਾਲ ਬਟਾਲਾ, ਗੁਰਨੂਰ ਹਸਪਤਾਲ ਬਟਾਲਾ, ਗੁਰੂ ਨਾਨਕ ਸੁਪਰ ਸਪੈਸ਼ਲਿਟੀ ਹਸਪਤਾਲ ਘੁਮਾਣ, ਐੱਚ.ਏ.ਐੱਸ. ਛੀਨਾ ਹਸਪਤਾਲ ਬਟਾਲਾ, ਜੇ.ਸੀ. ਨੰਦਾ ਹਸਪਤਾਲ ਗੁਰਦਾਸਪੁਰ, ਕਾਹਲੋਂ ਹਸਪਤਾਲ, ਕਿਰਨ ਮੈਡੀਸਨ ਹਸਪਤਾਲ ਦੀਨਾਨਗਰ, ਕੋਹਲੀ ਹਸਪਤਾਲ ਧਾਰੀਵਾਲ, ਲਾਈਫ਼ ਕੇਅਰ ਹਸਪਤਾਲ ਅਤੇ ਆਈ ਕੇਅਰ ਸੈਂਟਰ ਕੋਟ ਯੋਗਰਾਜ, ਮਹਾਜਨ ਹਸਪਤਾਲ ਐਂਡ ਆਈ ਕੇਅਰ ਸੈਂਟਰ ਗੁਰਦਾਸਪੁਰ, ਨਿਊ ਮਹਾਜਨ ਹਸਪਤਾਲ ਫ਼ਤਹਿਗੜ੍ਹ ਚੂੜੀਆਂ, ਨਿਊ ਸ੍ਰੀ ਬਾਵਾ ਲਾਲ ਜੀ ਹਸਪਤਾਲ ਖੈਹਿਰਾ ਰੋਡ, ਰੰਧਾਵਾ ਮਲਟੀਸਪੈਸ਼ਲਿਟੀ ਹਸਪਤਾਲ ਬਟਾਲਾ, ਆਰ.ਪੀ. ਅਰੋੜਾ ਮੈਡੀਸਿਟੀ ਗੁਰਦਾਸਪੁਰ, ਸੰਧੂ ਹਸਪਤਾਲ ਬਟਾਲਾ, ਸਤਸਰ ਹਸਪਤਾਲ ਬਟਾਲਾ, ਸ. ਰਾਮ ਸਿੰਘ ਮੈਮੋਰੀਅਲ ਬੱਬਰ ਮਲਟੀਸਪੈਸ਼ਲਿਟੀ ਹਸਪਤਾਲ ਜੀਵਨਵਾਲ ਬੱਬਰੀ, ਸੁਰਜੀਤ ਹਸਪਤਾਲ ਕਲਾਨੌਰ ਅਤੇ ਵਿਆਨ ਮਲਟੀਸਪੈਸ਼ਲਿਟੀ ਹਸਪਤਾਲ ਬਟਾਲਾ ਸ਼ਾਮਲ ਹਨ। ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਨੇ ਦੱਸਿਆ ਕਿ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਕਾਰਡ ਜੇ-ਫਾਰਮ ਹੋਲਡਰ ਕਿਸਾਨ, ਰਜਿਸਟਰਡ ਉਸਾਰੀ ਕਿਰਤੀ, ਰਾਸ਼ਨ ਕਾਰਡ ਯੋਜਨਾ ਦੇ ਸਮਾਰਟ ਕਾਰਡ ਹੋਲਡਰ ਵਿਅਕਤੀ, ਰਜਿਸਟਰਡ ਛੋਟੇ ਵਪਾਰੀ ਅਤੇ ਯੈਲੋ/ਐਕਰੀਡੇਸ਼ਨ ਕਾਰਡ ਧਾਰਕ ਪੱਤਰਕਾਰ ਬਣਵਾ ਸਕਦੇ ਹਨ। ਉਨ੍ਹਾਂ ਉਪਰੋਕਤ ਕੈਟਾਗਰੀ ਦੇ ਲਾਭਪਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਨੇ ਅਜੇ ਤੱਕ 'ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਤਹਿਤ ਆਪਣੇ ਕਾਰਡ ਨਹੀਂ ਬਣਾਏ ਉਹ ਤੁਰੰਤ ਆਪਣੇ ਕਾਰਡ ਬਣਵਾ ਲੈਣ ਤਾਂ ਜੋ ਲੋੜ ਪੈਣ 'ਤੇ ਉਹ ਸਿਹਤ ਬੀਮਾ ਯੋਜਨਾ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਸਿਹਤ ਬੀਮਾ ਯੋਜਨਾ ਦੇ ਕਾਰਡ ਹੁਣ ਘਰ ਬੈਠੇ 'ਆਯੂਸ਼ਮਾਨ ਐਪ' ਰਾਹੀਂ ਵੀ ਬਣਾਏ ਜਾ ਸਕਦੇ ਹਨ। ਇਸ ਤੋਂ ਇਲਾਵਾ ਸੂਚੀਬੱਧ ਹਸਪਤਾਲਾਂ, ਸੇਵਾ ਕੇਂਦਰਾਂ ਅਤੇ ਸੀ.ਐੱਸ.ਸੀ. ਸੈਂਟਰਾਂ ਤੋਂ ਵੀ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਵੀ ਲਗਾਏ ਜਾ ਰਹੇ ਹਨ।

# ਦਰਿਆ ਬਿਆਸ ਦੇ ਧੁੱਸੀ ਕੰਢੇ ਲੱਖਾਂ ਦੀ ਕੀਮਤ ਵਾਲੇ ਰੁੱਖ ਪਏ ਲਵਾਰਸ ਹਾਲਤ 'ਚ

**ਗੁਰਦਾਸਪੁਰ,(ਜਨਕ ਮਹਾਜਨ)**

ਪੰਜਾਬ ਸਰਕਾਰ ਦੇ ਵਣ ਵਿਭਾਗ ਗੁਰਦਾਸਪੁਰ ਦੀ ਅਣਗਹਿਲੀ ਕਾਰਨ ਲੱਖਾਂ ਰੁਪਏ ਦੇ ਰੁੱਖ ਦਰਿਆ ਬਿਆਸ ਦੀ ਧੁੱਸੀ ਕੰਢੇ ਡਿਗ ਦੇ ਲਾਵਾਰਸ ਪਏ ਹਨ ਜਿਨ੍ਹਾਂ ਨੂੰ ਸ਼ਰਾਰਤੀ ਅਨੁਸਾਰ ਦਿਨ-ਬਦਿਨ ਟਹਿਣੇ-ਟਹਿਣੀਆਂ ਤੋੜ ਅਤੇ ਕੱਟ ਕੇ ਲੈ ਜਾ ਰਹੇ ਹਨ ਜਿਸ ਨਾਲ ਸਰਕਾਰ ਨੂੰ ਲੱਖਾਂ ਰੁਪਏ ਦਾ ਨੁਕਸਾਨ ਹੋ ਰਿਹਾ ਹੈ। ਜਾਣਕਾਰੀ ਅਨੁਸਾਰ ਪਿੰਡ ਦਲੇਲਪੁਰ ਖੇੜਾ ਤੋਂ ਡਰੇਨੇਜ ਵਿਭਾਗ ਦੇ ਰੈਸਟ ਹਾਊਸ ਤੱਕ ਲਗਭਗ ਇਕ ਕਿਲੋਮੀਟਰ ਸੜਕ 'ਤੇ ਕਾਫ਼ੀ ਰੁੱਖ ਡਿੱਗੇ ਪਏ ਹਨ। ਪਿਛਲੇ ਦਿਨੀਂ ਤੇਜ਼ ਮੀਂਹ ਹਨੇਰੀ ਅਤੇ ਦਰਿਆ ਬਿਆਸ ਵਿਚ ਆਏ ਹੜ੍ਹਾਂ ਕਾਰਨ ਦਰਿਆ ਬਿਆਸ ਦੀ ਧੁੱਸੀ ਕੰਢੇ ਦਊਵਾਲ ਨਾਕੇ ਤੋਂ ਲੈ ਕੇ ਬਿਆਨਪੁਰ ਤੱਕ ਕਾਫ਼ੀ ਰੁਖ ਡਿੱਗੇ ਪਏ ਹਨ। ਇਨ੍ਹਾਂ ਰੁੱਖਾਂ ਦੀ ਕੁਝ ਸ਼ਰਾਰਤੀ ਅਨਸਰ ਲੱਕੜੀ ਬਣਾ ਕੇ ਵੇਚ ਰਹੇ ਹਨ। ਡਰੇਨੇਜ ਵਿਭਾਗ ਦੇ ਰੈਸਟ ਹਾਊਸ ਨੇੜੇ ਕਾਫ਼ੀ ਰੁੱਖ ਦਰਿਆ ਦੇ ਮੰਡ ਵਾਲੀ ਸਾਈਡ ਵਿਚ ਅਤੇ ਰੈਸਟ ਹਾਊਸ ਤੋਂ ਦਲੇਲਪੁਰ ਖੇੜਾ ਪਿੰਡ ਵੱਲ ਵੱਡੀ ਗਿਣਤੀ ਵਿਚ ਰੁੱਖ ਦੋਵਾਂ ਪਾਸਿਆਂ ਤੋਂ ਡਿੱਗੇ ਪਏ ਹਨ। ਇਹ ਕੁਝ ਵਣ ਵਿਭਾਗ ਗੁਰਦਾਸਪੁਰ ਦੀ ਅਣਦੇਖੀ ਕਾਰਨ ਹੋ ਰਿਹਾ ਹੈ। ਮੌਕੇ 'ਤੇ ਵਣ ਵਿਭਾਗ ਦਾ ਧੁੱਸੀ 'ਤੇ ਕੋਈ ਵੀ ਅਧਿਕਾਰੀ ਇਨ੍ਹਾਂ ਰੁੱਖਾਂ ਬਾਰੇ ਜਾਣਕਾਰੀ ਦੇਣ ਲਈ ਨਹੀਂ ਮਿਲਿਆ। ਇਲਾਕਾ ਵਾਸੀਆਂ ਨੇ ਦੱਸਿਆ ਕਿ ਕਈ ਰੁੱਖ ਤਾਂ ਕਈ ਮਹੀਨਿਆਂ ਤੋਂ ਡਿੱਗੇ ਪਏ ਹਨ । ਲੋਕਾਂ ਦੀ ਮੰਗ ਹੈ ਕਿ ਵਣ ਵਿਭਾਗ ਇਨ੍ਹਾਂ ਡਿੱਗੇ ਪਏ ਰੁੱਖਾਂ ਨੂੰ ਜਲਦੀ ਤੋਂ ਜਲਦੀ ਬੋਲੀ ਰਾਹੀਂ ਵੇਚ ਦੇਵੇ ਜਾਂ ਚੁਕਵਾ ਕੇ ਆਪਣੇ ਸਟੋਰ ਆਦਿ ਵਿਚ ਲੈ ਜਾਵੇ ਤਾਂ ਜੋ ਸਰਕਾਰ ਦਾ ਹੋਰ ਨੁਕਸਾਨ ਨਾ ਹੋ ਸਕੇ। ਲੋਕਾਂ ਦੇ ਦੱਸਣ ਅਨੁਸਾਰ ਇਥੇ ਫਾਰਸਟ ਗਾਰਡ ਆਦਿ ਕੋਈ ਕਰਮਚਾਰੀ ਵੀ ਡਿਊਟੀ ਦਿੰਦੇ ਘੱਟ ਹੀ ਨਜ਼ਰ ਆਉਂਦੇ ਹਨ ਜਿਸ ਕਾਰਨ ਲੋਕ ਬਿਨ੍ਹਾਂ ਖੌਫ ਰੁਖ ਆਦਿ ਕੱਟ ਕੇ ਲੈ ਜਾਂਦੇ ਹਨ। ਇਲਾਕਾ ਵਾਸੀਆਂ ਦੀ ਪੰਜਾਬ ਸਰਕਾਰ ਤੇ ਵਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਹੈ ਕਿ ਇਨ੍ਹਾਂ ਡਿੱਗੇ ਪਏ ਰੁੱਖਾਂ ਨੂੰ ਜਲਦੀ ਤੋਂ ਜਲਦੀ ਚੁਕਿਆ ਜਾਵੇ।

# ਸਿੱਖ ਨੈਸ਼ਨਲ ਕਾਲਜ 'ਚ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ ਭਾਸ਼ਾ ਮੰਚ ਤੇ ਪੰਜਾਬੀ ਸਾਹਿਤ ਸਭਾ, ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਸਹਿਯੋਗ ਨਾਲ ਕੌਮਾਂਤਰੀ ਮਾਂ ਬੋਲੀ ਦਿਵਸ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਵਿਚਾਰ ਚਰਚਾ ਸਮਾਗਮ 'ਚ ਮੁੱਖ ਬੁਲਾਰੇ ਵੱਜੋਂ ਕਾਲਜ ਪ੍ਰਿੰਸੀਪਲ ਡਾ. ਹਰਪ੍ਰੀਤ ਸਿੰਘ ਹੁੰਦਲ ਨੇ ਸ਼ਿਰਕਤ ਕੀਤੀ। ਇਸ ਵਿਚਾਰ ਚਰਚਾ ਸਮਾਗਮ 'ਚ ਭਾਸ਼ਾ ਮੰਚ ਤੇ ਪੰਜਾਬੀ ਸਾਹਿਤ ਸਭਾ ਨਾਲ ਜੁੜੇ ਅਹੁਦੇਦਾਰਾਂ ਤੋਂ ਇਲਾਵਾ ਵਿਦਿਆਰਥੀਆਂ ਨੇ ਵੱਡੀ ਗਿਣਤੀ 'ਚ ਹਿੱਸਾ ਲਿਆ। ਮੰਚ ਦਾ ਸੰਚਾਲਨ ਕਰਦਿਆਂ ਪ੍ਰੋਫੈਸਰ ਹਰਸਿੰਦਰ ਸਿੰਘ ਨੇ ਕੌਮਾਂਤਰੀ ਦਿਹਾੜੇ ਦੇ ਪਿਛੋਕੜ ਬਾਰੇ ਚਾਨਣਾ ਪਾਇਆ। ਮੁੱਖ ਬੁਲਾਰੇ ਪ੍ਰਿੰਸੀਪਲ ਹਰਪ੍ਰੀਤ ਸਿੰਘ ਹੁੰਦਲ ਨੇ ਕਿਹਾ ਕਿ ਯੂਨੈਸਕੋ ਵੱਲੋਂ ਵਿਸ਼ਵ ਪੱਧਰ 'ਤੇ ਇਸ ਦਿਹਾੜੇ ਨੂੰ ਮਨਾਉਣ ਸਬੰਧੀ ਦਿੱਤੀ ਪ੍ਰਵਾਨਗੀ ਮਾਂ ਬੋਲੀ ਨੂੰ ਜਿਊਂਦਾ ਰੱਖਣ ਦਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ 'ਚ ਸੱਭਿਆਚਾਰਾਂ ਤੇ ਬੋਲੀਆਂ ਦੇ ਰਲੇਵੇਂ ਨਾਲ ਪੰਜਾਬੀ ਬੋਲੀ ਤੇ ਭਾਸ਼ਾ 'ਤੇ ਅਸਰ ਪੈ ਰਿਹਾ ਹੈ। ਜੇਕਰ ਮਾਂ ਬੋਲੀ ਪੰਜਾਬੀ ਨੂੰ ਜਿਊਂਦਾ ਰੱਖਣਾ ਹੈ ਤਾਂ ਸਰਕਾਰਾਂ ਦੇ ਨਾਲ ਨਾਲ ਸਾਨੂੰ ਸਾਰਿਆਂ ਨੂੰ ਸੁਚੇਤ ਹੋਣ ਦੀ ਲੋੜ ਹੈ। ਇਸ ਮੌਕੇ ਕਾਲਜ ਦੇ ਐਮ ਏ ਪੰਜਾਬੀ ਕਲਾਸ ਦੀਆਂ ਵਿਦਿਆਰਥਣਾਂ ਕੁਲਵਿੰਦਰ ਕੌਰ ਤੇ ਗੁਰਪਿੰਦਰ ਕੌਰ ਨੇ ਮਾਂ ਬੋਲੀ ਪੰਜਾਬੀ ਨੂੰ ਸਮਰਪਤ ਕਵਿਤਾਵਾਂ ਤੇ ਭਾਸ਼ਣ ਪੇਸ਼ ਕੀਤਾ। ਇਸ ਮੌਕੇ ਕਾਲਜ ਸਟਾਫ ਪ੍ਰੋਫੈਸਰ ਹਰਸਿੰਦਰ ਸਿੰਘ, ਡਾਕ

23-feb-PAGE-4.qxd 2/22/2024 10:35 PM Page 1

ਨਵਾਂ ਜ਼ਮਾਨਾ
ਸ਼ੁੱਕਰਵਾਰ, 23 ਫਰਵਰੀ 2024

# ਨੌਕਰੀਆਂ ਨੂੰ ਛਾਂਗਾ

ਦੇਸ਼ ਦੇ ਜਨਤਕ ਉਦਮਾਂ (ਪਬਲਿਕ ਇੰਟਰਪ੍ਰਾਈਜ਼ਿਜ਼) 'ਤੇ ਨਿਗਾਹ ਰੱਖਣ ਵਾਲੀ ਵੈੱਬਸਾਈਟ ਪੀ ਐੱਸ ਯੂ ਵਾਚ. ਕਾਮ ਦੀ 17 ਜੂਨ 2023 ਨੂੰ ਪ੍ਰਕਾਸ਼ਤ ਰਿਪੋਰਟ ਵਿਚ ਪਬਲਿਕ ਇੰਟਰਪ੍ਰਾਈਜ਼ਿਜ਼ ਸਰਵੇ ਰਿਪੋਰਟ 2022-23 ਤੋਂ ਪਤਾ ਲਗਦਾ ਹੈ ਕਿ 2012-13 ਤੋਂ ਲੈ ਕੇ 2021-22 ਦੌਰਾਨ ਜਨਤਕ ਉਦਮਾਂ ਵਿਚ ਨੌਕਰੀਆਂ ਕਿੰਨੀਆਂ ਤੇਜ਼ੀ ਨਾਲ ਘਟੀਆਂ ਹਨ। ਸਰਵੇ ਦੇ ਅੰਕੜਿਆਂ ਨੂੰ ਦਸੰਬਰ 2023 ਵਿਚ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਦੇ ਦਸਤਖਤਾਂ ਨਾਲ ਜਾਰੀ ਕੀਤਾ ਗਿਆ। ਰਿਪੋਰਟ ਦੱਸਦੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਾਰਜਕਾਲ ਤੋਂ ਪਹਿਲਾਂ ਮਾਰਚ 2013 ਵਿਚ 13,92, 650 ਪੱਕੇ ਮੁਲਾਜ਼ਮ ਸਨ ਤੇ ਉਹ 2022 ਵਿਚ ਘਟ ਕੇ 8,38,0490 ਰਹਿ ਗਏ, ਯਾਨੀਕਿ ਸਾਢੇ ਪੰਜ ਲੱਖ ਤੋਂ ਵੱਧ ਪੱਕੀਆਂ ਨੌਕਰੀਆਂ ਜਾਂਦੀਆਂ ਲੱਗੀਆਂ। ਇਸ ਦੇ ਉਲਟ ਠੇਕਾ ਮਜ਼ਦੂਰਾਂ ਦੀ ਹਿੱਸੇਦਾਰੀ ਵਧ ਕੇ 36 ਫੀਸਦੀ ਤੇ ਦਿਹਾੜੀਦਾਰਾਂ ਦੀ 6.6 ਫੀਸਦੀ ਹੋ ਗਈ ਹੈ। ਇਹ ਵੀ ਨਹੀਂ ਕਿ ਇਹ ਸਾਰੇ ਜਨਤਕ ਉਦਮ ਘਾਟੇ ਵਿਚ ਚੱਲ ਰਹੇ ਹਨ ਤੇ ਦੇਸ਼ 'ਤੇ ਬੋਝ ਬਣ ਰਹੇ ਹਨ। 2022-23 ਦੇ ਅੰਕੜਿਆਂ ਮੁਤਾਬਕ 10 ਚੋਟੀ ਦੇ ਉਦਮਾਂ ਨੇ 2.41 ਲੱਖ ਕਰੋੜ ਰੁਪਏ ਦਾ ਸ਼ੁੱਧ ਮੁਨਾਫਾ ਕਮਾਇਆ। ਐਕਸਾਈਜ਼ ਡਿਊਟੀ, ਕਸਟਮ ਡਿਊਟੀ, ਜੀ ਐੱਸ ਟੀ, ਕਾਰਪੋਰੇਟ ਟੈਕਸ ਤੇ ਵਿਆਜ ਦੇ ਤੌਰ 'ਤੇ ਕੇਂਦਰ ਸਰਕਾਰ ਦੇ ਖਜ਼ਾਨੇ ਵਿਚ 4.58 ਲੱਖ ਰੁਪਏ ਦਾ ਯੋਗਦਾਨ ਦਿੱਤਾ। ਪਿਛਲੇ ਇਕ ਦਹਾਕੇ ਵਿਚ ਜਿਨ੍ਹਾਂ ਜਨਤਕ ਉਦਮਾਂ ਵਿਚ ਸਭ ਤੋਂ ਵੱਧ ਨੌਕਰੀਆਂ ਦਾ ਨੁਕਸਾਨ ਹੋਇਆ, ਉਨ੍ਹਾਂ ਵਿਚ ਬੀ ਐੱਸ ਐੱਨ ਐੱਲ ਸਭ ਤੋਂ ਉੱਪਰ ਹੈ, ਜਿਸ ਵਿਚ ਕਰੀਬ ਇਕ ਲੱਖ 80 ਹਜ਼ਾਰ ਨੌਕਰੀਆਂ ਖਤਮ ਕੀਤੀਆਂ ਗਈਆਂ। ਉਸ ਤੋਂ ਬਾਅਦ ਸਟੀਲ ਅਥਾਰਟੀ ਆਫ ਇੰਡੀਆ ਤੇ ਐੱਮ ਟੀ ਐੱਨ ਐੱਲ ਦਾ ਨੰਬਰ ਹੈ, ਜਿਨ੍ਹਾਂ ਵਿਚ 30-30 ਹਜ਼ਾਰ ਨੌਕਰੀਆਂ ਖਤਮ ਕੀਤੀਆਂ ਗਈਆਂ। ਤੇਲ ਤੇ ਕੁਦਰਤੀ ਗੈਸ ਦੇ ਉਦਮ ਓ ਐੱਨ ਜੀ ਸੀ ਨੂੰ ਸੋਨੇ ਦਾ ਆਂਡਾ ਦੇਣ ਵਾਲੀ ਮੰਨਿਆ ਜਾਂਦਾ ਹੈ, ਪਰ ਉਸ ਨੂੰ ਵੀ ਸਰਕਾਰ ਹਲਾਲ ਕਰਨ 'ਤੇ ਤੁਲੀ ਹੋਈ ਹੈ ਤਾਂ ਉਸ ਵਿਚ ਨਿੱਜੀ ਖੇਤਰ ਦੀ ਹਿੱਸੇਦਾਰੀ ਵਧਾਉਣਾ ਚਾਹੁੰਦੀ ਹੈ।

ਲਾਭ ਕਮਾਉਣ ਵਾਲੀਆਂ ਜਨਤਕ ਕੰਪਨੀਆਂ ਨੇ 2022-23 ਵਿਚ 2.6 ਲੱਖ ਕਰੋੜ ਦਾ ਲਾਭ ਕਮਾਇਆ ਅਤੇ ਘਾਟੇ ਵਾਲੀਆਂ ਨੇ 1.5 ਲੱਖ ਕਰੋੜ ਦਾ ਘਾਟਾ ਖਾਧਾ। ਇਸ ਤਰ੍ਹਾਂ ਕੁੱਲ ਮਿਲਾ ਕੇ ਜਨਤਕ ਉਦਮ ਅਜੇ ਵੀ ਕਾਫੀ ਕਮਾਈ ਕਰਕੇ ਦੇ ਰਹੇ ਹਨ, ਪਰ ਮੋਦੀ ਸਰਕਾਰ ਦੇ ਕਾਰਪੋਰੇਟ ਪ੍ਰੇਮ ਦਾ ਨਤੀਜਾ ਹੈ ਕਿ ਪਹਿਲਾਂ ਏਅਰ ਇੰਡੀਆ ਦੇ ਨਾਲ ਇੰਡੀਅਨ ਏਅਰਲਾਈਨਜ਼ ਨੂੰ ਰਲਾ ਕੇ ਉਸ ਨੂੰ ਘਾਟੇ ਵਿਚ ਦਿਖਾਇਆ ਤੇ ਫਿਰ ਟਾਟਾ ਗਰੁੱਪ ਨੂੰ ਵੇਚ ਦਿੱਤਾ। ਬੀ ਐੱਸ ਐੱਨ ਐੱਲ ਬਾਰੇ ਘਾਟੇ ਦੇ ਸੌਦੇ ਦੀ ਧਾਰਨਾ ਬਣਾ ਕੇ ਉਸ ਨੂੰ ਨਿੱਜੀ ਹੱਥਾਂ ਵਿਚ ਦੇਣ ਦੀਆਂ ਗੋਂਦਾਂ ਗੁੰਦੀਆਂ ਜਾ ਰਹੀਆਂ ਹਨ।

ਨਿਸਚਿਤ ਤੌਰ 'ਤੇ ਲੋਕ ਸਭਾ ਚੋਣਾਂ ਵਿਚ ਬੇਰੁਜ਼ਗਾਰੀ ਸਭ ਤੋਂ ਵੱਡਾ ਮੁੱਦਾ ਹੈ। ਵਿਦਿਆਰਥੀ ਤੇ ਨੌਜਵਾਨ ਜਥੇਬੰਦੀਆਂ ਬੇਰੁਜ਼ਗਾਰੀ ਨੂੰ ਚੋਣਾਂ 'ਚ ਵੱਡਾ ਮੁੱਦਾ ਬਣਾਉਣ ਲਈ ਸਰਗਰਮ ਹਨ। ਰਾਹੁਲ ਗਾਂਧੀ ਦੀ 'ਭਾਰਤ ਜੋੜੋ ਨਿਆਏ ਯਾਤਰਾ' ਦਾ ਲੋਕਾਂ, ਖਾਸਕਰ ਨੌਜਵਾਨਾਂ ਵੱਲੋਂ ਵੱਡੀ ਗਿਣਤੀ ਵਿਚ ਸਵਾਗਤ ਕਰਨਾ ਦੱਸਦਾ ਹੈ ਕਿ ਲੋਕ ਸਮਝਣ ਲੱਗ ਪਏ ਹਨ ਕਿ 'ਜੈ ਸ੍ਰੀ ਰਾਮ' ਦੇ ਨਾਅਰਿਆਂ ਨੇ ਰੋਟੀ ਨਹੀਂ ਦੇਣੀ।

## ਜਿੱਤ ਦੀ ਮਾਂ ਏਕਤਾ

ਧਨੀ ਅਕਲ ਦਾ ਆਗੂ ਹੀ ਸ਼ਫ਼ਲ ਹੋਵੇ,
ਹੂੜ੍ਹਮੱਤੀਆ 'ਜਾਲ' ਵਿੱਚ ਫਸਦਾ ਏ।
ਕਦਮ ਵੱਖ ਅਗਵਾਈ ਤੋਂ ਚੁੱਕਦਾ ਜੋ,
ਜਾਣੋ ਮਿਸ਼ਨ ਦੇ ਨਮਦੇ ਹੀ ਕੱਸਦਾ ਏ।
ਪਾਟੋ-ਧਾੜ ਹੋਈ ਦੇਖ ਜੁਝਾਰੂਆਂ ਦੀ,
ਹਾਕਮ ਹਾਸੀ ਹੰਕਾਰ ਦੀ ਹੱਸਦਾ ਏ।
ਕਾਮਯਾਬੀ ਤੋਂ ਸਦਾ ਉਹ ਦੂਰ ਰਹਿੰਦੇ,
ਫਿਕਰ ਜਿਨ੍ਹਾਂ ਨੂੰ 'ਆਪਣੇ' ਜੱਸ ਦਾ ਏ।
ਰਣ ਵਿੱਚ ਜੂਝਦੇ ਭਾਈਆਂ ਤੋਂ ਦੂਰ ਬੈਠਾ,
ਸਮਝੋ ਆਪਣੇ ਫਰਜ਼ਾਂ ਤੋਂ ਨੱਸਦਾ ਏ।
ਬਿਨਾਂ ਏਕਤਾ ਕਦੇ ਨਹੀਂ ਜਿੱਤ ਮਿਲਦੀ,
ਇਹ ਇਤਿਹਾਸ ਸੰਘਰਸ਼ਾਂ ਦਾ ਦੱਸਦਾ ਏ।

**ਤਰਲੋਚਨ ਸਿੰਘ ਦੁਪਾਲਪੁਰ, 78146-92724**

# ਅਕਾਲੀ ਦਲ ਨੂੰ ਨਾ ਖੁਦਾ ਹੀ ਮਿਲਾ, ਨਾ ਵਿਸਾਲ-ਏ-ਸਨਮ...!

ਸੁਰਜੀਤ ਸਿੰਘ

ਲੋਕ ਸਭਾ ਚੋਣਾਂ ਦੇਸ਼ ਦੀਆਂ ਬਰੂਹਾਂ 'ਤੇ ਹਨ। ਸਿਆਸਤ ਵਿਚ ਜੋੜ-ਤੋੜ ਸ਼ੁਰੂ ਹੋ ਗਏ ਹਨ। ਆਯਾ ਰਾਮ ਅਤੇ ਗਯਾ ਰਾਮ ਦਾ ਬੋਲਬਾਲਾ ਹੋ ਰਿਹਾ ਹੈ। ਕਾਂਗਰਸ ਵਲੋਂ ਕੁਝ ਸਿਆਸੀ ਪਾਰਟੀਆਂ ਨੂੰ ਇਕੱਠਾ ਕਰਕੇ 'ਇੰਡੀਆ' ਗਠਬੰਧਨ ਤਿਆਰ ਕੀਤਾ ਗਿਆ ਹੈ, ਜੋ ਸ਼ੁਰੂਆਤ ਵਿਚ ਹੀ ਕਮਜ਼ੋਰ ਪਿਆ ਜਾਪਦਾ ਹੈ, ਕਿਉਂਕਿ ਉਸ ਕਿਸ਼ਤੀ ਵਿਚੋਂ ਨੀਤੀਸ਼ ਕੁਮਾਰ ਵਰਗੇ ਕੁਝ ਮੌਕਾਪ੍ਰਸਤ ਸਿਆਸਦਾਨ ਛਾਲ ਮਾਰ ਕੇ ਐੱਨ ਡੀ ਏ ਦੀ ਕਿਸ਼ਤੀ ਵਿਚ ਜਾ ਬੈਠੇ। ਪੱਛਮੀ ਬੰਗਾਲ ਵਿਚ ਮਮਤਾ ਬੈਨਰਜੀ ਆਪਣੇ ਤੌਰ ਤੇ ਅਤੇ ਪੰਜਾਬ ਵਿਚ ਕਾਂਗਰਸ ਨੇ ਆਮ ਆਦਮੀ ਪਾਰਟੀ ਨਾਲ ਮਿਲ ਕੇ ਚੋਣਾਂ ਲੜਨ ਤੋਂ ਇਨਕਾਰ ਕਰ ਦਿੱਤਾ ਹੈ। ਮਮਤਾ ਬੈਨਰਜੀ, ਕਾਂਗਰਸ ਅਤੇ ਆਮ ਆਦਮੀ ਪਾਰਟੀ ਜੇਕਰ ਆਪੋ-ਆਪਣੇ ਰਾਜਾਂ ਵਿਚ ਇਕੱਲੇ ਤੌਰ 'ਤੇ ਚੋਣਾਂ ਲੜ ਰਹੇ ਹਨ ਤਾਂ ਇਸ ਦਾ ਅਰਥ ਇਹ ਨਹੀਂ ਕੱਢਿਆ ਜਾਣਾ ਚਾਹੀਦਾ ਕਿ ਉਹ ਐੱਨ ਡੀ ਏ ਦੇ ਨਾਲ ਸਾਂਝ ਪਾ ਰਹੇ ਹਨ। ਅਸਲ ਵਿਚ ਮਮਤਾ ਦਾ ਪੱਛਮੀ ਬੰਗਾਲ ਵਿਚ ਅਤੇ ਕਾਂਗਰਸ ਤੇ ਆਮ ਆਦਮੀ ਪਾਰਟੀ ਦਾ ਪੰਜਾਬ ਵਿਚ ਆਪੋ-ਆਪਣੀ ਹੋਂਦ ਨੂੰ ਬਰਕਰਾਰ ਰੱਖਣ ਦਾ ਸਵਾਲ ਹੈ।

ਜੇਕਰ ਮਮਤਾ ਬੈਨਰਜੀ ਪੱਛਮੀ ਬੰਗਾਲ ਵਿਚ ਖੱਬੇ-ਪੱਖੀ ਅਤੇ ਕਾਂਗਰਸ ਨਾਲ ਮਿਲਦੀ ਹੈ ਤਾਂ ਉਸ ਦੇ ਕੇਡਰ ਨੂੰ ਖੋਰਾ ਲੱਗਣਾ ਸੁਭਾਵਕ ਹੈ, ਕਿਉਂਕਿ ਤਿੰਨੇ ਪਾਰਟੀਆਂ ਇੱਕ-ਦੂਜੇ ਦੀਆਂ ਧੁਰ ਵਿਰੋਧੀ ਹਨ। ਇਹਨਾਂ ਨੂੰ ਪਛਾੜ ਕੇ ਮਮਤਾ ਬੈਨਰਜੀ ਦੀ ਤ੍ਰਿਣਮੂਲ ਕਾਂਗਰਸ ਆਪਣੇ ਬਲਬੂਤੇ 'ਤੇ ਸੱਤਾ ਵਿਚ ਆਈ। ਇਸੇ ਤਰਾਂ ਪੰਜਾਬ ਵਿਚ ਵੀ ਆਮ ਆਦਮੀ ਪਾਰਟੀ ਰਵਾਇਤੀ ਪਾਰਟੀਆਂ ਕਾਂਗਰਸ ਅਤੇ ਅਕਾਲੀ ਦਲ ਨੂੰ ਹਰਾ ਕੇ ਸੱਤਾ ਵਿਚ ਆਈ ਹੈ। ਇਸ ਤਰ੍ਹਾਂ ਕਾਂਗਰਸ ਨੂੰ ਲਗਦਾ ਹੈ ਕਿ ਆਮ ਆਦਮੀ ਪਾਰਟੀ ਦਾ ਸੱਤਾ ਵਿਚ ਰਹਿੰਦਿਆਂ ਐਂਟੀ ਇਨਬੈਂਸੀ ਕਾਰਣ ਗ੍ਰਾਫ ਗਿਰ ਰਿਹਾ ਹੈ। ਦੋਹਾਂ ਪਾਰਟੀਆਂ ਇਸ ਕਰਕੇ ਆਪੋ ਆਪਣੇ ਪਲੇਟਫਾਰਮ 'ਤੇ ਚੋਣ ਲੜਨ ਨੂੰ ਤਰਜੀਹ ਦੇ ਰਹੀਆਂ ਹਨ ਕਿ ਉਹਨਾਂ ਦਾ ਕੇਡਰ ਟੁੱਟ ਨਾ ਜਾਵੇ। ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੀ ਖੇਤਰੀ ਪਾਰਟੀ ਦੇ ਨਾਲ-ਨਾਲ ਪੰਜਾਬ ਦੀ ਮਾਂ ਪਾਰਟੀ ਕਰਕੇ ਵੀ ਜਾਣਿਆ ਜਾਂਦਾ ਹੈ। ਇਹ ਪੰਜਾਬ ਵਿਚ ਭਾਜਪਾ ਨਾਲ ਮਿਲ ਕੇ ਲੰਮੇ ਸਮੇਂ 2007 ਤੋਂ 2017 ਤੱਕ ਸੱਤਾ 'ਤੇ ਕਾਬਜ਼ ਰਹੀ। ਅਕਾਲੀ ਦਲ 'ਵੱਡੇ ਭਾਈ' ਦੀ ਭੂਮਿਕਾ ਵਿਚ ਅਤੇ ਭਾਜਪਾ ਬੜੀ ਅਦਬੀਅਤ ਨਾਲ 'ਛੋਟਾ ਭਾਈ' ਬਣ ਕੇ ਸੀਸ ਨਿਵਾ ਕੇ ਚਲਦੀ ਰਹੀ। ਦੋਵੇਂ ਸੱਤਾ ਦੀ ਮਜਬੂਰੀ ਕਾਰਨ ਇੱਕ-ਦੂਜੇ ਦੇ ਐਨੇ ਕੁ ਵਫਾਦਾਰ ਰਹੇ ਕਿ ਕਦੇ ਦੋਹਾਂ ਵਿਚ ਤਲਖੀ ਨਹੀਂ ਆਈ, ਜਦਕਿ ਭਾਜਪਾ ਦਾ ਹੇਠਲਾ ਕੇਡਰ ਇਹ ਸਵਾਲ ਚੁਕਦਾ ਰਿਹਾ ਕਿ ਉਹਨਾਂ ਦੀ ਤਾਂ ਸੱਤਾ ਦੇ ਗਲਿਆਰਿਆਂ ਵਿਚ ਕੋਈ ਪੁੱਛ-ਪਰਤੀਤ ਹੀ ਨਹੀਂ।

ਸੱਤਾ ਦੇ ਨਸ਼ੇ ਵਿਚ ਗਾਫਿਲ ਭਾਜਪਾ ਆਗੂਆਂ ਨੇ ਵੀ ਕਦੇ ਹੇਠਲੇ ਕੇਡਰ ਦੀਆਂ ਭਾਵਨਾਵਾਂ ਦੀ ਕਦਰ ਨਹੀਂ ਕੀਤੀ। ਸਾਲ 2007 ਵਿਚ ਜਦੋਂ ਸਰਸਾ ਡੇਰਾ ਦੇ ਮੁਖੀ ਰਾਮ ਰਹੀਮ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਦਾ ਬਾਣਾ ਪਾ ਕੇ ਸਿੱਖਾਂ ਦੇ ਮਨਾਂ ਨੂੰ ਵਲੂੰਧਰਿਆ ਅਤੇ ਬਾਅਦ ਵਿਚ ਅਕਾਲੀ ਦਲ ਵੱਲੋਂ ਉਸ ਨੂੰ ਮੁਆਫੀ ਦਿੱਤੀ ਤਾਂ ਆਮ ਸਿੱਖਾਂ ਦੇ ਮਨਾਂ 'ਚੋਂ ਅਕਾਲੀ ਦਲ ਖੁਰਨ ਲੱਗ ਪਿਆ। ਕੇਂਦਰ ਦੀ ਭਾਜਪਾ ਸਰਕਾਰ ਨੇ ਸਾਲ 2020 ਵਿਚ ਕੌਰੋਨਾ ਕਾਲ ਦੌਰਾਨ ਤਿੰਨ ਖੇਤੀ ਕਾਨੂੰਨ ਲਿਆਂਦੇ, ਜਿਸ ਕਾਰਣ ਕਿਸਾਨਾਂ ਦਾ ਵੱਡਾ ਅੰਦੋਲਨ ਖੜਾ ਹੋਇਆ। ਇਸ ਅੰਦੋਲਨ ਨੂੰ ਪੰਜਾਬ ਸਮੇਤ ਦੇਸ਼ ਭਰ ਦੇ ਹਰ ਵਰਗ ਦਾ ਵੱਡਾ ਸਮਰਥਨ ਮਿਲਿਆ, ਪਰ ਪੰਜਾਬ ਵਿਚ ਭਾਜਪਾ ਦੀ ਭਾਈਵਾਲ ਹੋਣ ਕਾਰਣ ਸ਼੍ਰੋਮਣੀ ਅਕਾਲੀ ਦਲ ਨੇ ਤਿੰਨ ਖੇਤੀ ਕਾਨੂੰਨਾਂ ਨੂੰ ਕਿਸਾਨਾਂ ਲਈ ਲਾਹੇਵੰਦ ਦੱਸਦਿਆਂ ਉਹਨਾਂ ਦੀ ਜੰਮ ਕੇ ਤਾਰੀਫ ਕੀਤੀ। ਉਹ ਕਿਹਾ ਕਿ ਇਹ ਕਾਨੂੰਨ ਤਾਂ ਕਿਸਾਨਾਂ ਲਈ ਵਰਦਾਨ ਹਨ। ਇਸ ਗੱਲ 'ਤੇ ਕਿਸਾਨ ਜਥੇਬੰਦੀਆਂ ਅਕਾਲੀ ਦਲ ਨਾਲ ਨਰਾਜ਼ ਹੋ ਗਈਆਂ ਅਤੇ ਉਹਨਾਂ ਨੇ ਪ੍ਰਕਾਸ਼ ਸਿੰਘ ਬਾਦਲ ਦੇ ਪਿੰਡ ਬਾਦਲ ਉਹਨਾ ਦੇ ਘਰ ਅੱਗੇ ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਇਸ ਤੋਂ ਖਫਾ ਹੋ ਕੇ ਅਕਾਲੀ ਦਲ ਨੇ ਆਪਣੀ ਹੋਂਦ ਬਚਾਉਣ ਲਈ ਯੂ-ਟਰਨ ਲੈ ਲੋਕਾਚਾਰੀ ਕਿਸਾਨਾਂ ਦੇ ਹੱਕ ਵਿਚ ਖੜ੍ਹਨ ਦਾ ਫੈਸਲਾ ਲੈ ਲਿਆ, ਪਰ ਰੂਹ ਭਾਜਪਾ ਨਾਲ ਹੀ ਰਹੀ। ਉਹਨਾਂ ਮਜਬੂਰੀਵਸ ਐੱਨ ਡੀ ਏ ਤੋਂ ਬਾਹਰ ਆਉਣ ਦਾ ਨਿਸ਼ਚਾ ਕਰ ਲਿਆ, ਜਿਸ ਕਾਰਨ ਹਰਸਿਮਰਤ ਕੌਰ ਬਾਦਲ ਨੂੰ ਕੇਂਦਰੀ ਮੰਤਰੀ ਦੇ ਅਹੁਦੇ ਤੋਂ ਹੱਥ ਧੋਣੇ ਪਏ।

ਭਾਜਪਾ ਦੇ ਜਾਣ ਨਾਲ ਅਕਾਲੀ ਦਲ ਖੁਦ ਨੂੰ ਇਕੱਲਾ ਮਹਿਸੂਸ ਕਰਨ ਲੱਗ ਪਿਆ। ਕੋਈ ਚਾਰਾ ਨਾ ਦੇਖ ਉਸ ਨੇ ਬਾਸਪਾ ਨਾਲ ਗਠਬੰਧਨ ਕਰਨ ਦਾ ਫੈਸਲਾ ਕੀਤਾ। ਜਦੋਂ ਇਹ ਗਠਬੰਧਨ ਸਿਰੇ ਚੜ੍ਹ ਗਿਆ ਤਾਂ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੇ ਬਹੁਤ ਹੀ ਭਾਵੁਕ ਹੋ ਕੇ ਬਸਪਾ ਸੁਪਰੀਮੋ ਮਾਇਆਵਤੀ ਨੂੰ ਫੋਨ ਕਰਕੇ ਕਿਹਾ -ਭੈਣ ਜੀ ਮੈਨੂੰ ਅੱਜ ਬਹੁਤ ਬਹੁਤ ਖੁਸ਼ੀ ਹੋਈ, ਜਿਵੇਂ ਉਨ੍ਹਾ ਨੂੰ ਤਿਣਕੇ ਦਾ ਸਹਾਰਾ ਮਿਲ ਗਿਆ ਹੋਵੇ। ਬਸਪਾ ਅਤੇ ਅਕਾਲੀ ਦਲ ਦਾ ਇਹ ਗਠਜੋੜ ਅਸਰ ਅੰਦਾਜ਼ ਸਾਬਿਤ ਨਹੀਂ ਹੋਇਆ। ਇਸ ਦਾ ਸਬੂਤ ਸਾਲ 2022 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਵਿਚ ਉਦੋਂ ਸਾਹਮਣੇ ਆਇਆ, ਜਦੋਂ ਆਮ ਆਦਮੀ ਪਾਰਟੀ ਹੱਥੋਂ ਗੱਠਜੋੜ ਦੀ ਸ਼ਰਮਨਾਕ ਹਾਰ ਹੋਈ, ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਨੂੰ ਦੋ ਅਤੇ ਬਸਪਾ ਨੂੰ ਮਹਿਜ਼ ਇੱਕ ਸੀਟ ਹੀ ਮਿਲੀ। ਇਸ ਹਾਰ ਤੋਂ ਅਕਾਲੀ ਦਲ ਦਾ ਬਸਪਾ ਤੋਂ ਮੋਹ ਭੰਗ ਹੋਣਾ ਸ਼ੁਰੂ ਹੋ ਗਿਆ। ਬਸਪਾ ਨੂੰ ਨਜ਼ਰਅੰਦਾਜ਼ ਕਰਕੇ ਅਕਾਲੀ ਦਲ ਦੇ ਆਗੂ ਭਾਜਪਾ ਨਾਲ ਗਠਜੋੜ ਸਬੰਧੀ ਪਰਦੇ ਪਿੱਛੇ ਤਾਲਮੇਲ ਕਰਦੇ ਰਹੇ। ਲੋਕਾਂ ਨੂੰ ਵੀ ਅਹਿਸਾਸ ਸੀ ਕਿ ਅਕਾਲੀ ਦਲ ਦਾ ਭਾਜਪਾ ਤੋਂ ਬਗੈਰ ਗੁਜ਼ਾਰਾ ਨਹੀਂ ਹੋਣਾ। ਅਕਾਲੀ ਦਲ ਦੀ ਭਾਜਪਾ ਨਾਲ ਨੇੜਤਾ ਨੂੰ ਭਾਂਪਦਿਆਂ ਬਸਪਾ ਵੀ ਉਸਲਵੱਟੇ ਲੈਣ ਲੱਗ ਪਈ ਅਤੇ ਉਹਨਾਂ ਨੂੰ ਹੋ ਗਿਆ ਕਿ ਇਹ ਗੱਠਜੋੜ ਹੁਣ ਟੁੱਟਣ ਵਾਲਾ ਹੈ। ਬਸਪਾ ਦੇ ਪੰਜਾਬ ਪ੍ਰਧਾਨ ਜਸਬੀਰ ਸਿੰਘ ਗੜ੍ਹੀ ਨੇ ਕੁਝ ਦਿਨ ਪਹਿਲਾਂ ਐਲਾਨ ਕਰ ਦਿੱਤਾ ਕਿ ਉਹ ਇਕੱਲੇ ਹੀ ਲੋਕ ਸਭਾ ਦੀਆਂ ਸਾਰੀਆਂ ਸੀਟਾਂ 'ਤੇ ਚੋਣ ਲੜਨਗੇ। ਕੁੱਝ ਦਿਨਾਂ ਬਾਅਦ ਬਸਪਾ ਨੂੰ ਅਕਾਲੀ ਦਲ ਦਾ ਫੇਰ ਹੇਜ ਜਾਗ ਪਿਆ ਅਤੇ ਉਹਨਾਂ ਫੇਰ ਕਿਹਾ ਕਿ ਨਹੀਂ ਅਸੀਂ ਤਾਂ ਇਕੱਠੇ ਹੀ ਹਾਂ ਅਤੇ ਲੋਕ ਸਭਾ ਦੇ ਚੋਣ ਮੈਦਾਨ ਵਿਚ ਇਕੱਠੇ ਹੀ ਰਹਾਂਗੇ। ਉੱਧਰ ਅਕਾਲੀ ਦਲ ਅਤੇ ਭਾਜਪਾ ਦੀ ਪਰਦੇ ਪਿੱਛੇ ਲੁਕਣ-ਮੀਟੀ ਚੱਲ ਹੀ ਰਹੀ ਸੀ। ਬਸਪਾ ਨੂੰ ਇਹ ਪੱਕਾ ਯਕੀਨ ਹੋ ਗਿਆ ਕਿ ਅਕਾਲੀ ਦਲ ਨਾਲ ਗੱਠਜੋੜ ਤਾਂ ਮੌਕਾਪ੍ਰਸਤੀ ਸੀ।

ਇਸ ਤਰ੍ਹਾਂ ਦੋਹਾਂ ਦਾ ਤੋੜ-ਵਿਛੋੜਾ ਹੋ ਗਿਆ। ਅਕਾਲੀ ਦਲ ਕੋਲ ਹੁਣ ਇੱਕੋ ਆਸ ਭਾਜਪਾ ਰਹਿ ਗਈ, ਉਹਨਾ ਭਾਜਪਾ ਨਾਲ ਪਹੁੰਚ ਕੀਤੀ। ਦੋਵੇਂ ਪਾਰਟੀਆਂ ਮੀਟਿੰਗ ਲਈ ਇਕੱਠੀਆਂ ਹੋਈਆਂ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਮੰਨ ਲਿਆ ਕਿ ਉਹਨਾ ਦੀ ਗੱਲਬਾਤ ਚੱਲ ਰਹੀ ਹੈ। ਭਾਜਪਾ ਪ੍ਰਧਾਨ ਸੁਨੀਲ ਜਾਖੜ ਦੀ ਅਗਵਾਈ ਵਿਚ ਗਠਜੋੜ ਲਈ ਗੱਲਬਾਤ ਜ਼ਰੂਰ ਹੋਈ, ਪਰ ਇਸ ਵਾਰ ਸੁਨੀਲ ਜਾਖੜ ਦੀ ਅਗਵਾਈ ਵਿਚ ਭਾਜਪਾ ਨੇ ਅਕਾਲੀ ਦਲ ਨੂੰ ਸਪੱਸ਼ਟ ਕਰ ਦਿੱਤਾ ਕਿ ਉਹ ਹੁਣ 'ਛੋਟੇ ਭਾਈ' ਦੀ ਭੂਮਿਕਾ ਵਿਚ ਨਹੀਂ ਰਹੇਗਾ, ਭਾਵੇਂ ਉਸ ਨੂੰ ਲੋਕ ਸਭਾ ਚੋਣਾਂ ਵਿਚ ਕੋਈ ਸੀਟ ਨਾ ਮਿਲੇ। ਲਿਹਾਜ਼ਾ ਲੋਕ ਸਭਾ ਚੋਣ ਲਈ ਸੀਟਾਂ ਦੀ ਵੰਡ ਨੂੰ ਲੈ ਕੇ ਰੌਲਾ ਪੈ ਗਿਆ ਅਤੇ ਗੱਲਬਾਤ ਅੱਧ-ਵਿਚਕਾਰ ਹੀ ਟੁੱਟ ਗਈ। ਵੈਸੇ ਵੀ ਭਾਜਪਾ ਕੇਡਰ ਦਾ ਮੰਨਣਾ ਹੈ ਕਿ ਅਕਾਲੀ-ਭਾਜਪਾ ਗੱਠਜੋੜ ਨਾਲ ਸਿਰਫ ਭਾਜਪਾ ਦੇ ਰਸੂਖਦਾਰ ਕੇਡਰ ਨੂੰ ਲਾਭ ਹੋਇਆ ਹੈ। ਆਮ ਹਿੰਦੂ ਦਾ ਕੁਝ ਨਹੀਂ ਸੰਵਰਿਆ। ਬਸਪਾ ਅਤੇ ਭਾਜਪਾ ਅਕਾਲੀ ਦਲ ਦੇ ਮੋਢੇ ਚੜ੍ਹ ਕਨ੍ਹੇੜੀ ਕੇ ਸੱਤਾ ਸੁੱਖ ਤਾਂ ਮਾਣ ਸਕਦੇ ਹਨ, ਪਰ ਉਹ ਪਾਰਟੀ ਤੌਰ 'ਤੇ ਕਦੇ ਮਜ਼ਬੂਤ ਨਹੀਂ ਹੋ ਸਕਦੇ।

ਵੈਸੇ ਵੀ ਸਹਾਰਾ ਅਕਸਰ ਆਦਮੀ ਨੂੰ ਕਮਜ਼ੋਰ ਹੀ ਬਣਾਉਂਦਾ ਹੈ। ਉੱਧਰ ਪੰਜਾਬ ਵਿਚ ਮੁੜ ਮੰਗਾਂ ਨੂੰ ਲੈ ਕੇ ਕਿਸਾਨ ਅੰਦੋਲਨ ਸ਼ੁਰੂ ਹੋ ਗਿਆ ਹੈ। ਹੁਣ ਅਕਾਲੀ ਦਲ ਚੁਰਾਹੇ 'ਤੇ ਖੜਾ ਹੈ। ਉਸ ਦੇ ਮੂੰਹ ਵਿਚ ਕੋਹੜ ਕਿਰਲੀ ਹੈ। ਉਹ 'ਮੈਂ ਇਧਰ ਜਾਊਂ ਜਾਂ ਉਧਰ ਜਾਊਂ' ਵਾਲੀ ਹਾਲਤ ਵਿਚ ਹੈ। ਜੇ ਉਹ ਇਸ ਸਮੇਂ ਕਿਸਾਨਾਂ ਨਾਲ ਖੜ੍ਹਦਾ ਹੈ ਤਾਂ ਭਾਜਪਾ ਨਰਾਜ਼ ਹੁੰਦੀ ਹੈ, ਜੇ ਭਾਜਪਾ ਨਾਲ ਜਾਂਦਾ ਹੈ ਤਾਂ ਉਸ ਦਾ ਕਿਸਾਨੀ ਵੋਟ ਬੈਂਕ ਖਿਸ

23-FEB-PAGE-5.qxd 2/22/2024 10:23 PM Page 1



# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਤੀਸਰੇ ਦਿਨ ਵੀ ਧਰਨੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੰਯੁਕਤ ਮੋਰਚਾ ਪੰਜਾਬ ਦੇ ਸੱਦੇ 'ਤੇ ਕ੍ਰਾਂਤੀਕਾਰੀ ਕਿਸਾਨ ਇਨ ਪੰਜਾਬ, ਆਈਪੀਡੀ ਪੰਜਾਬ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਬੀਕੇਯੂ ਮਾਨਸਾ, ਬੀਕੇਯੂ ਡਕੌਂਦਾ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਕਿਹਾ ਕਿ ਕੱਲ ਖਨੌਰੀ ਬਾਰਡਰ 'ਤੇ ਬੀਜੇਪੀ ਦੀ ਕੇਂਦਰ ਸਰਕਾਰ ਵੱਲੋਂ ਹੱਕ ਮੰਗਦੇ ਕਿਸਾਨਾਂ ਉੱਪਰ ਕੀਤੀ ਗਈ ਗੋਲਾਬਾਰੀ ਦੀ ਘਟਨਾ ਨੇ ਭਾਰਤ ਦੇ ਲੋਕਤੰਤਰ ਦੀਆਂ ਧੱਜੀਆਂ ਉਡਾ ਦਿੱਤੀਆਂ ਹਨ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਦਰਸ਼ਨ ਕਰਨਾ ਜਾ ਰਹੇ ਕਿਸਾਨਾਂ ਉੱਪਰ ਕੇਂਦਰ ਸਰਕਾਰ ਦੇ ਇਸ਼ਾਰੇ ਉੱਪਰ ਖੱਟੜ ਸਰਕਾਰ ਹਰਿਆਣਾ ਵੱਲੋਂ ਪ੍ਰਦਰਸ਼ਨਕਾਰੀਆਂ ਉੱਪਰ ਲਗਾਤਾਰ ਮਨੁੱਖਤਾ ਵਿਰੋਧੀ ਚਿਹਰਾ ਲੋਕਾਂ ਸਾਹਮਣੇ ਨੰਗਾ ਹੋਇਆ ਹੈ।ਹਰਿਆਣਾ ਸਰਕਾਰ ਨੇ ਇੰਟਰਨੈੱਟ ਬੰਦ ਕਰਕੇ ਧਰਨਾ ਦੇਣ ਜਾ ਰਹੇ ਕਿਸਾਨਾਂ ਉੱਪਰ ਲਗਾਤਾਰ ਜ਼ੁਲਮ ਕਰ ਰਹੀ ਹੈ, ਉਥੇ ਕਿਸਾਨਾਂ ਉੱਪਰ ਡਰੋਨਾਂ ਰਾਹੀਂ ਅੱਥਰੂ ਗੈਸ ਦੇ ਗੋਲੇ ਸੁੱਟੇ ਜਾ ਰਹੇ ਹਨ।ਵੱਡੀ ਗਿਣਤੀ 'ਚ ਕਿਸਾਨ ਲਗਾਤਾਰ ਜ਼ਖ਼ਮੀ ਹੋ ਰਹੇ ਹਨ। ਕੱਲ੍ਹ ਜਦ ਕਿਸਾਨ ਦਿੱਲੀ ਨੂੰ ਜਾ ਰਹੇ ਸਨ ਤਾਂ ਹਰਿਆਣਾ ਸਰਕਾਰ ਨੇਂ ਕਿਸਾਨਾਂ ਉੱਪਰ ਗੋਲੀਆਂ ਵਰ੍ਹਾ ਦਿੱਤੀਆਂ, ਜਿੱਥੇ ਇੱਕ ਕਿਸਾਨ ਸ਼ਹੀਦ ਹੋ ਗਿਆ ਤੇ ਕੁਝ ਕਿਸਾਨ ਜ਼ਖ਼ਮੀ ਹੋਏ।ਵੱਡੀ ਗਿਣਤੀ ਵਿਚ ਪੁਲਸ ਵੱਲੋਂ ਕਿਸਾਨਾਂ ਨੂੰ ਹਿਰਾਸਤ 'ਚ ਲਿਆ ਗਿਆ ਅਤੇ ਕਿਸਾਨਾਂ ਦੇ ਵਾਹਨਾਂ ਦੀ ਤੋੜ ਭੰਨ ਵੀ ਕੀਤੀ ਗਈ, ਜਿਸ ਦੀ ਸੰਯੁਕਤ ਕਿਸਾਨ ਮੋਰਚੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਾ ਹੈ।ਉਨ੍ਹਾ ਦੱਸਿਆ ਕਿ ਅੱਜ ਸੰਯੁਕਤ ਕਿਸਾਨ ਮੋਰਚੇ ਦੀ ਮੀਟਿੰਗ ਚੱਲ ਰਹੀ, ਜੋ ਵੀ ਫੈਸਲਾ ਆਵੇਗਾ, ਉਸ ਨੂੰ ਤਨੋਂ ਮਨੋਂ ਲਾਗੂ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਗੁਰਮੀਤ ਸਿੰਘ ਪੋਜੋ ਕੇ, ਪ੍ਰਵੀਨ ਕੌਰ ਬਾਜੇ ਕੇ, ਜਤਿੰਦਰ ਰੌਂਦੀ ਬਾਜ਼ੀਦਪੁਰ, ਗੁਰਸੇਵਕ ਸਿੰਘ ਖਵਾਜਾ ਖੜਕ, ਬੀਕੇਯੂ ਲੱਖੋਵਾਲ ਦੇ ਗੁਰਮੀਤ ਸਿੰਘ ਮੋਠਾਂਵਾਲਾ, ਬੀਕੇਯੂ ਮਾਨਸਾ ਦੇ ਮੇਜਰ ਸਿੰਘ, ਕੌਮੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਸੁਖਮੰਦਰ ਸਿੰਘ ਨੇ ਆਏ ਹੋਏ ਕਿਸਾਨਾਂ ਨੂੰ ਸੰਬੋਧਨ ਕੀਤਾ।

ਫਿਰੋਜ਼ਪੁਰ

ਜਗਰਾਉਂ

**ਜਗਰਾਉਂ (ਅਮਿਤ ਖੰਨਾ)** : ਸੰਯੁਕਤ ਕਿਸਾਨ ਮੋਰਚਾ ਦੇ ਸੱਦੇ 'ਤੇ ਤੀਜੇ ਦਿਨ ਵੀ ਚੌਕੀਮਾਨ ਟੋਲ ਪਲਾਜਾ ਪਰਚੀ ਮੁਕਤ ਰਿਹਾ। ਇਕੱਤਰ ਕਿਸਾਨਾਂ ਨੇ ਸਭ ਤੋਂ ਪਹਿਲਾਂ ਬੀਤੇ ਦਿਨੀਂ ਖਨੌਰੀ ਵਿਖੇ ਹਰਿਆਣਾ ਪੁਲਸ ਦੀ ਗੋਲੀ ਨਾਲ ਸ਼ਹੀਦ ਹੋਏ ਬਠਿੰਡਾ ਜ਼ਿਲ੍ਹੇ ਦੇ ਨੌਜਵਾਨ ਸ਼ੁਭਕਰਮਨ ਸਿੰਘ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।

ਰੈਲੀ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂਆਂ ਹਾਕਮ ਸਿੰਘ ਭੱਟੀਆਂ, ਇੰਦਰਜੀਤ ਸਿੰਘ ਧਾਲੀਵਾਲ, ਤਰਸੇਮ ਸਿੰਘ ਬੱਸੂਵਾਲ, ਜਗਜੀਤ ਸਿੰਘ ਕਲੇਰ, ਜਰਨੈਲ ਸਿੰਘ ਮੁੱਲਾਂਪੁਰ , ਜਮਹੂਰੀ ਕਿਸਾਨ ਸਭਾ ਦੇ ਆਗੂ ਬਲਰਾਜ ਸਿੰਘ ਕੋਟ ਉਮਰਾ, ਦਸਮੇਸ਼ ਕਿਸਾਨ ਮਜਦੂਰ ਯੂਨੀਅਨ ਦੇ ਆਗੂਆਂ ਰਣਜੀਤ ਸਿੰਘ ਗੁੜੇ, ਸੁਰਿੰਦਰ ਸਿੰਘ ਲੀਹਾਂ, ਬੇਅੰਤ ਸਿੰਘ ਦੇਹੜਕਾ, ਜਸਵਿੰਦਰ ਸਿੰਘ ਹੰਬੜਾਂ ਨੇ ਕਿਹਾ ਕਿ ਦੇਸ਼ ਭਰ ਦੇ ਸੰਘਰਸ਼ਸ਼ੀਲ ਕਿਸਾਨ ਕਿਸੇ ਵੀ ਤਰਾਂ ਮੋਦੀ ਅਤੇ ਖੱਟੜ ਹਕੂਮਤ ਨੂੰ ਨੌਜਵਾਨ ਦੀ ਲਈ ਬਲੀ ਅਤੇ ਸੈਂਕੜੇ ਕਿਸਾਨਾਂ ਨੂੰ ਜ਼ਖ਼ਮੀ ਕਰਨ ਦੇ ਦੋਸ਼ 'ਚ ਬਖਸ਼ੇਗੀ ਨਹੀਂ। ਉਨਾਂ ਕਿਹਾ ਕਿ ਹਰਿਆਣਾ ਦੇ ਬਾਰਡਰਾਂ ਤੇ ਸੰਘਰਸ਼ਸ਼ੀਲ ਕਿਸਾਨਾਂ 'ਤੇ ਜਬਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਮੂੰਹਤੋੜ ਜਵਾਬ ਦਿੱਤਾ ਜਾਵੇਗਾ।ਇਸ ਸਮੇਂ ਬੇਅੰਤ ਸਿੰਘ ਬਾਣੀਏਵਾਲ ਬਲਾਕ ਪ੍ਰਧਾਨ ਹੰਬੜਾਂ, ਬਲਬੀਰ ਸਿੰਘ ਲੋਪੋ, ਕੁੰਡਾ ਸਿੰਘ ਕਾਉਂਕੇ ਤੇ ਹਰਵਿੰਦਰ ਸਿੰਘ ਹੰਬੜਾਂ ਹਾਜ਼ਰ ਸਨ।

**ਬੁਢਲਾਡਾ (ਅਸ਼ੋਕ ਲਾਕੜਾ)** : ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬੀਜੇਪੀ ਆਗੂ ਜ਼ਿਲ੍ਹਾ ਪ੍ਰਧਾਨ ਰਕੇਸ਼ ਕੁਮਾਰ ਜੈਨ ਦੇ ਘਰ ਸਾਹਮਣੇ ਰੋਸ ਰੋਹ ਭਰਪੂਰ ਧਰਨਾ ਦਿੱਤਾ ਗਿਆ ਬੁਲਾਰਿਆਂ ਨੇ ਖਨੌਰੀ ਬਾਰਡਰ 'ਤੇ ਪੁਲਸ ਗੋਲੀ ਨਾਲ ਸ਼ਹੀਦ ਹੋਏ ਕਿਸਾਨ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਦਿੱਤੀ ਗਈ। ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਸੰਯੁਕਤ ਕਿਸਾਨ ਮੋਰਚੇ ਦੇ ਆਗੂ ਭਜਨ ਸਿੰਘ ਘੁੰਮਣ, ਅਮਰੀਕ ਸਿੰਘ ਫਫੜੇ, ਕੁਲਵੰਤ ਸਿੰਘ ਕਿਸ਼ਨਗੜ੍ਹ, ਦਰਸ਼ਨ ਸਿੰਘ ਜਟਾਣਾ, ਲਛਮਣ ਸਿੰਘ ਚੱਕ ਅਲੀਸ਼ੇਰ, ਰਾਮਫਲ ਚੱਕ ਅਲੀਸ਼ੇਰ, ਕੁਲਦੀਪ ਸਿੰਘ ਚੱਕ ਭਾਈਕੇ, ਭੁਪਿੰਦਰ ਸਿੰਘ ਗੁਰਨੇ, ਉਗਰ ਸਿੰਘ ਮਾਨਸਾ ਨੇ ਕਿਸਾਨਾਂ ਦੇ ਰਾਹ ਰੋਕਣ ਸੜਕਾਂ ਬੰਦ ਕਰਕੇ ਕਿੱਲਾਂ ਗੱਡਣ ਤੇ ਅੱਥਰੂ ਗੈਸ ਦੇ ਗੋਲੇ ਡੇਗਣ ਨੂੰ ਜਿੱਥੇ ਲੋਕਤੰਤਰ ਦਾ ਘਾਣ ਕਰਾਰ ਦਿੱਤਾ ਉੱਥੇ ਸਿੱਧੀਆਂ ਗੋਲੀਆਂ ਮਾਰ ਕੇ ਕਿਸਾਨਾਂ ਨੂੰ ਸ਼ਹੀਦ ਕਰਨਾ ਤਾਨਾਸ਼ਾਹ ਸਰਕਾਰ ਦੀ ਹਿਟਲਰਸਾਹੀ ਕਾਰਵਾਈ ਦਾ ਡਟ ਕੇ ਵਿਰੋਧ ਕਰਨ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਜਬਰ ਦਾ ਟਾਕਰਾ ਇਕਜੁਟ ਹੋ ਕੇ ਕੀਤਾ ਜਾਵੇਗਾ।ਧਰਨੇ ਉਪਰੰਤ ਸ਼ਹਿਰ ਵਿੱਚ ਰੋਸ ਮਾਰਚ ਵੀ ਕੀਤਾ ਗਿਆ। ਹੋਰਨਾਂ ਤੋਂ ਇਲਾਵਾ ਸੰਬੋਧਨ ਕਰਨ ਵਾਲੇ ਆਗੂਆਂ ਵਿੱਚ ਮੱਖਣ ਸਿੰਘ ਭੈਣੀ ਬਾਗਾ, ਸ਼ਿੰਦਰਪਾਲ ਕੌਰ ਮਾਨਸਾ, ਪੁਰਸ਼ੋਤਮ ਸਿੰਘ ਗਿੱਲ, ਗੁਰਦੇਵ ਸਿੰਘ ਲੋਹਗੜ੍ਹ, ਮੰਗਤ ਰਾਮ ਕਰੰਡੀ, ਮਹਿੰਦਰ ਸਿੰਘ ਭੈਣੀ ਬਾਘਾ ਤੇ ਜਗਰਾਜ ਸਿੰਘ ਗੋਰਖਨਾਥ ਨੇ ਸੰਬੋਧਨ ਕੀਤਾ।

ਬੁਢਲਾਡਾ

# ਜੇ ਈ ਦੀਆਂ ਬਦਲੀਆਂ ਰੱਦ ਕਰਵਾਉਣ ਲਈ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਪ੍ਰਦਰਸ਼ਨ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਬ ਡਵੀਜ਼ਨ ਤਲਵੰਡੀ ਸਾਬੋ ਵਿਖੇ ਪਿਛਲੇ ਦਿਨੀਂ ਇੰਜ: ਨਛੱਤਰ ਸਿੰਘ ਤੇ ਇੰਜ: ਕਿਰਪਾਲ ਸਿੰਘ ਜੇ ਈ ਦੀਆਂ ਸਿਆਸੀ ਅਧਾਰ 'ਤੇ ਕੀਤੀਆਂ ਨਜਾਇਜ਼ ਬਦਲੀਆਂ ਨੂੰ ਰੱਦ ਕਰਵਾਉਣ ਲਈ ਬਿਜਲੀ ਮੁਲਾਜ਼ਮਾਂ ਵੱਲੋਂ ਨਜ਼ਦੀਕ ਬੱਸ ਸਟੈਂਡ ਡਵੀਜ਼ਨ ਪੱਧਰ ਦਾ ਰੋਸ ਮੁਜ਼ਾਹਰਾ ਤੇ ਨਗਰ ਅੰਦਰ ਰੈਲੀ ਕੀਤੀ ਗਈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ, ਪੀ.ਐੱਸ.ਈ.ਬੀ. ਜੁਆਇੰਟ ਫੋਰਸ ਨਾਲ ਸਬੰਧਤ ਸਾਰੀਆਂ ਜਥੇਬੰਦੀਆਂ ਤੇ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਸ਼ਮੂਲੀਅਤ ਕੀਤੀ ਗਈ। ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੋਵੇਂ ਜੇ ਈ ਆਪਣੀ ਡਿਊਟੀ ਤਨਦੇਹੀ, ਇਮਾਨਦਾਰੀ ਤੇ ਵਿਭਾਗ ਦੇ ਨਿਯਮਾਂ ਅਨੁਸਾਰ ਕਰ ਰਹੇ ਸਨ, ਪ੍ਰੰਤੂ ਹਲਕਾ ਵਿਧਾਇਕਾ ਵੱਲੋਂ ਆਪਣੇ ਚਹੇਤਿਆਂ ਨੂੰ ਖੁਸ਼ ਕਰਨ ਲਈ ਪਾਵਰਕਾਮ ਦੇ ਨਿਯਮਾਂ ਨੂੰ ਤੋੜ ਕੇ ਦੋਵੇਂ ਜੇ ਈ ਨੂੰ ਕੰਮ ਕਰਨ ਲਈ ਮਜਬੂਰ ਕੀਤਾ ਗਿਆ ਤੇ ਜਿਸ 'ਤੇ ਜੁਆਬ ਦੇਣ ਤੇ ਆਪਣੀ ਸਿਆਸੀ ਪਹੁੰਚ ਅਪਣਾਉਂਦਿਆਂ ਦੋਵੇਂ ਸਾਥੀਆਂ ਦੀ ਬਦਲੀ ਦੂਰ ਕਰ ਦਿੱਤੀ ਗਈ, ਜਿਸ ਦਾ ਬਿਜਲੀ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਇਨ੍ਹਾਂ ਸਾਥੀਆਂ ਨੂੰ ਮਹਿਕਮੇ ਦੇ ਅਧਿਕਾਰੀਆਂ ਉੱਪਰ ਪਿਛਲੇ ਦਿਨੀਂ ਦਬਾਅ ਪਾ ਕੇ ਰਿਲੀਵ ਕਰ ਦਿੱਤਾ ਗਿਆ। ਉਨ੍ਹਾਂ ਇਨ੍ਹਾਂ ਬਦਲੀਆਂ ਨੂੰ ਰੱਦ ਕਰਵਾਉਣ ਲਈ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਹ ਬਦਲੀਆਂ ਰੱਦ ਨਾ ਕੀਤੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਮੌੜ ਅਧੀਨ ਪੈਂਦੀਆਂ ਸਬ ਡਵੀਜ਼ਨਾਂ ਦਾ ਕੰਮ ਬੰਦ ਕਰਕੇ ਮੁਜ਼ਾਹਰਾ ਕੀਤਾ ਗਿਆ ਹੈ। ਧਰਨੇ ਵਿੱਚ ਕੇਂਦਰ ਤੇ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਕਿਸਾਨਾਂ ਤੇ ਕੀਤੇ ਅੱਤਿਆਚਾਰ ਅਧੀਨ ਖਨੌਰੀ ਬਾਰਡਰ 'ਤੇ ਸ਼ਹੀਦ ਕਿਸਾਨ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ ਤੇ ਇਸ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿੰਦਾ ਕੀਤੀ।

ਬੁਲਾਰਿਆਂ ਵਿੱਚ ਅੰਗਰੇਜ ਸਿੰਘ ਸਰਕਲ ਆਗੂ ਬਠਿੰਡਾ, ਭੀਮ ਸੈਨ ਮੰਡਲ ਬਠਿੰਡਾ, ਅਸ਼ੋਕ ਕੁਮਾਰ ਮੰਡਲ ਮਾਨਸਾ, ਪਰਮਵੀਰ ਸਿੰਘ ਰਾਮਪੁਰਾ, ਮਨਿੰਦਰ ਸਰਮਾ ਸਕੱਤਰ ਟੀ.ਐੱਸ.ਓ. ਮੋੜ, ਸੁਰਜੀਤ ਸਿੰਘ ਪ੍ਰਧਾਨ ਐੱਮ.ਐੱਸ.ਯੂ. ਮੌੜ, ਅਮਨ ਗੁਪਤਾ ਸਰਕਲ ਸੈਕਟਰੀ ਐਮ.ਐਸ.ਓ. ਬਠਿੰਡਾ, ਬਲਜਿੰਦਰ ਸ਼ਰਮਾ ਭਾਰਤੀ ਕਿਸਾਨ ਯੂਨੀਅਨ ਕ੍ਰਾਂਤਸ਼ਸ਼ ਕੁਮਾਰ ਸਕੱਤਰ ਨਥਾਣਾ ਟੀ.ਐੱਸ.ਯੂ, ਐਸੋਸੀਏਸ਼ਨ ਆਫ ਜੇ ਈ ਤੋਂ ਆਗੂ ਬਲਜਿੰਦਰ ਬਾਂਸਲ ਰਾਮਾ, ਅਮਨਦੀਪ ਸਿੰਘ ਕੋਟਸ਼ਮੀਰ, ਇੰਪਲਾਈਜ਼ ਫੈਡਰੇਸ਼ਨ ਤੋਂ ਆਗੂ ਕੋਮਲ ਪੁਰੀ, ਡਵੀਜ਼ਨ ਆਗੂ ਮਹੇਸ਼ ਸਿੰਘ, ਮੌੜ ਤੋਂ ਪ੍ਰਧਾਨ ਕਮਲਪ੍ਰੀਤ ਸਿੰਘ, ਸਕੱਤਰ ਗੁਰਪ੍ਰੀਤ ਸਿੰਘ, ਟੀ.ਐੱਸ.ਯੂ. ਪ੍ਰਧਾਨ ਰਾਮਾ ਸੰਦੀਪ ਸਿੰਘ ਸਮੇਤ ਹੋਰ ਹਾਜ਼ਰ ਸਨ।

# ਕਿਸਾਨਾਂ ਦੇ ਪੱਖ 'ਚ ਮਾਨਸਾ ਕੈਂਚੀਆਂ 'ਤੇ ਰੋਸ ਧਰਨਾ ਤੇ ਚੱਕਾ ਜਾਮ

**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਕਮੇਟੀ ਮਾਨਸਾ ਵੱਲੋਂ ਸੂਬਾ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੇਂਦਰ ਦੀ ਸ਼ਹਿ ਤੇ ਹਰਿਆਣਾ ਪੁਲਸ ਵੱਲੋਂ ਕਿਸਾਨੀ ਮੰਗਾਂ ਲਈ 13 ਫਰਵਰੀ ਤੋਂ ਪੰਜਾਬ ਦੀ ਧਰਤੀ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਸ਼ਾਂਤੀਪੂਰਵਕ ਸੰਘਰਸ਼ ਕਰ ਰਹੀਆਂ ਕਿਸਾਨ ਜਥੇਬੰਦੀਆਂ 'ਤੇ ਕੀਤੇ ਜਾ ਰਹੇ ਤਸ਼ੱਦਦ ਦੌਰਾਨ ਸਿੱਧੀਆਂ ਗੋਲੀਆਂ ਮਾਰ ਕੇ ਸ਼ਹੀਦ ਕੀਤੇ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਪਿੰਡ ਬੱਲੋ ਨੂੰ ਇਨਸਾਫ ਤੇ ਹੋਰ ਬਹੁਤ ਸਾਰੇ ਜ਼ਖਮੀ ਕੀਤੇ ਕਿਸਾਨਾਂ ਦੇ ਪੱਖ ਵਿੱਚ ਰੋਸ ਵਜੋਂ ਜਥੇਬੰਦੀ ਵੱਲੋਂ ਸਮੁੱਚੇ ਪੰਜਾਬ ਅੰਦਰ ਅੱਜ 11 ਵਜੇ ਤੋਂ 2 ਵਜੇ ਤੱਕ ਸੜਕਾਂ ਜਾਮ ਕੀਤੇ ਜਾਣ ਦੇ ਫੈਸਲੇ ਨੂੰ ਅਮਲ ਵਿੱਚ ਲਾਗੂ ਕਰਦੇ ਹੋਏ ਜ਼ਿਲ੍ਹਾ ਮਾਨਸਾ ਵੱਲੋਂ ਮਾਨਸਾ ਕੈਂਚੀਆਂ ਤੇ ਵਿਸ਼ਾਲ ਧਰਨਾ ਦੇ ਕੇ ਮਾਨਸਾ-ਬਠਿੰਡਾ, ਮਾਨਸਾ-ਬਰਨਾਲਾ, ਮਾਨਸਾ-ਪਟਿਆਲਾ ਤੇ ਬਰਨਾਲਾ-ਸਿਰਸਾ ਹਾਈਵੇਅ ਸੜਕਾਂ ਨੂੰ ਸੂਬਾਈ ਆਗੂ ਕੁਲਦੀਪ ਸਿੰਘ ਚੱਕ ਭਾਈਕੇ ਅਤੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਗਾਗੋਵਾਲ ਦੀ ਅਗਵਾਈ 'ਚ ਮੁਕੰਮਲ ਚੱਕਾ ਜਾਮ ਕੀਤਾ ਗਿਆ। ਇਸ ਮੌਕੇ ਕਿਸਾਨ ਆਗੂਆਂ ਨੇ ਹਰਿਆਣਾ ਪੁਲਸ ਵੱਲੋਂ ਬੇਰਹਿਮੀ ਨਾਲ ਕੀਤੇ ਗਏ ਤਸ਼ੱਦਦ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਇਸ ਦੀ ਜੁਡੀਸ਼ੀਅਲ ਪੜਤਾਲ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਮੰਗ ਕੀਤੀ ਗਈ ਕਿ ਕਿਸਾਨੀਂ ਮੰਗਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੀਆਂ ਜਥੇਬੰਦੀਆਂ ਨੂੰ ਦਿੱਲੀ ਜਾਣ ਲਈ ਹਰਿਆਣਾ ਸਰਕਾਰ ਵੱਲੋਂ ਸਾਰੇ ਬਾਰਡਰਾਂ ਤੋਂ ਬੈਰੀਅਰ ਹਟਾਏ ਜਾਣ। ਇਸ ਸਮੇਂ ਨਾਜਰ ਸਿੰਘ, ਮਹਿੰਦਰ ਸਿੰਘ, ਜਗਜੀਤ ਸਿੰਘ ਤੇ ਸਰਦੂਲ ਸਿੰਘ ਖਿਆਲਾ, ਅਵਤਾਰ ਸਿੰਘ ਰੱਲਾ, ਜੱਗਰ ਸਿੰਘ ਰਾਏਪੁਰ, ਮਲਕੀਤ ਸਿੰਘ ਗਾਗੋਵਾਲ, ਗੁਰਦੀਪ ਸਿੰਘ ਮਾਨਸਾ, ਮਲਕੀਤ ਰਾਮ ਤੇ ਗੋਰਾ ਸਿੰਘ ਭੀਖੀ, ਮਹਿੰਦਰ ਸਿੰਘ ਗੁੜੱਦੀ, ਗੁਰਜੰਟ ਸਿੰਘ ਸਤੀਕੇ, ਜਗਜੀਤ ਸਿੰਘ ਤੇ ਗੁਰਮੀਤ ਸਿੰਘ ਚੱਕ ਭਾਈਕੇ, ਗੁਰਦੀਪ ਸਿੰਘ ਮੈਂਬਰ, ਅਵਤਾਰ ਸਿੰਘ ਗੁੱਡੂ, ਰਾਮ ਸਿੰਘ ਤੇ ਸ਼ਿੰਦਾ ਜਵਾਹਰਕੇ ਆਦਿ ਨੇ ਵੀ ਰੋਸ ਧਰਨੇ ਨੂੰ ਸੰਬੋਧਨ ਕੀਤਾ।

# ਏ ਆਈ ਵਾਈ ਐੱਫ ਤੇ ਏ ਆਈ ਐੱਸ ਐੱਫ ਵੱਲੋਂ ਪ੍ਰਸ਼ਾਸਨ ਖਿਲਾਫ ਪ੍ਰਦਰਸ਼ਨ ਮੁਲਤਵੀ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**-ਆਲ ਇੰਡੀਆ ਯੂਥ ਫੈਡਰੇਸ਼ਨ ਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਸਰਹੱਦੀ ਪਿੰਡਾਂ 'ਚ ਪ੍ਰਸ਼ਾਸਨ ਖਿਲਾਫ ਸ਼ੁਰੂ ਕੀਤਾ ਗਿਆ ਪ੍ਰਦਰਸ਼ਨ ਇੱਕ ਵਾਰ ਮੁਲਤਵੀ ਕਰ ਦਿੱਤਾ ਗਿਆ ਹੈ। ਆਗੂਆਂ ਦਾ ਕਹਿਣਾ ਹੈ ਕਿ ਡੀ ਸੀ ਫਾਜ਼ਿਲਕਾ ਨੇ ਉਨ੍ਹਾਂ ਨੂੰ ਬੁੱਧਵਾਰ ਸਵੇਰੇ ਗੱਲਬਾਤ ਲਈ ਆਪਣੇ ਦਫਤਰ ਬੁਲਾਇਆ ਸੀ, ਜਿਸ ਤੋਂ ਬਾਅਦ ਡੀ ਸੀ ਫਾਜ਼ਿਲਕਾ ਨੇ ਉਨ੍ਹਾਂ ਦੀਆਂ ਮੰਗਾਂ ਨੂੰ ਜਲਦ ਪੂਰਾ ਕਰਨ ਦਾ ਭਰੋਸਾ ਦਿੱਤਾ ਸੀ, ਜਿਸ ਕਾਰਨ ਉਨ੍ਹਾਂ ਅਗਲਾ ਪ੍ਰਦਰਸ਼ਨ ਮੁਲਤਵੀ ਕਰ ਦਿੱਤਾ ਹੈ। ਆਗੂਆਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਪ੍ਰਸ਼ਾਸਨ ਖਿਲਾਫ ਪਿੰਡ ਪੱਧਰ 'ਤੇ ਪੁਤਲਾ ਫੂਕ ਪ੍ਰਦਰਸ਼ਨ ਲਗਾਤਾਰ ਜਾਰੀ ਸੀ। ਇਸ ਤੋਂ ਇਲਾਵਾ ਉਹ ਪੰਜਾਬ ਸਰਕਾਰ ਵੱਲੋਂ 

page-6-23-February.-2024.qxd 2/22/2024 10:34 PM Page 1



# ਚੇਅਰਮੈਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਸਿਹਤ ਸੇਵਾਵਾਂ ਖੇਤਰ 'ਚ ਆਈ ਨਵੀਂ ਕ੍ਰਾਂਤੀ

**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਗੁਰਦਾਸਪੁਰ ਵਿੱਚ ਮਿਆਰੀ ਸਿਹਤ ਸੇਵਾਵਾਂ ਦੇਣ ਲਈ ਯਤਨ ਲਗਾਤਾਰ ਜਾਰੀ ਹਨ। ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਵੱਲੋਂ 16.75 ਕਰੋੜ ਰੁਪਏ ਦੀ ਲਾਗਤ ਨਾਲ ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਵਿਖੇ ਕ੍ਰਿਟੀਕਲ ਕੇਅਰ ਯੂਨਿਟ ਦੀ ਉਸਾਰੀ ਕੀਤੀ ਜਾ ਰਹੀ ਹੈ। ਚੇਅਰਮੈਨ ਵੱਲੋਂ ਜ਼ਿਲ੍ਹਾ ਹਸਪਤਾਲ ਬੱਬਰੀ ਵਿਖੇ ਬਣ ਰਹੇ ਕ੍ਰਿਟੀਕਲ ਕੇਅਰ ਯੂਨਿਟ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਯੂਨਿਟ ਦੀ ਸਥਾਪਨਾ ਲਈ 16.75 ਕਰੋੜ ਰੁਪਏ ਦੀ ਪ੍ਰਬੰਧਕੀ ਪ੍ਰਵਾਨਗੀ ਦੇ ਦਿੱਤੀ ਗਈ ਹੈ ਅਤੇ ਇਹ ਯੂਨਿਟ 2 ਪੜਾਵਾਂ ਵਿੱਚ ਮੁਕੰਮਲ ਹੋਵੇਗਾ। ਬਹਿਲ ਨੇ ਦੱਸਿਆ ਕਿ ਪਹਿਲੇ ਪੜਾਅ ਵਿੱਚ 3 ਮੰਜ਼ਲਾ ਇਮਾਰਤ ਦੀ ਉਸਾਰੀ ਕੀਤੀ ਜਾਵੇਗੀ ਅਤੇ ਦੂਜੇ ਪੜਾਅ ਵਿੱਚ ਰਹਿੰਦੀਆਂ 2 ਹੋਰ ਮੰਜ਼ਲਾਂ ਬਣਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਕ੍ਰਿਟੀਕਲ ਕੇਅਰ ਯੂਨਿਟ ਦੀ ਨਵੀਂ ਬਣਨ ਵਾਲੀ ਇਮਾਰਤ ਦੀਆਂ ਕੁੱਲ ਪੰਜ ਮੰਜ਼ਲਾਂ ਦੀ ਹੋਵੇਗੀ। ਕ੍ਰਿਟੀਕਲ ਕੇਅਰ ਯੂਨਿਟ ਬਾਰੇ ਚੇਅਰਮੈਨ ਨੇ ਦੱਸਿਆ ਕਿ ਗਰਾਊਂਡ ਫਲੋਰ ਵਿੱਚ ਰਿਸੈੱਪਸ਼ਨ, ਲੀ.ਡੀ.ਆਰ. (ਦੋ ਕਮਰੇ) ਡਾਇਲਸਸ ਰੂਮ, ਡਾਇਲਸਸ ਪ੍ਰੋਸੈੱਸ ਰੂਮ, ਯੂ.ਐੱਸ.ਜੀ. ਰੂਮ, ਪੀ.ਓ.ਸੀ. ਲੈਬ ਰੂਮ, ਐਕਸਰੇ ਰੂਮ, ਮਾਈਨਰ ਪ੍ਰੋਸੀਜਰ ਰੂਮ, ਸੀ.ਯੂ. ਰੂਮ, ਸਕਰੀਨਿੰਗ ਐਂਡ ਟਰੇਗੀ ਰੂਮ, ਡੋਫਿੰਗ ਰੂਮ, ਡੋਨਿੰਗ ਰੂਮ ਅਤੇ ਐੱਮ.ਸੀ.ਐੱਚ. ਰੂਮ ਹੋਣਗੇ। ਪਹਿਲੀ ਮੰਜ਼ਲ 'ਤੇ 24 ਬਿਸਤਰਿਆਂ ਦਾ ਆਈ.ਐੱਸ.ਓ ਵਾਰਡ, ਕਲੀਨਿਕ ਟੈੱਸਟ ਰੂਮ, ਐੱਚ.ਡੀ.ਯੂ (ਚਾਰ ਬੈੱਡ) ਰੂਮ ਅਤੇ ਆਈ.ਐੱਸ.ਓ. ਰੂਮ (2 ਬੈੱਡ) ਹੋਣਗੇ। ਰਮਨ ਬਹਿਲ ਨੇ ਅੱਗੇ ਦੱਸਿਆ ਕਿ ਦੂਸਰੀ ਮੰਜ਼ਲ ਉੱਪਰ ਓ.ਟੀ. ਦੋ ਰੂਮ, ਪ੍ਰੀ ਓ.ਪੀ. ਜਾਂ ਪੋਸਟ ਓ.ਪੀ. (4 ਬੈੱਡ) ਰੂਮ, ਕਲੀਨਿਕ ਟੈੱਸਟ ਰੂਮ, ਕੌਂਸਲਿੰਗ ਰੂਮ, ਆਈ.ਸੀ.ਯੂ. ਰੂਮ (10 ਬੈੱਡ) ਹੋਣਗੇ। ਬਹਿਲ ਨੇ ਕਿਹਾ ਕਿ ਇਸ ਕ੍ਰਿਟੀਕਲ ਕੇਅਰ ਯੂਨਿਟ ਦੀ ਉਸਾਰੀ 18 ਮਹੀਨਿਆਂ ਦੇ ਅੰਦਰ ਮੁਕੰਮਲ ਕੀਤੀ ਜਾਵੇਗੀ। ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਗੁਰਦਾਸਪੁਰ ਦੇ ਜ਼ਿਲ੍ਹਾ ਹਸਪਤਾਲ ਵਿੱਚ ਕ੍ਰਿਟੀਕਲ ਕੇਅਰ ਯੂਨਿਟ ਦੀ ਸਥਾਪਨਾ ਹੋਣ ਨਾਲ ਪੂਰੇ ਜ਼ਿਲ੍ਹਾ ਗੁਰਦਾਸਪੁਰ ਦੇ ਨਾਲ ਪਠਾਨਕੋਟ ਅਤੇ ਆਸ-ਪਾਸ ਦੇ ਖੇਤਰ ਦੇ ਲੋਕਾਂ ਨੂੰ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਇਸ ਯੂਨਿਟ ਵਿੱਚ ਹੁਣ ਸੀਰੀਅਸ ਬਿਮਾਰੀਆਂ ਦਾ ਇਲਾਜ ਮਾਹਰ ਡਾਕਟਰਾਂ ਵੱਲੋਂ ਅਤਿ-ਆਧੁਨਿਕ ਮਸ਼ੀਨਾਂ ਨਾਲ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸੜਕ ਦੁਰਘਟਨਾਵਾਂ ਦੇ ਸ਼ਿਕਾਰ ਵਿਅਕਤੀਆਂ ਦਾ ਵੀ ਏਥੇ ਇਲਾਜ ਹੋ ਸਕੇਗਾ ਜਿਸ ਨਾਲ ਕਈ ਕੀਮਤੀ ਜਾਨਾਂ ਬਚਣਗੀਆਂ। ਇਸ ਯੂਨਿਟ ਦੀ ਉਸਾਰੀ ਲਈ ਚੇਅਰਮੈਨ ਰਮਨ ਬਹਿਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕੀਤਾ ਹੈ। ਚੇਅਰਮੈਨ ਕਿਹਾ ਕਿ ਮਾਨ ਸਰਕਾਰ ਵੱਲੋਂ ਹਸਪਤਾਲਾਂ ਵਿੱਚ ਨਵਾਂ ਬੁਨਿਆਦੀ ਢਾਂਚਾ ਵਿਕਸਤ ਕਰਨ ਦੇ ਨਾਲ ਇਲਾਜ ਲਈ ਆਧੁਨਿਕ ਸਾਜ਼ੋ-ਸਮਾਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਸਰਕਾਰੀ ਸਿਹਤ ਸੇਵਾਵਾਂ ਵਿੱਚ ਡਾਕਟਰਾਂ ਅਤੇ ਹੋਰ ਸਿਹਤ ਅਮਲੇ ਦੀ ਭਰਤੀ ਕੀਤੀ ਜਾ ਰਹੀ ਹੈ। ਆਮ ਆਦਮੀ ਕਲੀਨਿਕਾਂ ਦਾ ਸੂਬੇ ਭਰ ਵਿੱਚ ਵਿਸਥਾਰ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ, ਡੀ.ਐੱਮ.ਸੀ. ਡਾ. ਰੋਮੀ ਰਾਜਾ, ਐੱਸ.ਐੱਮ.ਓ. ਡਾ. ਰਾਜ ਮਸੀਹ, ਐਕਸੀਅਨ ਲੋਕ ਨਿਰਮਾਣ ਵਿਭਾਗ ਸ੍ਰੀ ਹਰਜੋਤ ਸਿੰਘ, ਐੱਸ.ਡੀ.ਓ. ਲਵਪ੍ਰੀਤ ਸਿੰਘ, ਹਰਦੀਪ ਸਿੰਘ ਬੇਦੀ ਤੋਂ ਇਲਾਵਾ ਸਿਹਤ ਵਿਭਾਗ ਅਧਿਕਾਰੀ ਤੇ ਹੋਰ ਅਮਲਾ ਵੀ ਹਾਜ਼ਰ ਸੀ।

## NOTICE

I, Ashok Kumar Kohli S/o Sh. Harbans Lal Kohli R/o H. No. 564, Guru Teg Bahadur Nagar, Jalandhar, do hereby declare as under. That property No. 301-R, situated at Model Town, Jalandhar is owned by me and my wife Renu Kohli. That Previous sale deeds of the said property bearing No(1) 9734 dated 07/11/1996 and No (2) 13810 dated 09/03/1999 and No(3) 1974 dated 22/05/1995, were lying in handbag and I was on my way from my home to Model Town, Jalandhar on 01/01/2024. When I reached at Model Town, Market, Jalandhar, I found the said documents have been lost/misplaced. I tried my best to trace the same, but could not find it. That I have not pledged, mortgaged, misused, attached, under Guarantee in court, the said documents and the same has been actually lost/misplace. That if the original deeds are being tracked by at any time, it will not be misused. If anyone gets information about this then contact immediately : 98720-00060

## COURT NOTICE

(U/o 5 Rule 20 CPC)
In the Court of Sh. Amanpreet Singh Civil Judge (Senior Division), Rupnagar
EXE/131/2023
CNR No. PBRO02-000908-2023
Next Date :- 15-03-2024
Sukhdev Singh Son of Sant Ram resident of Village Dugri, Tehsil Shri Chamkaur Sahib, Distt. Rupnagar
Vs.
M/S AA Electrical Engineers and Contractor through its Prop. Amandeep Singh Son of Late Rajinder Singh resident of House No. 528, Mohalla Meera Bai Chowk, Rupnagar, Tehsil and Distt. Rupnagar
Petition u/s
Publication Issued to :
M/S AA Electrical Engineers and Contractor through
Amandeep Singh House No. 528 Mohalla Meera Bai Chowk Rupnagar, Tehsil and Distt. Rupnagar.
In above titled case, the defendant (s)/respondent (s) could not be servel. It is ordered that defendant (s)/ respondent (s) should appear in person or through counsel on 15.03.2024 at 10:00 A.M.
For details logon to https://highcourtchd.gov.in/?trs=district notice&district= Ropar
Civil Judge (Senior Division), Rupnagar
Dated this day of 21-02-2024

## ਪਬਲਿਕ ਨੋਟਿਸ

ਮੈਂ, ਨਿਖਿਲ ਲਾਕੜਾ ਪੁੱਤਰ ਅਸ਼ੋਕ ਕੁਮਾਰ ਵਾਸੀ ਬੁਢਲਾਡਾ ਨੇ ਏ.ਯੂ. ਸਮਾਲ ਫਾਇਨਾਂਸ ਬੈਂਕ ਮਾਨਸਾ ਵਿਖੇ 900109570 ਲੋਨ ਨੰਬਰ ਅਧੀਨ ਹੋਮ ਲੋਨ ਅਪਲਾਈ ਕੀਤਾ ਹੋਇਆ ਹੈ। ਜਿਸ ਸੰਬੰਧੀ ਮੈਂ ਜੋ ਪ੍ਰੋਪਰਟੀਆਂ ਇਸ ਵਿੱਚ ਗਹਿਣੇ ਕਰਵਾਉਣਾ ਚਾਹੁੰਦਾ ਹਾਂ। ਉਸ ਰਜਿਸਟਰੀਆਂ ਵਿੱਚੋਂ ਇੱਕ ਰਜਿਸਟਰੀ ਗੁੰਮ ਹੋ ਚੁੱਕੀ ਹੈ। ਜਿਸਦਾ ਵਸੀਕਾ ਨੰਬਰ 2818 ਅਤੇ ਮਿਤੀ 10/01/2022 ਹੈ। ਜੋ ਕਿ ਦਿਲਜੀਤ ਸਿੰਘ ਪੁੱਤਰ ਸੁੰਦਰ ਸਿੰਘ ਵੱਲੋਂ ਦੋਸ਼ਾਂਨਤ ਗਰਗ ਪੁੱਤਰ ਅਨਿਲ ਕਮੁਾਰ ਅਤੇ ਸੰਜੀਵ ਕੁਮਾਰ ਪੁੱਤਰ ਕਮਲੇਸ਼ ਕੁਮਾਰ ਨੂੰ ਕਰਵਾਈ ਗਈ ਸੀ। ਉਪਰੋਕਤ ਰਜਿਸਟਰੀ ਗੁੰਮ ਹੋ ਚੁੱਕੀ ਹੈ, ਜਿਸ ਸਬੰਧੀ ਮੈਂ ਸਾਂਝ ਕੇਂਦਰ ਵਿੱਚ ਇਹ ਨੰਬਰ 438038/2024 ਰਾਹੀਂ ਸ਼ਿਕਾਇਤ ਦਰਜ ਕਰਵਾ ਦਿੱਤੀ ਹੈ। ਜੇਕਰ ਕਿਸੇ ਵਿਅਕਤੀ ਨੂੰ ਇਹ ਰਜਿਸਟਰੀ ਸੰਬੰਧੀ ਕੋਈ ਇਤਰਾਜ ਹੈ, ਤਾਂ ਉਹ ਆਪਣਾ ਇਤਰਾਜ਼ ਮੇਰੇ ਵਕੀਲ ਦੀਪਕ ਅਰੋੜਾ ਜੀ ਕੋਲ 7 ਦਿਨਾਂ ਦੇ ਅੰਦਰ-ਅੰਦਰ ਕਰ ਸਕਦਾ ਹੈ। ਵਕੀਲ ਦਾ ਪਤਾ ਚੈਂਬਰ ਨੰਬਰ 582, ਮਾਨਸਾ ਕੋਰਟ ਫੋਨ ਨੰ. 95010-28159

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ
ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਗੁਰਵਿੰਦਰ ਸਿੰਘ ਪੁੱਤਰ ਮੇਜਰ ਸਿੰਘ, ਵਾਸੀ ਸਸਪਾਲੀ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੇ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਉਸ ਨੂੰ ਪਿੰਡ ਵਿਚ ਦੋ ਨਾਵਾਂ ਗੁਰਵਿੰਦਰ ਸਿੰਘ ਅਤੇ ਗੋਬਿਦਰ ਸਿੰਘ ਨਾਲ ਜਾਣਿਆ ਜਾਂਦਾ ਹੈ। ਉਸ ਦੇ ਆਧਾਰ ਕਾਰਡ, ਵੋਟਰ ਕਾਰਡ, ਪੈਨ ਕਾਰਡ ਆਦਿ ਵਿਚ ਉਸ ਦਾ ਨਾਂਅ ਗੁਰਵਿਦਰ ਸਿੰਘ ਦਰਜ ਹੈ ਅਤੇ ਮਾਲ ਰਿਕਾਰਡ ਵਿਚ ਕੁੱਝ ਜਗ੍ਹਾ 'ਤੇ ਉਸ ਦਾ ਨਾਂਅ ਗੋਬਿਦਰ ਸਿਘ ਦਰਜ ਹੈ। ਦਰਅਸਲ ਗੁਰਵਿੰਦਰ ਸਿਘ ਅਤੇ ਗੋਬਿਦਰ ਸਿਘ ਦੋਵੇਂ ਨਾਂਅ ਹੀ ਉਸ ਦੇ ਹਨ। ਇਸ ਲਈ ਉਸ ਵੱਲੋਂ ਮਾਲ ਰਿਕਾਰਡ ਵਿਚ ਆਪਣਾ ਨਾਂਅ ਗੁਰਵਿਦਰ ਸਿਘ ਉਰਫ ਗੋਬਿਦਰ ਸਿਘ ਪੁੱਤਰ ਮੇਜਰ ਸਿੰਘ ਕੀਤੇ ਜਾਣ ਦੀ ਬੇਨਤੀ ਕੀਤੀ ਗਈ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਸਸਪਾਲੀ ਵਿਖੇ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੋਂ ਇਕ ਮਹੀਨੇ ਦੇ ਅੰਦਰ-ਅੰਦਰ ਨਿਮਨ ਹਸਤਾਖਰ ਪਾਸ ਅਸਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤਕਰਤਾ ਦਾ ਨਾਂਅ ਮਾਲ ਰਿਕਾਰਡ ਪਿੰਡ ਸਸਪਾਲੀ ਵਿਚ ਗੋਬਿਦਰ ਸਿਘ ਪੁੱਤਰ ਮੇਜਰ ਸਿਘ ਦੀ ਬਜਾਏ ਗੋਬਿਦਰ ਸਿਘ ਉਰਫ ਗੁਰਵਿੰਦਰ ਸਿਘ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 15.02.2024 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ ਹੈ।

ਨੰਬਰ 1488/ਰੀਡਰ -2, ਮਿਤੀ 19.02.2024
ਸਹੀ/- ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਨਾਇਬ ਤਹਿਸੀਲਦਾਰ, ਬੁਢਲਾਡਾ

## COURT NOTICE

(U/o 5 Rule 20 CPC)
In the Court of Sh. Ajay Pal Singh, Additional Civil Judge Senior Division Faridkot.
CNR No. PBFD 02-000094-2023
Next Date : 18-04-2024
Bank of Baroda Vs.
M/s Anand Footwear and Anr.
Suit for Recovery
Publication Issued to : 1 M/s Anand Footwear through its Prop. Manoj Kumar S/o Satpal R/o Street No. 5-L, Balbir Basti, Faridkot. (2) Manoj Kumar S/o Sat Pal, Prop. Manoj Footwear, 3. Sat Pal S/o Sohan Singh both R/o H. No. 199, Ward No. 2, Street No. 5-L, Balbir Basti, Faridkot, 4. Vicky Kumar S/o Mahavir Parshad, R/o Ward No. 18, Jatinder Chowk, Faridkot.
In above titled case, the defendant(s)/respondent(s) could not be served. It is Ordered that defendant(s)/respondent(s) should appear in person or through counsel on 18-04-2024 at 10.00 a.m.
For details logon to https://highcourtchd.gov.in/?trs=district_notice&district=Faridkot.
Additional Civil Judge Senior Division, Faridkot.
Dated, this day of 19-02-2024

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਬਲਬੀਰ ਰਾਜ ਸਿੰਘ ਪੀ. ਸੀ. ਐੱਸ. ਉਪ ਮੰਡਲ ਮੈਜਿਸਟਰੇਟ-ਕਮ-ਕੁਲੈਕਟਰ ਜਲੰਧਰ-II
ਕੇਸ ਨੰ: 36/CM/2024

ਮਨਜੀਤ ਕੌਰ ਪੁੱਤਰੀ ਗੁਰਚਰਨ ਸਿੰਘ ਵਾਸੀ ਪਿੰਡ ਚਿੱਟੀ, ਨੇੜੇ ਗੁਰਦੁਆਰਾ ਪੱਕੇ ਪਾਸੇ ਵਾਲਾ, ਲਾਂਬੜਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਹਾਲ ਵਾਸੀ ਪਿੰਡ ਅਕਾਲਗੜ੍ਹ, ਤਹਿਸੀਲ ਰਾਏਗੜ੍ਹ, ਜ਼ਿਲ੍ਹਾ ਲੁਧਿਆਣਾ।

ਇਤਰਾਜ਼ਕਰਤਾ

ਬਨਾਮ

ਰਣਯੋਧ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਚਿੱਟੀ, ਨੇੜੇ ਗੁਰਦੁਆਰਾ ਪੱਕੇ ਪਾਸੇ ਵਾਲਾ, ਲਾਂਬੜਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ।

ਲਾਭਪਾਤਰੀ

ਉਕਤ ਮੁਕੱਦਮੇ ਵਿਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਇਤਰਾਜ਼ਕਰਤਾ ਦੀ ਮਾਮੂਲੀ ਤਾਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ, ਇਸ ਲਈ ਮਿਤੀ 22.03.2024 ਦੀ ਤਾਰੀਖ ਪੇਸ਼ੀ ਨਿਯਤ ਕਰਕੇ ਇਸ ਇਸ਼ਤਿਹਾਰ ਰਾਹੀ ਇਤਰਾਜ਼ ਕਰਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਖ 'ਤੇ ਆਪ ਜਾਂ ਵਕੀਲ ਰਾਹੀਂ ਅਦਾਲਤ ਵਿਚ ਪੇਸ਼ ਹੋਣ, ਨਹੀਂ ਤਾਂ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ। ਅੱਜ ਮਿਤੀ 22.02.2024 ਨੂੰ ਮੇਰੇ ਹਸਤਾਖਰ ਅਤੇ ਅਦਾਲਤੀ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/- (ਹਸਤਾਖਰ ਹਾਕਮ ਤੇ ਮੋਹਰ ਅਦਾਲਤ)

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਜਗਸੀਰ ਸਿੰਘ ਤਹਿਸੀਲਦਾਰ-ਕਮ-ਸਬ ਰਜਿਸਟਰਾਰ ਗੁਰਦਾਸਪੁਰ
ਪਬਲਿਕ ਨੋਟਿਸ

ਹਰ ਆਮ ਅਤੇ ਖਾਸ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਕੁਲਦੀਪ ਸਿੰਘ ਪੁੱਤਰ ਸ੍ਰੀ ਸਵਰਨ ਸਿੰਘ ਵਾਸੀ ਵਾਈਟ ਐਵੀਨਿਊ ਗੁਰਦਾਸਪੁਰ, ਤਹਿਸੀਲ ਵਾ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਇਕ ਗੈਰ ਤਸਦੀਕਸ਼ੁਦਾ ਵਸੀਅਤ ਮਿਤੀ 22.02.2024 ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਅਧੀਨ ਰਜਿਸਟਰਡ ਕਰਨ ਲਈ ਮੇਰੇ ਪੇਸ਼ ਕੀਤੀ ਗਈ ਹੈ। ਇਹ ਵਸੀਅਤ ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਸ੍ਰੀ ਕੁਲਦੀਪ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਵਾਈਟ ਐਵੀਨਿਊ ਗੁਰਦਾਸਪੁਰ ਨੇ ਆਪਣੇ ਪਿਤਾ ਕੁਲਦੀਪ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਵਾਈਟ ਐਵੀਨਿਊ ਗੁਰਦਾਸਪੁਰ, ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਦੇ ਹੱਕ ਵਿਚ ਕੀਤੀ ਹੋਈ ਹੈ। ਸ੍ਰੀ ਗੁਰਪ੍ਰੀਤ ਸਿੰਘ ਦੀ ਮੌਤ ਮਿਤੀ 06.12.2023 ਨੂੰ ਹੋ ਗਈ ਸੀ। ਇਹ ਵਸੀਅਤ ਰਜਿਸਟਰਡ ਕਰਨ ਵਿਚ ਜੇਕਰ ਕਿਸੇ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਲਿਖਤੀ ਰੂਪ ਵਿਚ ਅਸਲਤਨ ਜਾਂ ਵਕਾਲਤਨ ਇਸ ਇਸ਼ਤਿਹਾਰ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰੀ ਦੇ ਪੇਸ਼ ਕਰ ਸਕਦੇ ਹਨ। ਇਸ ਤੋਂ ਬਾਅਦ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ ਅਤੇ ਸ੍ਰੀ ਗੁਰਪ੍ਰੀਤ ਸਿੰਘ ਪੁੱਤਰ ਕੁਲਦੀਪ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਵਾਈਟ ਐਵੀਨਿਊ ਗੁਰਦਾਸਪੁਰ ਵੱਲੋਂ ਕੀਤੀ ਵਸੀਅਤ ਮਿਤੀ 15.05.2023 ਜ਼ੇਰ ਧਾਰਾ 40 (1) ਭਾਰਤੀ ਰਜਿਸਟਰੇਸ਼ਨ ਐਕਟ 1908 ਅਧੀਨ ਰਜਿਸਟਰਡ ਕਰ ਦਿੱਤੀ ਜਾਵੇਗੀ। ਅੱਜ ਮਿਤੀ 22.02.2024 ਨੂੰ ਮੇਰੇ ਦਸਤਖਤ ਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।
ਮਿਤੀ : 22.02.2024, ਨੰਬਰ 118/ਆਰ. ਸੀ.
ਸਹੀ/-ਸਬ ਰਜਿਸਟਰਾਰ ਗੁਰਦਾਸਪੁਰ।

## ਅਦਾਲਤੀ ਇਸ਼ਤਿਹਾਰ

ਬਾ- ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ- ਨਾਇਬ ਤਹਿਸੀਲਦਾਰ ਸੁਨਾਮ ਊਧਮ ਸਿੰਘ ਵਾਲਾ
ਮਿਸਲ ਨੰ: 15/ਏ. ਸੀ.-1, ਰਜੂਆ : 12.05.2023, ਅਗਲੀ ਤਾਰੀਖ ਪੇਸ਼ੀ 19.03.2024,
ਕਿਸਮ : ਤਕਸੀਮ, ਪਿੰਡ : ਛਾਜਲੀ

1) ਹਰਵਿੰਦਰ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਮਹਿਦਰ ਸਿਘ, 2) ਜੰਟਾ ਸਿੰਘ ਪੁੱਤਰ ਮਹਿਦਰ ਸਿਘ ਪੁੱਤਰ ਸਰਵਣ ਸਿੰਘ 3) ਜਗਸੀਰ ਸਿੰਘ, 4) ਸਤਗੁਰ ਸਿੰਘ ਪੁੱਤਰਾਨ ਦਲਬਾਰਾ ਸਿੰਘ ਉਰਫ ਦਰਬਾਰਾ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀਆਨ ਪਿੰਡ ਛਾਜਲੀ, ਤਹਿਸੀਲ ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ। .....ਸ਼ਾਇਲਾਨ

ਬਨਾਮ

1) ਕੁਲਦੀਪ ਸਿੰਘ ਪੁੱਤਰ ਦਾਰਾ ਸਿੰਘ ਪੁੱਤਰ ਫੂਲਾ ਸਿੰਘ, 2) ਗੁਰਨਾਮ ਸਿੰਘ ਪੁੱਤਰ ਜੋਧ ਸਿੰਘ ਪੁੱਤਰ ਪੰਜਾਬ ਸਿੰਘ, 3) ਗੁਰਵਿੰਦਰ ਸਿੰਘ ਪੁੱਤਰ ਰਣਜੀਤ ਕੌਰ ਪੁੱਤਰੀ ਜਗਰੂਪ ਸਿੰਘ, 4) ਮੁਖਤਿਆਰ ਕੌਰ ਵਿਧਵਾ ਜਗਰੂਪ ਸਿੰਘ ਮੁਤਬੰਨਾ ਪੁੱਤਰ ਬਘਸ਼ੀ ਸਿੰਘ, 5) ਕੁਲਦੀਪ ਕੌਰ ਪਤਨੀ ਪ੍ਰੀਤਮ ਸਿੰਘ ਪੁੱਤਰ ਨਾਹਰ ਸਿੰਘ, 6) ਸੁਰਜੀਤ ਸਿੰਘ ਉਰਫ ਗੁਰਮੀਤ ਸਿੰਘ ਪੁੱਤਰ ਚੰਦ ਸਿੰਘ ਪੁੱਤਰ ਮੇਹਰ ਸਿੰਘ, 7) ਗੁਰਸੇਰ ਸਿੰਘ ਪ

23-FEB-PAGE-7.qxd 2/22/2024 10:22 PM Page 1



# ਪਟਿਆਲਾ ਮੰਡੀ 'ਚ ਬਾਂਦਰਾਂ ਦੀ ਦਹਿਸ਼ਤ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਪਿਛਲੇ 7-8 ਮਹੀਨਿਆਂ ਤੋਂ ਤਿੰਨ ਹੱਟੇ ਕੱਟੇ ਨਰੋਏ ਬਾਂਦਰ ਸ਼ਹਿਰ ਦੀਆਂ ਗਲੀਆਂ, ਮੁਹੱਲਿਆਂ, ਬਜ਼ਾਰਾਂ ਤੇ ਘਰਾਂ ਦੇ ਚੁਬਾਰਿਆਂ 'ਤੇ ਘੁਮਦਿਆਂ ਆਮ ਦੇਖੇ ਜਾ ਸਕਦੇ ਹਨ। ਪਿਛਲੇ ਸਮੇਂ ਤੋਂ ਇਨ੍ਹਾਂ ਬਾਂਦਰਾਂ ਨੇ ਆਪਣੀਆਂ ਸ਼ਰਾਰਤਾਂ ਰਾਹੀਂ ਕਾਫੀ ਦਹਿਸ਼ਤ ਮਚਾ ਰੱਖੀ ਹੈ।ਘਰਾਂ ਦੀਆਂ ਛੱਤਾਂ 'ਤੇ ਪਾਣੀ ਦੀਆਂ ਟੈਂਕੀਆਂ ਤੋਂ ਢੱਕਣ ਚੁੱਕ ਕੇ ਪਰਾਂ ਸੁੱਟ ਦਿੰਦੇ ਹਨ, ਇੱਥੋਂ ਤੱਕ ਕੇ ਢੱਕਣਾ ਨੂੰ ਸਪੋਟ ਦੇਣ ਲਈ ਲਾਈਆਂ ਇੱਟਾਂ ਨੂੰ ਵੀ ਪਰਾਂ ਸੁੱਟ ਕੇ ਨਹਾਉਣ ਲੱਗ ਜਾਂਦੇ ਹਨ।ਇਨ੍ਹਾਂ ਪਾਣੀਆਂ ਵਿੱਚ ਕੁੱਝ ਨਾ ਕੁੱਝ ਸੁੱਟ ਕੇ ਪੀਣ ਵਾਲੇ ਪਾਣੀ ਨੂੰ ਦੂਸ਼ਿਤ ਕਰ ਦਿੰਦੇ ਹਨ।ਘਰਾਂ ਦੀਆਂ ਛੱਤਾਂ 'ਤੇ ਪਾਏ ਮਹਿੰਗੇ ਕੱਪੜੇ ਮਿੰਟਾਂ ਵਿੱਚ ਲੀਰੋ ਲੀਰ ਕਰ ਦਿੰਦੇ ਹਨ।ਹੁਣ ਇਨ੍ਹਾਂ ਦੇ ਹੌਸਲੇ ਇੱਥੋਂ ਤੱਕ ਬੁਲੰਦ ਹੋ ਚੁੱਕੇ ਹਨ ਕਿ ਘਰ ਦੀਆਂ ਖੁੱਲ੍ਹੀਆਂ ਪੌੜੀਆਂ ਰਾਹੀਂ ਘਰਾਂ ਦੀਆਂ ਰਸੋਈਆਂ ਤੱਕ ਆ ਜਾਂਦੇ ਹਨ ਤੇ ਖਾਣ-ਪੀਣ ਦਾ ਸਾਮਾਨ ਚੁੱਕ ਕੇ ਲੈ ਜਾਂਦੇ ਹਨ ਤੇ ਬਾਕੀ ਸਾਮਾਨ ਡੋਲ ਜਾਂਦੇ ਹਨ।ਇਨ੍ਹਾਂ ਬਾਂਦਰਾਂ ਨੇ ਪੂਰਾ ਡਰ ਦਾ ਮਾਹੌਲ ਪੈਦਾ ਕੀਤਾ ਹੋਇਆ ਹੈ, ਜਿਸ ਨੂੰ ਲੈ ਕੇ ਔਰਤਾਂ ਤੇ ਬੱਚੇ ਕਾਫੀ ਡਰੇ ਹੋਏ ਹਨ।ਨਿਊ ਸ਼ਹੀਦ ਭਗਤ ਸਿੰਘ ਕਲੋਨੀ, ਗਲੀ ਨੰਬਰ 6 ਦੇ ਡਾਕਟਰ ਰਜਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਉਪਰ ਪਾਏ ਸੁੱਕਣੇ ਮਹਿੰਗੇ ਕੱਪੜੇ ਮਿੰਟਾਂ ਵਿੱਚ ਲੀਰੋ ਲੀਰ ਕਰ ਦਿੱਤੇ ਹਨ।ਉਨ੍ਹਾਂ ਦੇ ਗੁਆਂਢੀਆਂ ਨੇ ਵੀ ਦੱਸਿਆ ਕਿ ਸਾਡਾ ਵੀ ਕਾਫੀ ਨੁਕਸਾਨ ਕੀਤਾ ਹੈ।ਖੁਦ ਪੱਤਰਕਾਰ ਦੇ ਘਰ ਉਪਰ ਪਾਏ ਬੱਚਿਆਂ ਦੇ ਕੱਪੜੇ ਤੇ ਸਕੂਲ ਦੀਆਂ ਵਰਦੀ ਤੱਕ ਪਾੜ ਦਿੰਤੇ ਹਨ।ਜੇਕਰ ਕੋਈ ਇਨ੍ਹਾਂ ਬਾਂਦਰਾਂ ਨੂੰ ਹਟਾਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਅੱਗੋਂ ਉਸ ਨੂੰ ਨੂੰ ਘੂਰਦੇ ਹਨ।ਹੁਣ ਇਹ ਬਾਂਦਰ ਘਰਾਂ ਦਾ ਕੋਈ ਵੱਡਾ ਨੁਕਸਾਨ ਵੀ ਕਰ ਸਕਦੇ ਹਨ।ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਬਾਂਦਰਾਂ ਨੂੰ ਫੜ ਕੇ ਦੂਰ ਦੁਰਾਡੇ ਜੰਗਲਾਂ ਵਿੱਚ ਛੱਡਿਆ ਜਾਵੇ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਧਰਨਾ ਜਾਰੀ

**ਮੱਖੂ (ਰਛਪਾਲ ਸਿੰਘ ਸੰਧੂ)**-ਆਲ ਪੰਜਾਬ ਆਂਗਣਵਾੜੀ ਵਰਕਰ ਯੂਨੀਅਨ ਬਲਾਕ ਮਖੂ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਬਲਾਕ ਪ੍ਰਧਾਨ ਜੀਵਨ ਸ਼ਰਮਾ ਦੀ ਅਗਵਾਈ 'ਚ ਦਫਤਰ ਸੀਡੀਪੀਓ ਮਖੂ ਵਿਖੇ ਆਪਣੀਆਂ ਹੱਕੀ ਮੰਗਾਂ ਦੇ ਸਬੰਧ 'ਚ ਲਗਾਇਆ ਹੋਇਆ ਧਰਨਾ ਪੰਜਵੇਂ ਦਿਨ ਵੀ ਜਾਰੀ ਰਿਹਾ। ਇਸ ਮੌਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਸੀਡੀਪੀਓ ਮਖੂ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਬਲਾਕ ਪ੍ਰਧਾਨ ਜੀਵਨ ਸ਼ਰਮਾ ਨੇ ਕਿਹਾ ਕਿ ਬਲਾਕ ਮਖੂ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਪਿਛਲੇ 6 ਮਹੀਨਿਆਂ ਤੋਂ ਤਨਖਾਹ ਨਹੀਂ ਮਿਲੀ, ਜਦਕਿ ਸਾਰੇ ਭੱਤੇ ਇੱਕ ਮਹੀਨਾ ਪਹਿਲਾਂ ਹੀ ਰਿਲੀਜ਼ ਹੋ ਚੁੱਕੇ ਹਨ, ਜੋ ਕਿ ਸਾਰੇ ਬਲਾਕਾਂ ਵਿੱਚ ਮਿਲ ਚੁੱਕੇ ਹਨ, ਪਰ ਬਲਾਕ ਮਖੂ ਨੂੰ ਇੱਕ ਵੀ ਪੈਸਾ ਨਹੀਂ ਮਿਲਿਆ, ਜਿਸ ਕਾਰਨ ਸਾਰੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਬਿਨਾਂ ਤਨਖਾਹ ਤੋਂ ਕੰਮ ਕਰਨ ਲਈ ਮਜਬੂਰ ਹਨ। ਇਸ ਕਾਰਨ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਪੰਜਵੇਂ ਦਿਨ ਵੀ ਧਰਨਾ ਜਾਰੀ ਰੱਖਿਆ ਗਿਆ। ਉਨ੍ਹਾ ਕਿਹਾ ਕਿ ਜਦ ਤੱਕ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਤਦ ਤੱਕ ਸਾਰੇ ਕੰਮ ਅਣਮਿੱਥੇ ਸਮੇਂ ਲਈ ਬੰਦ ਰੱਖੇ ਜਾਣਗੇ। ਇਸ ਧਰਨੇ ਵਿੱਚ ਬਲਾਕ ਪ੍ਰਧਾਨ ਜੀਵਨ ਸ਼ਰਮਾ, ਪ੍ਰੈੱਸ ਸਕੱਤਰ ਗੁਰਮੀਤ ਕੌਰ, ਸੁਲਕਸ਼ਨਾ ਸ਼ਰਮਾ, ਸਰਕਲ ਪ੍ਰਧਾਨ ਸੁਖਵੰਤ ਕੌਰ, ਸੁਖਵੰਤ ਕੌਰ, ਬਲਜੀਤ ਕੌਰ, ਹਰਮੀਤ ਕੌਰ, ਗੁਰਮੀਤ ਕੌਰ, ਸਿਮਰਜੀਤ ਕੌਰ, ਸਲਵਿੰਦਰ ਕੌਰ, ਅੰਜੂ ਬਾਲਾ, ਮਨਦੀਪ ਕੌਰ, ਮੁਖਵਿੰਦਰ ਕੌਰ, ਸਰਨਜੀਤ ਕੌਰ, ਜਸਬੀਰ ਕੌਰ, ਮਨਜੀਤ ਕੌਰ, ਪਰਮਿੰਦਰ ਕੌਰ, ਸਲਵਿੰਦਰ ਕੌਰ, ਬਲਜੀਤ ਕੌਰ ਤੇ ਹੋਰ ਵਰਕਰਾਂ ਤੇ ਹੈਲਪਰਾਂ ਹਾਜ਼ਰ ਸਨ।

# ਮਲਟੀਪਰਪਜ਼ ਹੈਲਥ ਇੰਪਲਾਈਜ਼ ਵੱਲੋਂ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਭਲਕੇ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਆਪਣੀਆਂ ਹੱਕੀ ਮੰਗਾਂ ਲਈ ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਵੱਲੋਂ ਸੂਬਾ ਪ੍ਰਧਾਨ ਕੁਲਬੀਰ ਸਿੰਘ ਮੋਗਾ ਤੇ ਸੂਬਾ ਜਨਰਲ ਸਕੱਤਰ ਜਸਵਿੰਦਰ ਸਿੰਘ ਦੀ ਅਗਵਾਈ ਹੇਠ 24 ਫਰਵਰੀ ਨੂੰ ਪੰਜਾਬ ਦੇ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਕੁਲਪ੍ਰੀਤ ਸਮਰਾ ਤੇ ਬਲਾਕ ਪ੍ਰਧਾਨ ਸਤਵੰਤ ਸਿੰਘ ਕੰਬੋਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜਥੇਬੰਦੀ ਨੇ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਨਾ ਪੂਰਾ ਕਰਨ ਦੇ ਰੋਸ ਵਜੋਂ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ ਤੇ ਆਉਣ ਵਾਲੀ 24 ਫਰਵਰੀ ਨੂੰ ਸਿਹਤ ਮੰਤਰੀ ਪੰਜਾਬ ਦੀ ਪਟਿਆਲਾ ਵਿਖੇ ਕੋਠੀ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਇਸ ਸੰਬੰਧੀ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾ ਦੱਸਿਆ ਕਿ ਪਿਛਲੇ ਦਿਨੀਂ ਇੱਕ ਮੰਗ ਪੱਤਰ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਪੰਜਾਬ ਡਾ. ਆਦਰਸ਼ ਕੌਰ ਨੂੰ ਦਿੱਤਾ ਗਿਆ ਸੀ, ਜਿਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਜੇਕਰ 22 ਫਰਵਰੀ ਤੱਕ ਕੇਡਰ ਦਾ ਨਾਮ ਬਦਲਣ ਦੇ ਐਲਾਨ ਸਮੇਤ ਹੋਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਜਥੇਬੰਦੀ ਵੱਲੋਂ 24 ਫਰਵਰੀ ਨੂੰ ਸਿਹਤ ਮੰਤਰੀ ਪੰਜਾਬ ਦੀ ਪਟਿਆਲਾ ਕੋਠੀ ਅੱਗੇ ਸੂਬਾਈ ਰੋਸ ਧਰਨਾ ਦਿੱਤਾ ਜਾਵੇਗਾ। ਇਸ ਮੌਕੇ ਮਨਮੋਹਨ ਸਿੰਘ, ਪਰਮਾਵੀਰ ਸਿੰਘ, ਜਰਨੈਲ ਸਿੰਘ, ਜਗਤਾਰ ਸਿੰਘ, ਸੰਦੀਪ ਕੁਮਾਰ ਹਾਜ਼ਰ ਸਨ।

# ਪੰਜਾਬੀ ਮੁਟਿਆਰ ਭੁਪਿੰਦਰਜੀਤ ਬਣੀ ਇਟਲੀ 'ਚ ਡਾਕਟਰ

**ਇਟਲੀ (ਨ ਜ਼ ਸ)**-ਸ਼ੁਰੂਆਤੀ ਦੌਰ ਸਮੇਂ ਜਦੋਂ ਰੋਟੀ-ਰੋਜ਼ਗਾਰ ਦੀ ਭਾਲ ਵਿੱਚ ਆਪਣਾ ਘਰ ਪਰਵਾਰ ਛੱਡ ਕੇ ਦੁਨੀਆ ਦੇ ਵੱਖ-ਵੱਖ ਮੁਲਕਾਂ ਵਿੱਚ ਪੁੱਜੇ ਭਾਰਤੀ, ਜਿਨ੍ਹਾਂ ਵਿੱਚ ਜ਼ਿਆਦਾਤਰ ਪੰਜਾਬੀ ਭਾਈਚਾਰੇ ਦੇ ਲੋਕ ਸ਼ਾਮਲ ਸਨ, ਨੇ ਸ਼ਾਇਦ ਇਹ ਨਹੀਂ ਸੋਚਿਆ ਹੋਵੇਗਾ ਕਿ ਸਾਡੇ ਵੱਲੋਂ ਕੀਤੀ ਹੱਡ-ਭੰਨਵੀਂ ਮਿਹਨਤ ਇਸ ਕਦਰ ਰੰਗ ਲਿਆਵੇਗੀ ਕਿ ਸਾਡੇ ਬੱਚੇ ਵਿਦੇਸ਼ੀ ਧਰਤੀ 'ਤੇ ਪੜ੍ਹਾਈ ਕਰਕੇ ਸਫ਼ਲਤਾ ਦੇ ਝੰਡੇ ਗੱਡਣਗੇ, ਪਰ ਹੁਣ ਅਜਿਹੀਆਂ ਤਰੱਕੀਆਂ ਵੇਖ ਕੇ ਹਰ ਕੋਈ ਮਾਣ ਮਹਿਸੂਸ ਕਰ ਰਿਹਾ ਹੈ।ਅਜਿਹੀ ਤਾਜ਼ਾ ਖੁਸ਼ਖਬਰੀ ਇਟਲੀ ਦੇ ਵੀਰੋਨਾ ਸ਼ਹਿਰ ਤੋਂ ਆਈ ਹੈ, ਜਿੱਥੇ ਪੰਜਾਬ ਦੇ ਜ਼ਿਲ੍ਹਾ ਜਲੰਧਰ ਦੇ ਪਿੰਡ ਸਰਹਾਲੀ ਤੋਂ ਆਏ ਇਕ ਸਧਾਰਨ ਪਰਵਾਰ ਦੀ ਹੋਣਹਾਰ ਮੁਟਿਆਰ ਭੁਪਿੰਦਰਜੀਤ ਕੌਰ ਮੱਲ ਨੇ ਵੀਰੋਨਾ ਦੀ ਯੂਨੀਵਰਸਿਟੀ ਆਫ ਲਾਅ ਤੋਂ ਕਨੂੰਨੀ ਵਿਗਿਆਨ ਵਿੱਚ ਡਾਕਟਰ ਬਣ ਕੇ ਆਪਣੇ ਦਾਦਾ ਕਾਮਰੇਡ ਪ੍ਰਿੰਸੀਪਲ ਮੂਲ ਚੰਦ ਸਰਹਾਲੀ (ਮੈਂਬਰ ਜ਼ਿਲ੍ਹਾ ਸਕੱਤਰੇਤ ਸੀ ਪੀ ਆਈ ਐੱਮ ਜਲੰਧਰ), ਮਾਤਾ ਹਰੀਸ਼ ਕੁਮਾਰੀ, ਪਿਤਾ ਰਾਜ ਸਰਹਾਲੀ (ਉੱਘੇ ਪੰਜਾਬੀ ਪੰਜਾਬੀ ਗੀਤਕਾਰ ਤੇ ਸਾਬਕਾ ਮੁਲਾਜ਼ਮ ਪੰਜਾਬ ਪੁਲਸ) ਭੈਣ ਯਾਦਵਿੰਦਰਜੀਤ ਕੌਰ ਸਮੇਤ ਸਮੁੱਚੇ ਪਰਵਾਰ ਤੇ ਦੇਸ਼ ਦਾ ਮਾਣ ਵਧਾਇਆ ਹੈ।

ਇਸ ਮੌਕੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਉਸ ਦੇ ਪਿਤਾ ਸਾਥੀ ਰਾਜ ਸਰਹਾਲੀ ਨੇ ਦੱਸਿਆ ਕਿ ਉਨ੍ਹਾਂ ਦੀ ਬੇਟੀ ਪੜ੍ਹਾਈ ਵਿੱਚ ਹਮੇਸ਼ਾ ਹੀ ਅੱਵਲ ਦਰਜੇ ਨਾਲ ਅੱਗੇ ਰਹੀ ਹੈ। ਅੱਗੋਂ ਵੀ ਵੱਡੀਆਂ ਉਮੀਦਾਂ ਨਾਲ ਵੀਰੋਨਾ ਯੂਨੀਵਰਸਿਟੀ ਵਿੱਚ ਪੜ੍ਹਾਈ ਜਾਰੀ ਹੈ।ਇਸ ਮੌਕੇ ਉਨ੍ਹਾਂ ਦੇ ਪਰਿਵਾਰ ਨੂੰ ਡਾਕਟਰ ਸੁਲੇਖ ਰਾਜ ਮੱਲ, ਸੋਨੀਆ ਮੱਲ, ਸੌਰਵ ਮੱਲ, ਸਿਮਰਨ ਮੱਲ, ਪ੍ਰਵੀਨ ਰੱਲ, ਮੁਨੀਸ਼ ਰੱਲ, ਅਕਾਸ਼ਦੀਪ, ਪੱਲਵੀ ਰੱਲ, ਕਾਮਰੇਡ ਦਵਿੰਦਰ ਹੀਉਂ, ਰਾਣਾ ਰਵਿੰਦਰ, ਨਰਿੰਦਰ ਗੋਸਲ, ਮਾਸਟਰ ਬਲਵੀਰ ਮੱਲ, ਗਿਆਨੀ ਰਣਧੀਰ ਸਿੰਘ ਸਮੇਤ ਬਹੁਤ ਸਾਰੇ ਇਟਲੀ, ਇੰਗਲੈਂਡ, ਕੈਨੇਡਾ ਵਸਦੇ ਸਾਕ-ਸਨੇਹੀਆਂ ਵੱਲੋਂ ਮੁਬਾਰਕਬਾਦ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਕਾਤਰਾਂ

### ਬਕਾਇਆ ਮੁਆਵਜ਼ੇ ਲਈ ਕੀਤਾ ਸੂਚਿਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ)**-ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਸੂਦਨ ਨੇ ਕਿਹਾ ਹੈ ਕਿ 1984 ਦੇ ਉਹ ਦੰਗਾ ਪੀੜਤ ਡਿਪਟੀ ਕਮਿਸ਼ਨਰ ਦਫ਼ਤਰ ਨਾਲ ਸੰਪਰਕ ਕਰ ਸਕਦੇ ਹਨ, ਜਿਨ੍ਹਾਂ ਨੂੰ 3.5 ਲੱਖ ਰੁਪਏ ਦਾ ਮੁਆਵਜ਼ਾ ਮਿਲਿਆ ਸੀ, ਕਿਉਂਕਿ ਸਰਕਾਰ ਵੱਲੋਂ 5 ਲੱਖ ਰੁਪਏ ਦਾ ਕੁੱਲ ਮੁਆਵਜ਼ਾ ਦੇਣ 'ਤੇ ਵਿਚਾਰ ਕੀਤਾ ਜਾ ਰਿਹਾ ਹੈ। ਅਜਿਹੇ ਦੰਗਾ ਪੀੜਤ, ਜਿਨ੍ਹਾਂ ਨੂੰ 3.5 ਲੱਖ ਰੁਪਏ ਦਾ ਮੁਆਵਜ਼ਾ ਮਿਲ ਚੁੱਕਾ ਸੀ, ਉਹ ਉਸੇ ਡਿਪਟੀ ਕਮਿਸਨਰ ਦਫ਼ਤਰ ਨਾਲ ਸੰਪਰਕ ਕਰਨ, ਜਿਸ ਜ਼ਿਲ੍ਹੇ ਵਿੱਚੋਂ ਉਹਨਾਂ ਨੂੰ ਇਹ ਮੁਆਵਜ਼ਾ ਮਿਲਿਆ ਸੀ ਤਾਂ ਜੋ ਉਨ੍ਹਾਂ ਨੂੰ ਬਕਾਇਆ ਮੁਆਵਜ਼ਾ ਦੇਣ 'ਤੇ ਸਰਕਾਰ ਵਿਚਾਰ ਕਰ ਸਕੇ।

### ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਲਈ ਵਿਸ਼ੇਸ਼ ਕੈਂਪ 25 ਨੂੰ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆ ਰਹੀਆਂ ਆਮ ਚੋਣਾਂ ਲਈ ਚੋਣ ਕਮਿਸ਼ਨਰ ਅਤੇ ਸਰਕਾਰ ਦੀ ਹਦਾਇਤਾਂ ਅਨੁਸਾਰ ਸਾਰੇ ਜ਼ਿਲ੍ਹਿਆਂ ਵਿੱਚ ਵੋਟਾਂ ਬਨਾਉਣ ਦੀ ਪ੍ਰਕ੍ਰਿਆ ਜੰਗੀ ਪੱਧਰ 'ਤੇ ਚੱਲ ਰਹੀ ਹੈ। ਜਿਸ ਦੀ ਆਖਰੀ ਤਾਰੀਕ 29 ਫਰਵਰੀ ਹੈ। ਵੋਟਰਾਂ ਦੀ ਮੁਸ਼ਕਲ ਨੂੰ ਸਮਝਦਿਆਂ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਵੱਲੋਂ ਇਕ ਵਿਸ਼ੇਸ਼ ਕੈਂਪ ਮਖੂ ਗੇਟ ਦੇ ਬਾਹਰ ਨਜ਼ਦੀਕ ਆਰਐੱਸਡੀ ਕਾਲਜ 25 ਫਰਵਰੀ ਨੂੰ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ, ਕੌਮੀ ਜਨਰਲ ਸਕੱਤਰ ਗਗਨਦੀਪ ਸਿੰਘ ਚਾਵਲਾ ਤੇ ਕੌਮੀ ਸਕੱਤਰ ਜਰਨੈਲ ਸਿੰਘ ਗਾਬੜੀਆ ਨੇ ਦੱਸਿਆ ਕਿ ਵੋਟਰਾਂ ਦੀ ਮੁਸ਼ਕਲ ਨੂੰ ਵੇਖਦਿਆਂ ਜਿਹੜੇ ਵੋਟਰ ਦਫਤਰਾਂ ਵਿਚ ਨਹੀਂ ਜਾ ਸਕਦੇ ਉਨ੍ਹਾਂ ਦੇ ਫਾਰਮ ਇਸ ਕੈਂਪ ਵਿਚ ਭਰੇ ਜਾਣਗੇ। ਆਗੂਆਂ ਨੇ ਸਿੱਖ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਧਾਰ ਕਾਰਡ ਦੀ ਫੋਟੋ ਕਾਪੀ ਅਤੇ ਇਕ ਪਾਸਪੋਰਟ ਸਾਈਜ਼ ਦੀ ਫੋਟੋ ਜ਼ਰੂਰ ਲੈ ਕੇ ਆਉਣ ਤਾਂ ਜੋ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਇਹ ਕੈਂਪ 25 ਫਰਵਰੀ ਨੂੰ ਸਵੇਰੇ ਦਸ ਵਜੇ ਤੋਂ ਲੈ ਕੇ ਤਿੰਨ ਵਜੇ ਤੱਕ ਲੱਗੇਗਾ।

### ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ, 2 ਖਿਲਾਫ਼ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਤੰਗ ਪ੍ਰੇਸ਼ਾਨ ਕਰਨ ਤੇ ਉਸ ਦੀ ਕੁੱਟਮਾਰ ਕਰਕੇ ਉਸ ਨੂੰ ਘਰੋਂ ਬਾਹਰ ਕੱਢਣ ਦੇ ਦੋਸ਼ ਵਿੱਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਿਸ ਨੇ ਵਿਆਹੁਤਾ ਦੇ ਸਹੁਰੇ ਪਰਿਵਾਰ ਦੇ ਦੋ ਮੈਂਬਰਾਂ ਖਿਲਾਫ 498-ਏ, 406 ਆਈਪੀਸੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਪ੍ਰੇਮ ਕੁਮਾਰ ਨੇ ਦੱਸਿਆ ਕਿ ਦਰਖਾਸਤ/ਯੂਆਈਡੀ ਨੰਬਰ 247433 ਰਾਹੀਂ ਗੁਰਪ੍ਰੀਤ ਕੌਰ ਪੁੱਤਰੀ ਹਰਨੇਕ ਸਿੰਘ ਵਾਸੀ ਤਲਵੰਡੀ ਭਾਈ ਨੇ ਦੱਸਿਆ ਕਿ ਉਸ ਦਾ ਵਿਆਹ ਇੰਦਰਜੀਤ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਮਕਾਨ ਨੰਬਰ 199 ਗਲੀ ਨੰਬਰ 3, ਨੇੜੇ ਗੁਰਦੁਆਰਾ ਸ੍ਰੀ ਚੰਦ, ਸ੍ਰੀ ਚੰਦ ਐਵਨਿਓ, 27 ਫੁੱਟੀ ਰੋਡ ਮਜੀਠਾ ਰੋਡ ਸ੍ਰੀ ਅੰਮ੍ਰਿਤਸਰ ਸਾਹਿਬ ਨਾਲ ਮਿਤੀ 10 ਫਰਵਰੀ 2023 ਨੂੰ ਹੋਇਆ ਸੀ, ਵਿਆਹ ਸਮੇਂ ਉਸ ਦੇ ਮਾਤਾ ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਇਸਤਰੀ ਧਨ ਵਜੋਂ ਦਿੱਤਾ ਸੀ, ਪਰ ਦੋਸ਼ੀ ਇਸ ਤੋਂ ਖੁਸ਼ ਨਹੀਂ ਸਨ। ਦੋਸ਼ੀਅਨ ਜੋ ਉਸ ਨੂੰ ਘੱਟ ਦਾਜ ਦਹੇਜ ਲਿਆਉਣ ਕਰਕੇ ਤੰਗ ਪ੍ਰੇਸ਼ਾਨ ਕਰਨ ਲੱਗੇ ਤੇ ਦਾਜ ਵਿਚ ਥਾਰ ਗੱਡੀ ਦੀ ਮੰਗ ਕਰਦੇ ਸਨ ਤੇ ਉਸ ਵੱਲੋਂ ਇਨਕਾਰ ਕਰਨ 'ਤੇ ਉਸ ਦੀ ਕੁੱਟਮਾਰ ਕਰਕੇ ਘਰੋਂ ਕੱਢ ਦਿੱਤਾ ਤੇ ਉਸ ਦਾ ਇਸਤਰੀ ਧਨ ਖੁਰਦ-ਬੁਰਦ ਕਰ ਰਹੇ ਹਨ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਵਿਆਹੁਤਾ ਦੇ ਬਿਆਨਾਂ 'ਤੇ ਦੋਸ਼ੀਅਨ ਇੰਦਰਜੀਤ ਸਿੰਘ ਤੇ ਸੱਸ ਪਰਮਜੀਤ ਕੌਰ ਖਿਲਾਫ਼ ਬਾਅਦ ਪੜਤਾਲ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ

### ਮੈਡੀਕਲ ਪ੍ਰੈਕਟੀਸ਼ਨਰਾਂ ਦੀਆਂ ਮੰਗਾਂ ਨੂੰ ਏਜੰਡੇ 'ਚ ਸ਼ਾਮਲ ਕਰਨ ਦੀ ਮੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ 

23-Feb-PAGE-8.qxd 2/22/2024 10:47 PM Page 1



# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਮਜ਼ਦੂਰ ਜੋੜੋ ਪੈਦਲ ਯਾਤਰਾ ਜਾਰੀ

**ਕਰਤਾਰਪੁਰ, (ਹਰਮੇਸ਼ ਦੱਤ)**

ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਮਜ਼ਦੂਰਾਂ ਨੂੰ ਲਾਮਬੰਦ ਕਰਨ ਲਈ ਮਜ਼ਦੂਰ ਜੋੜੋ ਪੈਦਲ ਯਾਤਰਾ ਦੂਸਰੇ ਦਿਨ ਵੀ ਜਾਰੀ ਰਹੀ। ਇਹ ਯਾਤਰਾ ਲੈਂਡ ਸੀਲਿੰਗ ਐਕਟ ਤੋਂ ਵਾਧੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਕਿਸਾਨਾਂ ਨੂੰ ਵੰਡਣ,ਘਰ, ਮਕਾਨ, ਲਾਲ ਲਕੀਰ ਵਿੱਚ ਰਹਿੰਦੇ ਲੋਕਾਂ ਨੂੰ ਮਾਲਕੀ ਹੱਕ ਦੇਣ,ਆਲ ਇੰਡੀਆ ਲੇਬਰ ਕਾਨਫਰੰਸ 1956 ਅਨੁਸਾਰ ਦਿਹਾੜੀ 1 ਹਜ਼ਾਰ ਰੁਪਏ, ਸਾਰਾ ਸਾਲ ਕੰਮ, ਐਤਵਾਰ ਦੀਛੁੱਟੀਕਰਨ,ਸਹਿਕਾਰੀ,ਸਰਕਾਰੀ ਤੇ ਗੈਰ ਸਰਕਾਰੀ ਕਰਜ਼ੇ ਮੁਆਫ਼ ਕਰਨ, ਬਦਲਵੇਂ ਕਰਜ਼ੇ ਦਾ ਪ੍ਰਬੰਧ ਕਰਨ ਅਤੇ ਸਮਾਜਿਕ,ਆਰਥਿਕ, ਰਾਜਨੀਤਿਕ ਵਿਤਕਰਾ ਬੰਦ ਕਰਨ ਵਰਗੇ ਮਜ਼ਦੂਰਾਂ ਦੇ ਬੁਨਿਆਦੀ ਮੁੱਦਿਆਂ ਦੇ ਹੱਲ ਲਈ ਸੰਘਰਸ਼ ਵਿੱਢਣ ਵਾਸਤੇ ਕੀਤਾ ਜਾ ਰਿਹਾ ਹੈ। ਇਸਦਾ ਸਿੱਖਰ ਮਾਰਚ ਮਹੀਨੇ ਵੱਡਾ ਇਕੱਠ ਕੀਤਾ ਜਾਵੇਗਾ। ਇਸ ਸੰਘਰਸ਼ ਵਿੱਚ ਮਜ਼ਦੂਰਾਂ ਨੂੰ ਸ਼ਾਮਲ ਹੋਣ ਦਾ ਹੋਕਾ ਦਿੱਤਾ ਜਾ ਰਿਹਾ ਹੈ।ਦੂਸਰੇ ਦਿਨ ਮਜ਼ਦੂਰ ਜੋੜੋ ਪੈਦਲ ਯਾਤਰਾ ਪਿੰਡ ਬੱਧੂਨੰਗਲ ਕਲੋਨੀ ਤੋਂ ਸ਼ੁਰੂ ਹੋ ਕੇ ਬੱਧੂਨੰਗਲ, ਖੁਸਰੋਪੁਰ,ਪਾੜਾ ਪਿੰਡ, ਫਾਜਿਲਪੁਰ ਤੋਂ ਹੁੰਦੀ ਹੋਈ ਪਿੰਡ ਘੁੱਗਸ਼ੋਰ ਵਿਖੇ ਸਮਾਪਤ ਹੋਈ। ਯਾਤਰਾ ਦੌਰਾਨ ਇਹਨਾਂ ਪਿੰਡਾਂ ਵਿੱਚ ਭਰਵੀਆਂ ਰੈਲੀਆਂ ਵੀ ਹੋਈਆਂ। ਯਾਤਰਾ ਦੌਰਾਨ ਪਾੜਾ ਪਿੰਡ ਵਿਖੇ ਯੂਨੀਅਨ ਆਗੂ ਪਰਮਜੀਤ ਕੌਰ, ਦਵਿੰਦਰ ਸਿੰਘ, ਸੁੱਚਾ, ਕੰਚਨ ਦੇਵੀ ਅਤੇ ਬਲਵਿੰਦਰ ਕੌਰ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਵਾਂਗ ਬਦਲਾਅ ਵਾਲੀ ਭਗਵੰਤ ਮਾਨ ਸਰਕਾਰ ਪਿੰਡ ਪਿੰਡ ਹੋਕੇ ਦਿੰਦੇ ਫਿਰ ਰਹੇ ਹਨ ਕਿ ਸਰਟੀਫਿਕੇਟ ਬਣਵਾ ਲਵੋ, ਸਰਟੀਫਿਕੇਟ ਤਾਂ ਬਣਾ ਰਹੀ ਹੈ ਪ੍ਰੰਤੂ ਕੇਂਦਰ ਅਤੇ ਸੂਬਾ ਸਰਕਾਰਾਂ ਜਗੀਰਦਾਰਾਂ ਅਤੇ ਦੇਸੀ ਵਿਦੇਸੀ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਲਾਗੂ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਅਜਿਹੀ ਹਾਲਾਤ ਵਿੱਚ ਮਜ਼ਦੂਰਾਂ ਨੂੰ ਜਥੇਬੰਦ ਹੋ ਕੇ ਸੰਘਰਸ਼ ਦੇ ਰਸਤੇ ਪੈਣਾ ਹੋਵੇਗਾ।ਇਸ ਮੌਕੇ ਯੂਨੀਅਨ ਦੇ ਤਹਿਸੀਲ ਆਗੂ ਕੇ.ਐੱਸ.ਅਟਵਾਲ, ਪਰਮਜੀਤ ਕੌਰ ਮੀਕੇ ਤੋਂ ਇਲਾਵਾ ਇਸਤਰੀ ਜਾਗ੍ਰਿਤੀ ਮੰਚ ਦੀ ਆਗੂ ਬਲਵਿੰਦਰ ਕੌਰ ਦਿਆਲਪੁਰ ਤੇ ਦਲਜੀਤ ਕੌਰ ਆਦਿ ਨੇ ਵੀ ਸੰਬੋਧਨ ਕੀਤਾ।

# 120 ਗ੍ਰਾਮ ਹੈਰੋਇਨ ਸਮੇਤ ਦੋ ਕਾਬੂ

**ਜਲੰਧਰ, (ਸ਼ੈਲੀ ਐਲਬਰਟ)**

ਸਥਾਨਕ ਪੁਲਸ ਨੇ ਦੋ ਨਸ਼ਾ ਤਸਕਰਾਂ ਨੂੰ 120 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਦੱਸਿਆ ਕਿ ਵੇਰਕਾ ਮਿਲਕ ਪਲਾਂਟ ਸਰਵਿਸ ਰੋਡ 'ਤੇ ਚੈਕਿੰਗ ਕੀਤੀ ਜਾ ਰਹੀ ਸੀ ਕਿ ਪੁਲਸ ਪਾਰਟੀ ਨੇ ਕਰਤਾਰਪੁਰ ਵਾਲੇ ਪਾਸੇ ਤੋਂ ਪੈਦਲ ਆਉਂਦੇ ਇਕ ਵਿਅਕਤੀ ਨੂੰ ਦੇਖਿਆ। ਪੁਲਸ ਨੂੰ ਵੇਖਦਿਆਂ ਹੀ ਵਿਅਕਤੀ ਅਚਾਨਕ ਵਾਪਿਸ ਮੁੜ ਗਿਆ ਅਤੇ ਇੱਕ ਛੋਟਾ ਪੋਲੀਥੀਨ ਸੁੱਟ ਦਿੱਤਾ। ਪੋਲੀਥੀਨ ਦੀ ਜਾਂਚ ਕਰਨ 'ਤੇ 70 ਗਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਤੇਜੀ ਨਾਲ ਕਾਰਵਾਈ ਕਰਦੇ ਹੋਏ ਉਕਤ ਵਿਅਕਤੀ ਨੂੰ ਕਾਬੂ ਕਰ ਲਿਆ, ਜਿਸ ਦੀ ਪਛਾਣ ਮਨਦੀਪ ਸਿੰਘ ਉਰਫ ਰਾਜੂ ਪੁੱਤਰ ਜਰਨੈਲ ਸਿੰਘ ਵਾਸੀ ਗਲੀ ਨੰਬਰ 1 ਪਿੰਡ ਚੱਕ ਜੀਂਦਾ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਜਾਂਚ ਪੜਤਾਲ ਵਿੱਚ ਇੱਕ ਹੋਰ ਮੁਲਜਮ ਹਰਦੀਪ ਸਿੰਘ ਪੈਰੀ ਪੁੱਤਰ ਪਰਮਜੀਤ ਸਿੰਘ ਵਾਸੀ ਐਚ.ਨੰਬਰ 155 ਨਿਊ ਅਰੋੜਾ ਕਲੋਨੀ ਪਿੰਡ ਮਿੱਠਾਪੁਰ ਜਲੰਧਰ ਦੀ ਸ਼ਮੂਲੀਅਤ ਸਾਹਮਣੇ ਆਈ, ਜਿਸ ਨੂੰ ਵੀ ਉਸੇ ਦਿਨ 50 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ।

# ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਨਿਹੱਥੇ ਕਿਸਾਨਾਂ 'ਤੇ ਗੋਲੀ ਚਲਾਉਣਾ ਬੇਹੱਦ ਸ਼ਰਮਨਾਕ : 'ਆਪ'

**ਚੰਡੀਗੜ੍ਹ, (ਗੁਰਜੀਤ ਬਿੱਲਾ)**

ਆਮ ਆਦਮੀ ਪਾਰਟੀ ਨੇ ਕਿਸਾਨ ਅੰਦੋਲਨ ਦੌਰਾਨ ਹਰਿਆਣਾ ਪੁਲਸ ਦੀ ਗੋਲੀ ਲੱਗਣ ਕਾਰਨ ਇੱਕ ਨੌਜਵਾਨ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪਾਰਟੀ ਨੇ ਇਸ ਘਟਨਾ ਨੂੰ ਭਾਜਪਾ ਸਰਕਾਰ ਵੱਲੋਂ ਅੱਤਿਆਚਾਰ ਕਰਾਰ ਦਿੱਤਾ ਹੈ।ਪਾਰਟੀ ਨੇ ਕਿਹਾ ਕਿ ਪ੍ਰਦਰਸ਼ਨ ਕਰ ਰਹੇ ਨਿਹੱਥੇ ਕਿਸਾਨਾਂ 'ਤੇ ਗੋਲੀਬਾਰੀ ਬਹੁਤ ਹੀ ਸ਼ਰਮਨਾਕ ਗੱਲ ਹੈ। ਹਰਿਆਣਾ ਪੁਲਸ ਦੀ ਇਹ ਕਾਰਵਾਈ ਬਰਦਾਸ਼ਤਯੋਗ ਨਹੀਂ ਹੈ। ਆਮ ਆਦਮੀ ਪਾਰਟੀ ਅਜਿਹੇ ਹਰ ਕਦਮ ਦਾ ਸਖ਼ਤ ਵਿਰੋਧ ਕਰਦੀ ਹੈ।ਪਾਰਟੀ ਨੇ ਕਿਹਾ ਕਿ ਪੰਜਾਬ, ਹਰਿਆਣਾ ਸਮੇਤ ਕਈ ਰਾਜਾਂ ਦੇ ਕਿਸਾਨ ਦਿੱਲੀ ਵਿੱਚ ਸ਼ਾਂਤੀਪੂਰਵਕ ਪ੍ਰਦਰਸ਼ਨ ਕਰਨਾ ਚਾਹੁੰਦੇ ਹਨ।ਇਸ ਲਈ ਕੇਂਦਰ ਸਰਕਾਰ ਉਸ ਨੂੰ ਦਿੱਲੀ ਜਾਣ ਦੀ ਇਜਾਜ਼ਤ ਦੇਵੇ।ਪਾਰਟੀ ਨੇ ਕਿਸਾਨਾਂ ਪ੍ਰਤੀ ਹਿੰਸਕ ਵਿਵਹਾਰ ਲਈ ਭਾਜਪਾ, ਕੇਂਦਰ ਅਤੇ ਹਰਿਆਣਾ ਸਰਕਾਰਾਂ ਦੀ ਸਖ਼ਤ ਆਲੋਚਨਾ ਕੀਤੀ।ਪਾਰਟੀ ਨੇ ਕਿਹਾ ਕਿ ਕਿਸਾਨਾਂ ਨੂੰ ਪ੍ਰਦਰਸ਼ਨ ਕਰਨ ਦਾ ਸੰਵਿਧਾਨਕ ਹੱਕ ਹੈ। ਉਨ੍ਹਾਂ ਨੂੰ ਰੋਕਣ ਲਈ ਹਰਿਆਣਾ ਸਰਕਾਰ ਵੱਲੋਂ ਕੰਡਿਆਲੀ ਤਾਰ ਦੀ ਵਰਤੋਂ ਬਿਲਕੁੱਲ ਗੈਰ-ਸੰਵਿਧਾਨਕ ਅਤੇ ਗੈਰ-ਜਮਹੂਰੀ ਹੈ।ਕੇਂਦਰ ਸਰਕਾਰ ਕਿਸਾਨਾਂ 'ਤੇ ਤਸ਼ੱਦਦ ਕਰਨਾ ਬੰਦ ਕਰੇ ਅਤੇ ਜਲਦੀ ਹੀ ਉਨ੍ਹਾਂ ਦੀਆਂ ਸਾਰੀਆਂ ਮੰਗਾਂ ਮੰਨੇ।ਇਸ ਘਟਨਾ ਤੋਂ ਬਾਅਦ ਪੰਜਾਬ ਸਰਕਾਰ ਦੇ ਸਿਹਤ ਮੰਤਰੀ ਡਾ ਬਲਬੀਰ ਸਿੰਘ ਪਟਿਆਲਾ ਦੇ ਰਾਜਿੰਦਰ ਹਸਪਤਾਲ ਪੁੱਜੇ। ਉਨ੍ਹਾਂ ਹਸਪਤਾਲ ਵਿੱਚ ਦਾਖ਼ਲ ਜ਼ਖ਼ਮੀ ਕਿਸਾਨਾਂ ਦਾ ਹਾਲ-ਚਾਲ ਪੁੱਛਿਆ ਅਤੇ ਉਨ੍ਹਾਂ ਨੂੰ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।ਮੰਤਰੀ ਚੇਤਨ ਸਿੰਘ ਜੋੜਾਮਾਜਰਾ ਨੇ ਵੀ ਪਟਿਆਲਾ ਦੇ ਰਾਜਿੰਦਰ ਹਸਪਤਾਲ ਵਿੱਚ ਜ਼ਖਮੀ ਕਿਸਾਨਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਕਿਹਾ ਕਿ ਇਹ ਘਟਨਾ ਬਹੁਤ ਹੀ ਦੁਖਦਾਈ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਕੇਂਦਰ ਦੀ ਭਾਜਪਾ ਸਰਕਾਰ ਕਿਸਾਨਾਂ ਨਾਲ ਧੱਕਾ ਕਰ ਰਹੀ ਹੈ।ਵਿੱਤ ਮੰਤਰੀ ਹਰਪਾਲ ਚੀਮਾ ਨੇ ਵੀ ਮ੍ਰਿਤਕ ਨੌਜਵਾਨ ਕਿਸਾਨ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਕਿਸਾਨਾਂ 'ਤੇ ਪੁਲਸ ਵੱਲੋਂ ਗੋਲੀਬਾਰੀ ਲਈ ਹਰਿਆਣਾ ਅਤੇ ਕੇਂਦਰ ਦੀ ਭਾਜਪਾ ਸਰਕਾਰ ਦੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਨਿਹੱਥੇ ਕਿਸਾਨਾਂ 'ਤੇ ਗੋਲੀ ਚਲਾਉਣਾ ਭਾਜਪਾ ਸਰਕਾਰ ਦੀ ਕਾਇਰਤਾ ਭਰੀ ਕਾਰਵਾਈ ਹੈ।

# ਪ੍ਰਵਾਸੀ ਮਜ਼ਦੂਰ ਨੂੰ ਲੁੱਟਣ ਦੀ ਤਿੰਨ ਲੁਟੇਰਿਆਂ ਵੱਲੋਂ ਨਾਕਾਮ ਕੋਸ਼ਿਸ਼

**ਅਲਾਵਲਪੁਰ, (ਮਦਨ ਬੰਗੜ)**

ਪੁਲਸ ਚੌਕੀ ਅਲਾਵਲਪੁਰ ਦੇ ਖੇਤਰ ਵਿੱਚ ਪਿਛਲੇ ਕੁਝ ਸਮੇ ਤੋਂ ਹੋ ਰਹੀਆਂ ਲੁੱਟ ਖੋਹ ਦੀਆਂ ਵਾਰਦਾਤਾਂ ਕਾਰਨ ਇਲਾਕੇ ਵਿੱਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਬੀਤੀ ਸ਼ਾਮ ਸਿਕੰਦਰਪੁਰ -ਅਲਾਵਲਪੁਰ ਸੜਕ 'ਤੇ ਪ੍ਰਵਾਸੀ ਮਜ਼ਦੂਰਾਂ ਕੋਲੋਂ ਤਿੰਨ ਲੁਟੇਰਿਆਂ ਨੇ ਇੱਕ ਮੋਬਾਇਲ ਅਤੇ ਨਗਦੀ ਲੁੱਟਣ ਦੀ ਨਾਕਾਮ ਕੋਸ਼ਿਸ਼ ਕੀਤੀ। ਪ੍ਰਵਾਸੀ ਮਜ਼ਦੂਰ ਰਾਜੇਸ਼ ਨੇ ਦੱਸਿਆ ਕਿ ਉਹ ਰਾਤ ਕਰੀਬ 8 ਵਜੇ ਅਲਾਵਲਪੁਰ ਤੋਂ ਸਿਕੰਦਰਪੁਰ ਰੋਡ ਸਥਿਤ ਖੇਤਾਂ 'ਚ ਆਪਣੇ ਘਰ ਜਾ ਰਿਹਾ ਸੀ ਕਿ ਰਸਤੇ 'ਚ ਮੋਟਰਸਾਈਕਲ ਸਵਾਰ 3 ਅਣਪਛਾਤੇ ਲੁਟੇਰਿਆਂ ਨੇ ਉਸ ਨੂੰ ਘੇਰ ਕੇ ਜ਼ਬਰਦਸਤੀ ਮੋਬਾਇਲ ਫੋਨ ਤੇ ਕੁਝ ਨਕਦੀ ਖੋਹ ਲਈ ਤੇ ਉਸ ਦੀ ਲੱਤ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਵੀ ਕਰ ਦਿੱਤਾ, ਜਿਸ ਕਾਰਨ ਉਹ ਹੇਠਾਂ ਡਿੱਗ ਗਿਆ। ਹੇਠਾਂ ਡਿੱਗਦੇ ਹੀ ਉਸ ਨੇ ਲੁਟੇਰੇ ਦੇ ਮੋਟਰਸਾਈਕਲ ਦੀ ਚੇਨ ਜ਼ੋਰ ਨਾਲ ਖਿੱਚੀ ਤੇ ਉਹ ਟੁੱਟ ਗਈ ਅਤੇ ਉਸ ਨੇ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ।ਇਸ ਦੌਰਾਨ ਨੇੜਲੇ ਕਾਰਖਾਨੇ ਕੋਲ ਕੰਮ ਤੋਂ ਆ ਰਹੇ ਕੁਝ ਵਿਅਕਤੀਆਂ ਨੇ ਤਿੰਨ ਲੁਟੇਰਿਆਂ ਵਿੱਚੋਂ ਇੱਕ ਨੂੰ ਉਸਦੇ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ ਅਤੇ ਉਸ ਨੂੰ ਪੁਲਸ ਚੌਕੀ ਅਲਾਵਲਪੁਰ ਦੇ ਅਧਿਕਾਰੀਆਂ ਦੇ ਹਵਾਲੇ ਕਰ ਦਿੱਤਾ।

# ਭਾਜਪਾ ਦੇਸ਼ 'ਚ ਸਿੱਖਾਂ ਤੇ ਘੱਟ ਗਿਣਤੀਆਂ ਵਿਰੁੱਧ ਬਿਰਤਾਂਤ ਕਾਇਮ ਕਰਨ ਦੀ ਕੋਸ਼ਿਸ਼ ਕਰ ਰਹੀ : ਗਰਗ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ (ਆਪ) ਦੇ ਸੂਬਾ ਬੁਲਾਰੇ ਨੀਲ ਗਰਗ ਨੇ ਪੱਛਮੀ ਬੰਗਾਲ ਦੇ ਸੰਦੇਸ਼ਖਾਲੀ ਦੀ ਘਟਨਾ ਨੂੰ ਭਾਜਪਾ ਦੀ ਸੋਚੀ ਸਮਝੀ ਸਾਜਿਸ਼ ਕਰਾਰ ਦਿੱਤਾ ਹੈ। ਉਨ੍ਹਾਂ ਇਸ ਘਟਨਾ ਲਈ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਇਸ ਸੰਬੰਧੀ ਭਾਜਪਾ ਦੇ ਕੌਮੀ ਪ੍ਰਧਾਨ ਤੋਂ ਸਪੱਸ਼ਟੀਕਰਨ ਮੰਗਿਆ ਹੈ। ਚੰਡੀਗੜ੍ਹ ਪਾਰਟੀ ਹੈੱਡਕੁਆਰਟਰ ਵਿਖੇ ਬੁਲਾਰੇ ਜਸਤੇਜ ਸਿੰਘ ਦੇ ਨਾਲ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਨੀਲ ਗਰਗ ਨੇ ਕਿਹਾ ਕਿ ਬੰਗਾਲ ਦੀ ਧਰਤੀ ਰਬਿੰਦਰਨਾਥ ਟੈਗੋਰ ਅਤੇ ਸੁਭਾਸ਼ ਚੰਦਰ ਬੋਸ ਦੀ ਧਰਤੀ ਹੈ। ਪਰ ਪਿਛਲੇ ਕੁਝ ਸਾਲਾਂ ਤੋਂ ਭਾਜਪਾ ਲਗਾਤਾਰ ਬੰਗਾਲ 'ਚ ਅਲਪਸੰਖਿਅਕਾਂ ਵਿਰੁੱਧ ਨਫ਼ਰਤ ਫੈਲਾਉਣ ਦਾ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ 'ਚ ਸਿੱਖਾਂ ਅਤੇ ਅਲਪਸੰਖਿਅਕਾਂ ਵਿਰੁੱਧ ਬਿਰਤਾਂਤ ਕਾਇਮ ਕਰਨ ਦੀ ਲਗਾਤਾਰ ਕੋਸ਼ਿਸ਼ ਕਰ ਰਹੀ ਹੈ। ਭਾਜਪਾ ਦੀ ਕੇਂਦਰੀ ਲੀਡਰਸ਼ਿਪ ਇਸ ਲਈ ਸਪੱਸ਼ਟ ਤੌਰ 'ਤੇ ਜ਼ਿੰਮੇਵਾਰ ਹੈ ਕਿਉਂਕਿ ਇਨ੍ਹਾਂ ਘਟਨਾਵਾਂ ਦੀ ਰੂਪ-ਰੇਖਾ ਦਿੱਲੀ 'ਚ ਹੀ ਤੈਅ ਹੁੰਦੀ ਹੈ। ਆਮ ਆਦਮੀ ਪਾਰਟੀ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਤੋਂ ਮੰਗ ਕਰਦੀ ਹੈ ਕਿ ਇਸ ਮੁੱਦੇ 'ਤੇ ਜਲਦੀ ਤੋਂ ਜਲਦੀ ਸਪੱਸ਼ਟੀਕਰਨ ਦੇਵੇ ਅਤੇ ਮੁਆਫੀ ਮੰਗੇ। ਉਨ੍ਹਾਂ ਇਸ ਘਟਨਾ ਲਈ ਜ਼ਿੰਮੇਵਾਰ ਬੰਗਾਲ ਭਾਜਪਾ ਆਗੂਆਂ ਖਿਲਾਫ ਵੀ ਕਾਰਵਾਈ ਦੀ ਮੰਗ ਵੀ ਕੀਤੀ।

# ਅੰਮ੍ਰਿਤ ਅਭਿਲਾਖੀ ਚੇਤਨਾ ਯਾਤਰਾ ਸ੍ਰੀ ਅਨੰਦਪੁਰ ਸਾਹਿਬ ਪੁੱਜੀ

**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)** - ਸ਼ਬਦ ਸੁਰਤਿ ਸੁਮੇਲ ਪ੍ਰਚਾਰ ਵਹੀਰ ਵਲੋਂ ਗੁਰਮਤਿ ਪ੍ਰਚਾਰ ਕਰਨ ਹਿੱਤ ਬਲਾਕ ਪੱਧਰ 'ਤੇ ਪ੍ਰੋਗਰਾਮ ਉਲੀਕਿਆ ਗਿਆ। ਇਸ ਲੜੀ ਵਿੱਚ ਸਾਕਾ ਨਨਕਾਣਾ ਸਾਹਿਬ , ਜੈਤੋ ਦੇ ਮੋਰਚੇ ਦੇ

ਸਮੂਹ ਸ਼ਹੀਦਾਂ ਨੂੰ ਪ੍ਰਣਾਮ ਕਰਦੇ ਹੋਏ ਅਤੇ ਮਾਂ ਬੋਲੀ ਦਿਵਸ (ਪੰਜਾਬੀ) ਨੂੰ ਸਮਰਪਿਤ ਅੰਮ੍ਰਿਤ ਆਭਿਲਾਖੀ ਚੇਤਨਾ ਯਾਤਰਾ ਪਿੰਡ ਘੋੜਾਵਾਹੀ ਤੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਲਈ ਸਵੇਰੇ ਠੀਕ ਸੱਤ ਵਜੇ ਰਵਾਨਾ ਹੋਈ। ਬੀਬੀ ਕੁਲਵੀਰ ਕੌਰ ਪ੍ਰਿੰਸੀਪਲ (ਡਾਇਰੈਕਟਰ) ਨੇ ਦੱਸਿਆ ਕੇ ਬੱਚਿਆ ਨੂੰ ਮਾਂ ਬੋਲੀ ਪੰਜਾਬੀ ਨਾਲ ਜੋੜਨ ਦੀ ਭਾਵਨਾ ਲੈ ਕੇ ਮਾਂ ਬੋਲੀ ਦਿਵਸ ਤੇ ਅਰਦਾਸ ਕਰਨ ਅੰਮ੍ਰਿਤ ਆਭਿਲਾਖੀਆਂ ਨੇ ਖੰਡੇ ਕੀ ਪਾਹੁਲ ਪ੍ਰਧਾਤ ਕਰਨ ਲਈ ਇਸ ਚੇਤਨਾ ਯਾਤਰਾ ਬਹੁਤ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਦੇ ਸਬੰਧ ਵਿੱਚ ਪਿੰਡ ਘੋੜਾਵਾਹੀ ਅਤੇ ਆਲੇ ਦੁਆਲੇ ਦੇ ਪਿੰਡਾਂ ਆਲਮਗੀਰ, ਕਿੰਗਰਾ ਚੋਅ ਵਾਲਾ, ਮਚਰੋਵਾਲ,ਪਚਰੰਗਾ ਆਦਿ ਵਿੱਚ ਧਾਰਮਿਕ ਫਿਲਮਾਂ, ਕਥਾ,ਕੀਰਤਨ ਅਤੇ ਕਵੀਸ਼ਰੀ ਦੀਵਾਨ ਸਜਾਏ ਕੇ ਗੁਰੂ ਸਿਧਾਂਤ ਨਾਲ ਜੁੜਨ ਦੀ ਪ੍ਰੇਰਨਾ ਕੀਤੀ ਗਈ। ਸਮੂਹ ਸਾਧ ਸੰਗਤ ਵੱਲੋਂ ਤਖਤ ਕੇਸਗੜ੍ਹ ਸਾਹਿਬ ਵਿਖੇ ਭਾਈ ਗੁਰਭਾਗ ਸਿੰਘ ਇੰਚਾਰਜ ਧਰਮ ਪ੍ਰਚਾਰ ਵਹੀਰ ਸ੍ਰੀ ਅਨੰਦਪੁਰ ਸਾਹਿਬ,ਭਾਈ ਹਰਭਾਗ ਸਿੰਘ ਅਨੰਦਪੁਰ ਸਾਹਿਬ ਇੰਚਾਰਜ ਸ਼ਬਦ ਸੁਰਤਿ ਸੁਮੇਲ ਪ੍ਰਚਾਰ ਵਹੀਰ ਜਰਮਨੀ ਸਮੇਤ ਹਾਜ਼ਰ ਹੋ ਕੇ ਸਿੰਘ ਸਾਹਿਬ ਭਾਈ ਜੋਗਿੰਦਰ ਸਿੰਘ ਹੈੱਡ ਗ੍ਰੰਥੀ ਤਖਤ ਸਾਹਿਬ ਦੀ ਅਗਵਾਈ ਵਿੱਚ ਪੰਜਾਬੀ ਇੰਟਰਨੈੱਟ ਸਕੂਲ ਸ਼ੁਰੂ ਕਰਨ ਹਿੱਤ ਅਰਦਾਸ ਕੀਤੀ ਗਈ।

# ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਵੱਲੋਂ ਡੀ ਸੀ ਦਫਤਰ ਅੱਗੇ ਧਰਨਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸੰਯੁਕਤ ਕਿਸਾਨ ਮੋਰਚਾ,ਟਰੇਡ ਯੂਨੀਅਨਾਂ ,ਮੁਲਾਜ਼ਮ ਜਥੇਬੰਦੀਆਂ ਅਤੇ ਹੋਰ ਜਥੇਬੰਦੀਆਂ ਵਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਡਿਪਟੀ ਕਮਿਸ਼ਨਰ ਦਫਤਰ ਅੱਗੇ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ,ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਦੌੜਕਾ,ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵੀਰ ਸਿੰਘ ਜਾਡਲਾ,ਦੋਆਬਾ ਕਿਸਾਨ ਯੂਨੀਅਨ ਦੇ ਮਲਕੀਤ ਸਿੰਘ ਰਾਹੋਂ, ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ)ਦੇ ਆਗੂ ਅਵਤਾਰ ਸਿੰਘ ਸਾਧੜਾ, ਇਫਟੂ ਦੇ ਸੂਬਾ ਡਿਪਟੀ ਸੈਕਟਰੀ ਅਵਤਾਰ ਸਿੰਘ ਤਾਰੀ, ਇਸਤਰੀ ਜਾਗ੍ਰਿਤੀ ਮੰਚ ਦੇ ਸੂਬਾ ਪ੍ਰਧਾਨ ਗੁਰਬਖਸ਼ ਕੌਰ ਸੰਘਾ, ਜਮਹ

23-Feb-PAGE-9.qxd 2/22/2024 10:45 PM Page 1



# ਸ਼ੰਭੂ ਬਾਰਡਰ 'ਤੇ ਸਰਕਾਰੀ ਜਬਰ ਨਾਲ ਇੱਕ ਹੋਰ ਕਿਸਾਨ ਸ਼ਹੀਦ, ਦਰਜਨਾਂ ਜ਼ਖ਼ਮੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਦਿੱਲੀ ਵੱਲ ਵਧ ਰਹੇ ਕਿਸਾਨਾਂ ਉੱਤੇ ਹਰਿਆਣਾ ਦੀ ਭਾਜਪਾ ਸਰਕਾਰ ਵੱਲੋਂ ਗੋਲੀਆਂ ਤੇ ਅੱਥਰੂ ਗੈਸ ਵਰ੍ਹਾਉਣ ਦੇ ਜਾਬਰ ਹੱਲੇ ਨਾਲ ਇੱਕ ਹੋਰ ਕਿਸਾਨ ਸ਼ਹੀਦ ਅਤੇ ਦਰਜਨਾਂ ਸਖ਼ਤ ਜ਼ਖ਼ਮੀ ਹੋ ਗਏ। ਕਿਸਾਨ ਵਿਰੋਧੀ ਹਕੂਮਤ ਦੇ ਬਾਰ ਬਾਰ ਬੋਲੇ ਜਾ ਰਹੇ ਜਾਬਰ ਹੱਲੇ ਦੀ ਸਖ਼ਤ ਨਿੰਦਾ ਕਰਦੇ ਹੋਏ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਸ਼ਹੀਦ ਦੇ ਪਰਵਾਰ ਅਤੇ ਜ਼ਖ਼ਮੀ ਕਿਸਾਨਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ ਅਤੇ ਹੱਕੀ ਕਿਸਾਨ ਮੰਗਾਂ ਲਈ ਉਨ੍ਹਾਂ ਦੇ ਜਾਨ ਹੂਲਵੇਂ ਘੋਲ਼ ਦੇ ਮੋਢੇ ਨਾਲ ਮੋਢਾ ਲਾ ਕੇ ਸੰਯੁਕਤ ਕਿਸਾਨ ਮੋਰਚੇ ਦੁਆਰਾ ਕੀਤਾ ਜਾ ਰਿਹਾ ਟੌਲ ਪਲਾਜਿਆਂ ਅਤੇ ਭਾਜਪਾ ਆਗੂਆਂ ਦੇ ਘਰਾਂ/ਦਫ਼ਤਰਾਂ ਦੇ ਘਿਰਾਓ ਵਾਲ਼ਾ ਤਾਲਮੇਲਵਾਂ ਸੰਘਰਸ਼ ਹੋਰ ਵਿਸ਼ਾਲ ਅਤੇ ਤੇਜ਼ ਕਰਨ ਦਾ ਐਲਾਨ ਕੀਤਾ ਹੈ। ਉਨ੍ਹਾਂ ਦੱਸਿਆ ਹੈ ਕਿ ਭਲਕੇ 22 ਫਰਵਰੀ ਨੂੰ ਕੌਮੀ ਸੰਯੁਕਤ ਕਿਸਾਨ ਮੋਰਚੇ ਦੀ ਚੰਡੀਗੜ੍ਹ ਵਿਖੇ ਹੋ ਰਹੀ ਮੀਟਿੰਗ ਵਿੱਚ ਹਾਲਾਤ ਨਾਲ਼ ਢੁੱਕਵਾਂ ਫੈਸਲਾ ਲਿਆ ਜਾਵੇਗਾ।ਉਨ੍ਹਾਂ ਇਹ ਵੀ ਦੱਸਿਆ ਕਿ ਜਥੇਬੰਦੀ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਬੀਤੇ ਦਿਨ ਤੋਂ ਮੋਹਾਲੀ ਜ਼ਿਲ੍ਹੇ ਵਿੱਚ ਜ਼ੀਰਕਪੁਰ ਬਨੂੜ ਰੋਡ 'ਤੇ ਸਥਿਤ ਟੌਲ ਪਲਾਜ਼ਾ ਪਰਚੀ-ਮੁਕਤ ਕਰਨ ਨਾਲ 14 ਜ਼ਿਲ੍ਹਿਆਂ ਵਿੱਚ ਟੌਲ ਮੁਕਤ ਧਰਨੇ 24 ਥਾਂਵਾਂ 'ਤੇ ਅਤੇ ਭਾਜਪਾ ਆਗੂਆਂ ਦੇ ਘਰਾਂ ਅੱਗੇ ਵਿਰੋਧ ਪ੍ਰਦਰਸ਼ਨ ਤਿੰਨ ਥਾਵਾਂ 'ਤੇ ਹੋਰ ਵਧੇਰੇ ਜੋਸ਼ ਨਾਲ ਜਾਰੀ ਰਹੇ।ਧਰਨਿਆਂ ਨੂੰ ਸੰਬੋਧਨ ਕਰਨ ਵਾਲੇ ਮੁੱਖ ਬੁਲਾਰਿਆਂ ਵਿੱਚ ਉਕਤ ਦੋਨਾਂ ਤੋਂ ਇਲਾਵਾ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾਂ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਦੀਪ ਸਿੰਘ ਟੱਲੇਵਾਲ ਅਤੇ ਹਰਿੰਦਰ ਕੌਰ ਬਿੰਦੂ ਅਤੇ ਜ਼ਿਲ੍ਹਾ/ਬਲਾਕ ਪੱਧਰੇ ਅਤੇ ਸਥਾਨਕ ਆਗੂ ਵੀ ਸ਼ਾਮਲ ਸਨ। ਸਭਨਾਂ ਬੁਲਾਰਿਆਂ ਨੇ ਮੋਦੀ ਭਾਜਪਾ ਸਰਕਾਰ ਨੂੰ ਤਾੜਨਾ ਕੀਤੀ ਕਿ ਕਿਸਾਨ ਹੁਣ ਭਖਦੀਆਂ ਕਿਸਾਨੀ ਮੰਨਵਾ ਕੇ ਹੀ ਦਮ ਲੈਣਗੇ। ਆਗੂਆਂ ਕਿਹਾ ਕਿ ਸਾਡਾ ਸੰਘਰਸ਼ ਹਰ ਕਿਸਮ ਦੀ ਕੁਰਬਾਨੀ ਦੇ ਕੇ ਵੀ ਜਾਰੀ ਰਹੇਗਾ ਅਤੇ ਮੋਦੀ ਹਕੂਮਤ ਨੂੰ ਕਿਸਾਨਾਂ-ਮਜਦੂਰਾਂ ਦੀਆਂ ਹੱਕੀ ਮੰਗਾਂ ਮੰਨਣ ਲਈ ਮਜਬੂਰ ਕਰੇਗਾ। ਕਿਸਾਨ ਆਗੂਆਂ ਨੇ ਦੱਸਿਆ ਕਿ ਧਰਨਿਆਂ ਵਿੱਚ ਖੇਤ ਮਜ਼ਦੂਰਾਂ, ਸਨਅਤੀ ਮਜ਼ਦੂਰਾਂ, ਮੁਲਾਜ਼ਮਾਂ, ਟੀਚਰਾਂ, ਠੇਕਾ ਕਾਮਿਆਂ, ਵਿਦਿਆਰਥੀਆਂ ਨੇ ਹਮਾਇਤੀ ਸ਼ਮੂਲੀਅਤ ਕੀਤੀ ਅਤੇ ਆਗੂਆਂ ਨੇ ਸੰਬੋਧਨ ਕੀਤਾ।

## ਸ੍ਰੀ ਗੁਰੂ ਰਵਿਦਾਸ ਜੈਯੰਤੀ ਮੌਕੇ ਸ੍ਰੀ ਖੁਰਾਲਗੜ੍ਹ ਸਾਹਿਬ 'ਚ ਭਲਕੇ ਹੋਵੇਗਾ ਰਾਜ ਪੱਧਰੀ ਸਮਾਗਮ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ 24 ਫਰਵਰੀ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਰਵਿਦਾਸ ਜੈਯੰਤੀ ਮੌਕੇ ਪੰਜਾਬ ਸਰਕਾਰ ਵਲੋਂ ਰਾਜ ਪੱਧਰੀ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ਼ਿਰਕਤ ਕਰਨਗੇ। ਉਨ੍ਹਾਂ ਇਸ ਦੌਰਾਨ ਐਸ ਐਸ ਪੀ ਸੁਰੇਂਦਰ ਲਾਂਬਾ ਨਾਲ ਸ੍ਰੀ ਖੁਰਾਲਗੜ੍ਹ ਸਾਹਿਬ ਦਾ ਦੌਰਾ ਕਰਕੇ ਤਿਆਰੀਆਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਸ੍ਰੀ ਗੁਰੂ ਰਵਿਦਾਸ ਮੈਮੋਰੀਅਲ ਦਾ ਵੀ ਜਾਇਜ਼ਾ ਲਿਆ। ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਲੋਕ ਨਿਰਮਾਣ ਵਿਭਾਗ, ਪੁਲਸ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਸੰਪਨ ਕਰਵਾਉਣ ਸੰਬੰਧੀ ਨਿਰਦੇਸ਼ ਦਿੱਤੇ।

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਅੱਜ ਤੇ ਭਲਕੇ ਮੀਟ-ਸ਼ਰਾਬ ਦੀ ਵਿਕਰੀ 'ਤੇ ਪਾਬੰਦੀ

**ਜਲੰਧਰ (ਇਕਬਾਲ ਸਿੰਘ ਉੱਭੀ, ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ੇਸ਼ ਸਾਰੰਗਲ ਵੱਲੋਂ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਮੱਦੇਨਜ਼ਰ 23 ਤੇ 24 ਫਰਵਰੀ ਨੂੰ ਮੀਟ ਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਲਗਾਈ ਗਈ ਹੈ। ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਫੌਜਦਾਰੀ ਜ਼ਾਬਤਾ ਸੰਘਤਾ ਦੀ ਧਾਰਾ 144 ਅਧੀਨ ਜਾਰੀ ਹੁਕਮਾਂ 'ਚ ਕਿਹਾ ਗਿਆ ਹੈ ਕਿ ਗੁਰੂ ਰਵਿਦਾਸ ਜੀ ਦੇ 24 ਫਰਵਰੀ ਨੂੰ ਮਨਾਏ ਜਾ ਰਹੇ ਪ੍ਰਕਾਸ਼ ਪੁਰਬ ਸਬੰਧੀ ਵੱਖ-ਵੱਖ ਧਾਰਮਿਕ ਜਥੇਬੰਦੀਆਂ ਵੱਲੋਂ 23 ਫਰਵਰੀ ਨੂੰ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਜ਼ਿਲ੍ਹਾ ਜਲੰਧਰ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹਾ ਜਲੰਧਰ ਵਿੱਚ ਸ਼ੋਭਾ ਯਾਤਰਾ ਦੇ ਰਸਤੇ ਅਤੇ ਧਾਰਮਿਕ ਸਮਾਗਮ ਵਾਲੀ ਜਗ੍ਹਾ ਦੇ ਨੇੜੇ 23 ਅਤੇ 24 ਫਰਵਰੀ ਨੂੰ ਮੀਟ ਅਤੇ ਸ਼ਰਾਬ ਦੀ ਵਿਕਰੀ 'ਤੇ ਪਾਬੰਦੀ ਰਹੇਗੀ।

# ਕੇਂਦਰ ਸਰਕਾਰ ਕਿਸਾਨਾਂ ਦੀਆਂ ਜਾਇਜ਼ ਮੰਗਾਂ ਲਾਗੂ ਕਰੇ : ਕਰਨ ਸਿੰਘ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕਰਨ ਸਿੰਘ ਡੀ ਟੀ ਓ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਕਿਸਾਨਾਂ ਦੀਆਂ ਜਾਇਜ ਮੰਗਾਂ ਨੂੰ ਤੁਰੰਤ ਲਾਗੂ ਕਰਕੇ ਉਨ੍ਹਾਂ ਨੂੰ ਬਣਦਾ ਮਾਣ ਸਤਿਕਾਰ ਦੇਵੇ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਭਗਵੰਤ ਮਾਨ ਵਲੋਂ ਕੇਂਦਰ ਸਰਕਾਰ ਤੇ ਕਿਸਾਨਾਂ ਵਿਚਕਾਰ ਗੱਲਬਾਤ ਰਾਹੀਂ ਮਸਲਾ ਹੱਲ ਕਰਵਾਉਣ ਲਈ ਵਿਚੋਲਗੀ ਕਰਨ ਦੀ ਗੱਲ ਕਹੀ ਸੀ ਪਰ ਹੁਣ ਉਹ ਵਿਚੋਲਗੀ ਕਰਕੇ ਮਸਲੇ ਹੱਲ ਕਰਵਾਉਣ ਤਾਂ ਜੋ ਕਿ ਕਿਸਾਨ ਆਪਣੇ ਘਰਾਂ ਨੂੰ ਵਾਪਸ ਆਉਣ ਨਾ ਕਿ ਕਿਸਾਨਾਂ ਦੀ ਹਮਾਇਤ ਦਾ ਵਿਖਾਵਾ ਕਰਨ। ਇਸ ਮੌਕੇ ਸਾਬਕਾ ਸੰਸਦ ਮੈਂਬਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਦੇ ਸਿਆਸੀ ਸਕੱਤਰ ਅਮਨਦੀਪ ਸਿੰਘ ਮਾਂਗਟ, ਸੂਬਾ ਆਗੂ ਬਲਦੇਵ ਸਿੰਘ ਹਾਫਿਜਾਬਾਦ , ਕੁਲਦੀਪ ਸਿੰਘ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

## ਬੁਲਿਟ ਮੋਟਰਸਾਈਕਲਾਂ ਦੇ ਪਟਾਕਿਆਂ ਤੋਂ ਲੋਕ ਪ੍ਰੇਸ਼ਾਨ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਚਮਕੌਰ ਸਾਹਿਬ ਸ਼ਹਿਰ ਸਮੇਤ ਪਿੰਡਾਂ ਵਿੱਚ ਬੁਲਿਟ ਮੋਟਰਸਾਈਕਲਾਂ ਦੇ ਵੱਜਦੇ ਪਟਾਕਿਆਂ ਤੋਂ ਲੋਕ ਬਹੁਤ ਪ੍ਰੇਸ਼ਾਨ ਹੋ ਰਹੇ ਹਨ, ਪਰ ਪੁਲਸ ਸਭ ਕੁਝ ਵੇਖ ਕੇ ਵੀ ਚੁੱਪ ਬੈਠੀ ਹੈ। ਸ਼ਹਿਰ ਅਤੇ ਪਿੰਡਾਂ 'ਚ ਸਵੇਰੇ ਸ਼ਾਮ ਉਕਤ ਮੋਟਰਸਾਈਕਲਾਂ ਦੇ ਪਟਾਕੇ ਨੌਜਵਾਨਾਂ ਵੱਲੋਂ ਸ਼ਰੇਆਮ ਵਜਾਏ ਜਾਂਦੇ ਹਨ, ਜਦੋਂ ਮੋਟਰਸਾਈਕਲਾਂ ਤੇ ਬੈਠੇ ਚਾਰ-ਚਾਰ ਨੌਜਵਾਨਾਂ ਨੂੰ ਅਜਿਹਾ ਕਰਨ ਤੋਂ ਰੋਕਿਆ ਜਾਂਦਾ ਹੈ ਉਹ ਲੜਾਈ ਕਰਨ ਤੇ ਉਤਰ ਆਉਂਦੇ ਹਨ। ਇਹ ਵੀ ਵੇਖਣ 'ਚ ਆਉਂਦਾ ਹੈ ਕਿ ਮੋਟਰਸਾਈਕਲਾਂ ਦੇ ਜ਼ਿਆਦਤਰ ਨੰਬਰ ਵੀ ਨਹੀਂ ਲੱਗੇ ਹੁੰਦੇ ਪਰ ਚਾਰ- ਚਾਰ ਨੌਜਵਾਨ ਕਿਸੇ ਵੀ ਡਰ ਤੋਂ ਪਟਾਕੇ ਮਾਰਦੇ ਜਰੂਰ ਫਿਰਦੇ ਹਨ। ਇਹ ਨੌਜਵਾਨ ਸਕੂਲਾਂ ਦੇ ਸਮੇਂ ਅਤੇ ਛੁੱਟੀ ਤੋਂ ਬਾਅਦ ਮੋਟਰਸਾਈਕਲ ਲੈ ਕੇ ਘੁੰਮਦੇ ਰਹਿੰਦੇ ਹਨ, ਪਰ ਪੁਲਸ ਸਭ ਕੁਝ ਵੇਖਕੇ ਵੀ ਚੁਪ ਬੈਠੀ ਹੈ। ਅਕਾਲੀ ਦਲ ਦੇ ਸੂਬਾ ਆਗੂ ਬਲਦੇਵ ਸਿੰਘ ਹਾਫਿਜਾਬਾਦ, ਕਿਸਾਨ ਆਗੂ ਬਾਈ ਪਰਮਿੰਦਰ ਸਿੰਘ ਸੋਖੋਂ ਅਤੇ ਠੇਕੇਦਾਰ ਪਾਲ ਸਿੰਘ ਨੇ ਜਿਲ੍ਹਾ ਪੁਲਸ ਮੁਖੀ ਗੁਰਲੀਨ ਸਿੰਘ ਖੁਰਾਣਾ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਨੌਜਵਾਨਾਂ ਨੂੰ ਨੱਥ ਪਾਉਣ ਲਈ ਪੁਲਸ ਮੁਲਾਜ਼ਮਾਂ ਨੂੰ ਸਖਤ ਹਦਾਇਤਾਂ ਕੀਤੀਆਂ ਜਾਣ।

## ਚੰਡੀਗੜ੍ਹ ਮੇਅਰ ਦੇ ਫੈਸਲੇ 'ਤੇ ਲੋਕਤੰਤਰ ਦੀ ਬਹੁਤ ਹੀ ਵੱਡੀ ਜਿੱਤ : ਰਣਜੀਤ ਕੌਰ

**ਮਹਿਤਪੁਰ (ਰਾਜਾ)**- ਮਾਨਯੋਗ ਸੁਪਰੀਮ ਕੋਰਟ ਨੇ ਚੰਡੀਗੜ੍ਹ ਮੇਅਰ ਦੇ ਫੈਸਲੇ ਨੇ ਆਮ ਆਦਮੀ ਪਾਰਟੀ ਦੇ ਕੁਲਦੀਪ ਕੁਮਾਰ ਨੂੰ ਚੰਡੀਗੜ੍ਹ ਦਾ ਮੇਅਰ ਐਲਾਨਿਆ ਹੈ ਇਸ ਫੈਸਲੇ ਨਾਲ ਆਮ ਆਦਮੀ ਪਾਰਟੀ ਦੇ ਵਰਕਰਾਂ ਵਿੱਚ ਇੱਕ ਨਵਾਂ ਹੀ ਜੋਸ਼ ਭਰ ਗਿਆ ਹੈ ਅਤੇ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਵਿਸ਼ੇਸ ਵਾਰਤਾ ਵਿੱਚ ਕਰਦਿਆਂ ਹਲਕਾ ਸਾਹਕੋਟ

ਦੇ ਇੰਚਾਰਜ ਮਰਹੂਮ ਰਤਨ ਸਿੰਘ ਕਾਕੜ ਕਲਾਂ ਦੀ ਧਰਮਪਤਨੀ ਬੀਬੀ ਰਣਜੀਤ ਕੌਰ ਕਾਕੜ ਕਲਾਂ ਸੀਨੀਅਰ ਆਗੂ ਨੇ ਕਿਹਾ ਕਿ ਇਹ ਇਹ ਸੱਚਾਈ ਦੀ ਜਿੱਤ ਹੈ. ਮਾਨਯੋਗ ਸੁਪਰੀਮ ਕੋਰਟ ਦੇ ਇਸ ਫੈਸਲੇ ਦਾ ਅਸੀਂ ਸਵਾਗਤ ਕਰਦੇ ਹਾਂ। ਸੀ ਜੇ ਆਈ ਵੱਲੋਂ ਪ੍ਰਜਾਈਡਿੰਗ ਅਫਸਰ ਵੱਲੋਂ ਰੱਦ ਕੀਤੀਆਂ ਅੱਠ ਵੋਟਾਂ ਨੂੰ ਸਹੀ ਠਹਿਰਾ ਕੇ ਨਿਆ ਪ੍ਰਣਾਲੀ ਦੀ ਗਰਿਮਾ ਨੂੰ ਬਰਕਰਾਰ ਰੱਖਿਆ ਹੈ। ਇਹ ਲੋਕਤੰਤਰ ਦੀ ਬਹੁਤ ਹੀ ਵੱਡੀ ਜਿੱਤ ਹੈ। ਇਸ ਫੈਸਲੇ ਨਾਲ ਭਾਜਪਾ ਦਾ ਅਸਲੀ ਚਿਹਰਾ ਸਾਹਮਣੇ ਆਇਆ ਹੈ।

# ਪੰਜਾਬ ਦੇ ਲੋਕਾਂ ਨੂੰ ਵੱਖ-ਵੱਖ ਬਾਰਡਰਾਂ 'ਤੇ ਰੋਕਣਾ ਸੰਵਿਧਾਨ ਤੇ ਲੋਕਤੰਤਰ ਦੀ ਹੱਤਿਆ : ਸੈਣੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਸੈਣੀ ਜਾਗਰਤੀ ਮੰਚ ਪੰਜਾਬ ਦੀ ਇਕ ਮੀਟਿੰਗ ਕੁਲਵੰਤ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਸੈਣੀ ਭਵਨ ਹੁਸ਼ਿਆਰਪੁਰ ਵਿਖੇ ਹੋਈ। ਜਿਸ 'ਚ ਕਿਸਾਨਾਂ 'ਤੇ ਕੇਂਦਰ ਸਰਕਾਰ ਵੱਲੋਂ ਕੀਤੇ ਜਾ ਰਹੇ ਤਸ਼ੱਦਦ ਦਾ ਗੰਭੀਰ ਨੋਟਿਸ ਲਿਆ ਗਿਆ। ਪ੍ਰਧਾਨ ਵੱਲੋਂ ਕਿਹਾ ਗਿਆ ਕਿ ਸਰਕਾਰ ਨੂੰ ਕਿਸਾਨਾਂ ਦੀਆਂ ਮੰਗਾਂ ਜੋ ਕਿ ਪਹਿਲਾਂ ਮੰਨੀਆਂ ਹੋਈਆਂ ਹਨ ਉਹ ਜਲਦ ਲਾਗੂ ਕਰ ਦੇਣੀਆਂ ਚਾਹੀਦੀਆਂ ਹਨ। ਪ੍ਰੰਤੂ ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਤੇ ਅੜੀਅਲ ਵਤੀਰਾ ਕਰਕੇ ਬੈਠੀ ਹੋਈ ਹੈ। ਜੋ ਕਿ ਲੋਕਾਂ ਦੁਆਰਾ ਚੁਣੀ ਗਈ ਸਰਕਾਰ ਲਈ ਠੀਕ ਨਹੀਂ ਹੈ। ਜਿੰਨਾ 'ਤੇ ਤਸ਼ੱਦਦ ਕੀਤਾ ਜਾ ਰਿਹਾ ਹੈ ਉਹਨਾਂ ਦੀਆਂ ਵੋਟਾਂ ਨਾਲ ਹੀ ਸਰਕਾਰ ਬਣੀ ਸੀ। ਇਸ ਸੰਘਰਸ਼ ਵਿੱਚ ਹਰਿਆਣਾ ਸਰਕਾਰ ਵੀ ਕੇਂਦਰ ਸਰਕਾਰ ਦਾ ਹੱਥ ਟੋਕਾ ਬਣੀ ਹੋਈ ਹੈ ਜੋ ਕਿ ਆਜ਼ਾਦ ਦੇਸ਼ 'ਚ ਸੰਵਿਧਾਨ ਦਾ ਘਾਣ ਕੀਤਾ ਜਾ ਰਿਹਾ ਹੈ। ਹੱਕਾਂ ਦੀ ਲੜਾਈ ਲੜਨਾ ਉਨ੍ਹਾਂ ਦਾ ਮੌਲਿਕ ਅਧਿਕਾਰ ਹੈ। ਮੀਟਿੰਗ ਵਿੱਚ ਸੰਦੀਪ ਸੈਣੀ ਸੰਸਥਾਪਕ, ਪ੍ਰੇਮ ਸੈਣੀ ਜਿਲ੍ਹਾ ਪ੍ਰਧਾਨ, ਕਿਰਪਾਲ ਪਾਲੀ ਸੈਣੀ ਯੂਥ ਜਿਲ੍ਹਾ ਪ੍ਰਧਾਨ, ਪ੍ਰਭਜੋਤ ਸਿੰਘ ਪੰਜਾਬ ਪ੍ਰਧਾਨ ਯੂਥ ਵਿੰਗ, ਗੋਲਡੀ ਅਤੇ ਹੋਰ ਸ਼ਾਮਲ ਹੋਏ।

## ਗੁ. ਸਿੰਘ ਸ਼ਹੀਦਾਂ ਵਿਖੇ ਭਗਤ ਰਵਿਦਾਸ ਦਾ ਜਨਮ ਦਿਹਾੜਾ 25 ਨੂੰ ਮਨਾਇਆ ਜਾਵੇਗਾ

**ਮੋਹਾਲੀ(ਗੁਰਜੀਤ ਬਿੱਲਾ)**—ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸ਼੍ਰੋਮਣੀ ਭਗਤ ਰਵਿਦਾਸ ਜੀ ਦਾ ਜਨਮ ਦਿਹਾੜਾ ਮਿਤੀ 25 ਫਰਵਰੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ । ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਜਨਮ ਦਿਹਾੜਾ ਦੀ ਖੁਸ਼ੀ ਵਿੱਚ ਇਸ ਦਿਨ ਸਵੇਰੇ 9:00 ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸ਼ਮਸ਼ੇਰ ਸਿੰਘ ਦਮਦਮੀ ਟਕਸਾਲ, ਭਾਈ ਅਮਰਜੀਤ ਸਿੰਘ ਜਵੱਦੀ ਟਕਸਾਲ, ਬਾਬਾ ਦੀਪ ਸਿੰਘ ਕਵੀਸ਼ਰੀ ਜੱਥਾ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਭਾਈ ਗੁਰਸੇਵਕ ਸਿੰਘ ਦਾ ਇੰਟਰਨੈਸ਼ਨਲ ਢਾਡੀ, ਭਾਈ ਜਰਨੈਲ ਸਿੰਘ ਲੁਧਿਆਣੇ ਵਾਲੇ, ਭਾਈ ਸੰਦੀਪ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲੇ ਅਤੇ ਉੱਚ ਕੋਟੀ ਦੇ ਢਾਡੀ, ਕਵੀਸ਼ਰ, ਸੰਤ ਵਿਦਵਾਨ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਪੱਛਮੀ ਬੰਗਾਲ ਦੇ ਸਿੱਖ ਅਫਸਰ ਨੂੰ ਖਾਲਿਸਤਾਨੀ ਕਹਿਣ 'ਤੇ ਐਡਵੋਕੇਟਸ ਫਾਰ ਫਾਰਮਰਜ਼ ਐਂਡ ਲੇਬਰਰਜ਼ ਵੱਲੋਂ ਸਖਤ ਨਿੰਦਾ

**ਜਲੰਧਰ (ਰਾਜੇਸ਼ ਥਾਪਾ)**

ਐਡਵੋਕੇਟਸ ਫਾਰ ਫਾਰਮਰਜ਼ ਐਂਡ ਲੇਬਰਰਜ਼ ਵੱਲੋਂ ਐਡਵੋਕੇਟ ਗੁਰਜੀਤ ਸਿੰਘ ਕਾਹਲੋਂ ਦੀ ਪ੍ਰਧਾਨਗੀ ਹੇਠ ਇੱਕ ਵਿਸ਼ੇਸ਼ ਹੰਗਾਮੀ ਇਕੱਠ 'ਚ ਐਡਵੋਕੇਟ ਰਾਜੂ ਅੰਬੇਡਕਰ (ਜ. ਸਕੱਤਰ), ਐਡਵੋਕੇਟ ਰਜਿੰਦਰ ਸਿੰਘ ਮੰਡ, ਐਡਵੋਕੇਟ ਨਵਜੋਤ ਕੌਰ, ਐਡਵੋਕੇਟ ਮੁਖਜਿੰਦਰ ਸਿੰਘ ਸਿੱਧੂ, ਐਡਵੋਕੇਟ ਅਮਨਦੀਪ ਸਿੰਘ ਜੰਮੂ, ਐਡਵੋਕੇਟ ਸੁਖਦੀਪ ਕੌਰ, ਐਡਵੋਕੇਟ ਕਰਨਜੀਤ ਸਿੰਘ ਰੰਧਾਵਾ, ਐਡਵੋਕੇਟ ਸੰਨੀ ਕੁਮਾਰ ਅਤੇ ਹੋਰ ਬਹੁਤ ਸਾਰੇ ਵਕੀਲ ਸਾਹੀਬਾਨ ਸ਼ਾਮਲ ਹੋਏ। ਜਿਸ 'ਚ ਸਾਰੇ ਹੀ ਮੌਜੂਦ ਮੈਂਬਰਾਂ ਨੇ ਇੱਕ ਮੱਤ ਹੋ ਕੇ ਬੀਤੇ ਦਿਨੀ ਪੱਛਮੀ ਬੰਗਾਲ ਦੇ ਇੱਕ ਆਈ ਪੀ ਐਸ ਸਿੱਖ ਅਫਸਰ ਜਸਪ੍

23-FEB-PAGE-10.qxd 2/22/2024 10:21 PM Page 1



# ਕਤਲ ਮਾਮਲੇ 'ਚ 6 ਮੁਲਜ਼ਮ ਹਥਿਆਰਾਂ ਸਮੇਤ ਗ੍ਰਿਫ਼ਤਾਰ

ਕਥਿਤ ਦੋਸ਼ੀ ਪੁਲਸ ਪਾਰਟੀ ਨਾਲ ਦਿਖਾਈ ਦੇ ਰਹੇ।

**ਮਾਛੀਵਾੜਾ ਸਾਹਿਬ (ਸ਼ੋਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਨੌਜਵਾਨ ਪ੍ਰਦੀਪ ਸਿੰਘ ਦੇ ਕਤਲ ਮਾਮਲੇ ਵਿੱਚ 6 ਕਥਿਤ ਦੋਸ਼ੀਆਂ ਨੂੰ ਹਥਿਆਰਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਹੈ, ਜਦਕਿ 4 ਹੋਰ ਦੀ ਪਹਿਚਾਣ ਕਰ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਪ੍ਰੈੱਸ ਕਾਨਫਰੰਸ ਦੌਰਾਨ ਐੱਸ. ਪੀ. ਸੌਰਵ ਜਿੰਦਲ ਨੇ ਦੱਸਿਆ ਕਿ ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਅਵਨੀਤ ਕੌਂਡਲ ਦੇ ਨਿਰਦੇਸ਼ਾਂ ਤਹਿਤ ਮਾਛੀਵਾੜਾ ਵਿਖੇ ਹੋਏ ਨੌਜਵਾਨ ਪ੍ਰਦੀਪ ਸਿੰਘ ਦੇ ਕਤਲ ਮਾਮਲੇ ਵਿੱਚ ਕਥਿਤ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਡੀ.ਐੱਸ.ਪੀ. ਤਰਲੋਚਨ ਸਿੰਘ, ਡੀ.ਐੱਸ.ਪੀ. ਸੁਖਅਮ੍ਰਿਤ ਸਿੰਘ, ਇੰਸਪੈਕਟਰ ਅਮਰਦੀਪ ਸਿੰਘ ਤੇ ਇੰਸਪੈਕਟਰ ਭਿੰਦਰ ਸਿੰਘ ਖੰਗੂੜਾ ਦੀ ਅਗਵਾਈ ਹੇਠ ਟੀਮਾਂ ਬਣਾਈਆਂ ਗਈਆਂ, ਜਿਨ੍ਹਾਂ ਤੁਰੰਤ ਕਾਰਵਾਈ ਕਰਦਿਆਂ ਗੁਰਪ੍ਰੀਤ ਸਿੰਘ, ਅਸ਼ੋਕ ਕੁਮਾਰ, ਜਸਪ੍ਰੀਤ ਸਿੰਘ ਜੱਸੂ, ਤਰਨਵੀਰ ਸਿੰਘ ਤੇ ਗਗਨਪ੍ਰੀਤ ਸਿੰਘ (ਸਾਰੇ ਵਾਸੀ ਮਾਛੀਵਾੜਾ), ਅਰੁਣ ਸੋਮਜ ਵਾਸੀ ਭਾਈ ਹਿੰਮਤ ਸਿੰਘ ਨਗਰ ਲੁਧਿਆਣਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਐੱਸ. ਪੀ. ਜਿੰਦਲ ਨੇ ਦੱਸਿਆ ਕਿ ਕਤਲ ਕੀਤੇ ਗਏ ਨੌਜਵਾਨ ਪ੍ਰਦੀਪ ਸਿੰਘ ਦੇ ਸਾਥੀ ਅਮਿਤ ਕੁਮਾਰ ਨੇ ਪੁਲਸ ਨੂੰ ਬਿਆਨ ਦਰਜ ਕਰਵਾਏ ਕਿ ਉਹ 13 ਫਰਵਰੀ ਦੀ ਰਾਤ ਨੂੰ ਦੁਸ਼ਹਿਰਾ ਗਰਾਊਂਡ ਨੇੜੇ ਆਪਣੀ ਕਾਰ 'ਤੇ ਜਾ ਰਹੇ ਸਨ ਤਾਂ ਇੱਕ ਹੋਰ ਕਾਰ ਨੇ ਆ ਕੇ ਰਸਤਾ ਰੋਕਿਆ ਤੇ ਉਨ੍ਹਾਂ ਦੀ ਗੱਡੀ ਦਾ ਸ਼ੀਸ਼ਾ ਭੰਨ ਦਿੱਤਾ। ਉਨ੍ਹਾਂ ਵੱਲੋਂ ਆਪਣੇ ਬਚਾਅ ਲਈ ਗੱਡੀ ਗੁਰਦੁਆਰਾ ਕ੍ਰਿਪਾਨ ਭੇਟ ਸਾਹਿਬ ਨੂੰ ਭਜਾ ਲਈ, ਪਰ ਇਹ ਸਾਰੇ ਹਮਲਾਵਾਰ 3 ਹੋਰ ਗੱਡੀਆਂ ਨਾਲ ਉਨ੍ਹਾਂ ਦਾ ਪਿੱਛਾ ਕਰਨ ਲੱਗੇ। ਬਿਆਨਕਰਤਾ ਅਨੁਸਾਰ ਉਨ੍ਹਾਂ ਦੀ ਗੱਡੀ ਸੰਤੁਲਨ ਵਿਗੜਨ ਕਾਰਨ ਖੇਤਾਂ ਵਿੱਚ ਪਲਟ ਗਈ, ਜਿਸ ਤੋਂ ਬਾਅਦ ਹਮਲਾਵਾਰਾਂ ਨੇ ਉਨ੍ਹਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ, ਜਿਸ ਵਿੱਚ ਪ੍ਰਦੀਪ ਸਿੰਘ ਦੀ ਮੌਤ ਹੋ ਗਈ। ਐੱਸ. ਪੀ. ਸੌਰਵ ਜਿੰਦਲ ਨੇ ਦੱਸਿਆ ਕਿ 6 ਦੀ ਗ੍ਰਿਫ਼ਤਾਰੀ ਤੋਂ ਬਾਅਦ 4 ਹੋਰ ਹਮਲਾਵਾਰ ਅਨਮੋਲ ਸਿੰਘ, ਜੀਤਾ, ਸਮੀਰ ਤੇ ਜਸਪ੍ਰੀਤ ਸਿੰਘ ਦੀ ਵੀ ਪਹਿਚਾਣ ਕਰ ਲਈ ਹੈ, ਜਿਨ੍ਹਾਂ ਦੀ ਗ੍ਰਿਫ਼ਤਾਰੀ ਲਈ ਪੁਲਸ ਵੱਲੋਂ ਛਾਪੇਮਾਰੀ ਜਾਰੀ ਹੈ। ਪੁਲਸ ਅਨੁਸਾਰ ਗ੍ਰਿਫ਼ਤਾਰ ਕੀਤੇ ਕਥਿਤ ਦੋਸ਼ੀਆਂ 'ਚੋਂ 3 ਵਿਅਕਤੀਆਂ 'ਤੇ ਪਹਿਲਾਂ ਵੀ ਅਪਰਾਧਕ ਮਾਮਲੇ ਦਰਜ ਹਨ।

# ਪੈਸੇ ਵਾਪਸ ਨਾ ਦੇਣ ਦੇ ਦੋਸ਼ 'ਚ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮੱਲਾਂਵਾਲਾ ਦੇ ਅਧੀਨ ਆਉਂਦੇ ਪਿੰਡ ਚੂਚਕ ਪਿੰਡ ਵਿਖੇ ਇਕ ਵਿਅਕਤੀ ਵੱਲੋਂ ਦਿੱਤੇ 4 ਲੱਖ 97 ਹਜ਼ਾਰ 500 ਰੁਪਏ ਵਾਪਸ ਨਾ ਦੇਣ ਦੇ ਦੋਸ਼ ਵਿਚ ਪੁਲਿਸ ਨੇ ਇਕ ਵਿਅਕਤੀ ਖਿਲਾਫ 420, 506 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਮੇਜ ਸਿੰਘ ਨੇ ਦੱਸਿਆ ਕਿ ਦਰਖਾਸਤ ਨੰਬਰ 1911 ਪੀਸੀ ਰਾਹੀਂ ਸੁਖਬੀਰ ਸਿੰਘ ਸਰਪੰਚ ਪੁੱਤਰ ਭਾਗ ਸਿੰਘ ਵਾਸੀ ਪਿੰਡ ਚੂਚਕ ਵਿੰਡ ਨੇ ਦੱਸਿਆ ਕਿ ਉਹ ਪਿੰਡ ਦਾ ਮੌਜੂਦਾ ਸਰਪੰਚ ਹੈ, ਜੋ ਉਸ ਦਾ ਗੁਆਂਢੀ ਸਤਨਾਮ ਸਿੰਘ ਦਾ ਵਿਆਹ ਗੁਰਪ੍ਰੀਤ ਕੌਰ ਵਾਸੀ ਬਾਘੇ ਵਾਲਾ ਨਾਲ 2015 ਵਿਚ ਹੋਇਆ ਸੀ, ਜੋ ਸਤਨਾਮ ਸਿੰਘ ਦੀ ਆਪਣੀ ਪਤਨੀ ਨਾਲ ਅਣਬਣ ਹੋਣ ਕਾਰਨ ਤਲਾਕ ਹੋ ਗਿਆ ਤੇ ਤਲਾਕ ਸਮੇਂ ਲੜਕੇ ਪਰਿਵਾਰ ਨੂੰ ਇਸਤਰੀ ਧਨ ਵਜੋਂ 9 ਲੱਖ 97 ਹਜ਼ਾਰ 500 ਰੁਪਏ ਦੇਣ ਸਬੰਧੀ ਫੈਸਲਾ ਮੋਹਤਬਰਾਂ ਰਾਹੀਂ ਹੋਇਆ ਸੀ, ਜਿਸ ਦੀ ਜ਼ਿੰਮੇਵਾਰੀ ਉਸ ਨੇ ਆਪਣੀ ਗੁਆਂਢੀ ਸਤਨਾਮ ਸਿੰਘ ਦੇ ਪੱਖ ਤੋਂ ਲਈ ਸੀ। ਸਤਨਾਮ ਸਿੰਘ ਨੇ 5 ਲੱਖ ਰੁਪਏ ਲੜਕੀ ਦੇ ਪਰਿਵਾਰ ਨੂੰ ਦਿੱਤੇ, ਬਾਕੀ ਦੇ ਪੈਸੇ ਉਸ ਨੂੰ ਕਿਹਾ ਕਿ ਮੇਰੇ ਪਾਸ ਨਹੀਂ ਹਨ, ਤੁਸੀਂ ਦੇ ਦਿਓ, ਮੈਂ ਕੁਝ ਸਮੇਂ ਬਾਅਦ ਵਾਪਸ ਕਰ ਦਿਆਂਗਾ। ਸੁਖਬੀਰ ਸਿੰਘ ਨੇ ਦੱਸਿਆ ਕਿ ਉਸ ਨੇ 4 ਲੱਖ 97 ਹਜ਼ਾਰ 500 ਰੁਪਏ ਲੜਕੀ ਪਰਵਾਰ ਨੂੰ ਦੇ ਦਿੱਤੇ, ਪਰ ਦੋਸ਼ੀ ਸਤਨਾਮ ਸਿੰਘ ਆਪਣੇ ਕੀਤੇ ਹੋਏ ਇਕਰਾਰ ਤੇ ਉਸ ਨੂੰ ਪੈਸੇ ਵਾਪਸ ਨਹੀਂ ਦਿੱਤੇ ਤੇ ਵਾਰ-ਵਾਰ ਪੈਸੇ ਮੰਗਣ ਤੇ ਮਾੜਾ ਬੋਲਦਾ ਹੈ ਅਤੇ ਪੈਸੇ ਨਹੀਂ ਦੇ ਰਿਹਾ। ਜਾਂਚਕਰਤਾ ਨੇ ਦੱਸਿਆ ਕਿ ਪੁਲਿਸ ਨੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਟਰੇਡ ਯੂਨੀਅਨਾਂ ਵੱਲੋਂ ਪੁਲਸ ਤਸ਼ੱਦਦ ਦੌਰਾਨ ਕਿਸਾਨ ਦੀ ਹੱਤਿਆ ਤੇ ਦਰਜਨਾਂ ਦੇ ਜ਼ਖਮੀ ਹੋਣ ਦੀ ਸਖਤ ਨਿੰਦਾ

## ■ ਅੱਜ ਪੂਰੇ ਭਾਰਤ 'ਚ ਕਾਲੇ ਦਿਨ ਵਜੋਂ ਮਨਾਉਣ ਦਾ ਐਲਾਨ

**ਲੁਧਿਆਣਾ (ਐੱਮ ਐੱਸ ਭਾਟੀਆ)**

ਕੇਂਦਰੀ ਟਰੇਡ ਯੂਨੀਅਨਾਂ ਦਾ ਮੰਚ ਹਰਿਆਣਾ ਪੁਲਸ ਤੇ ਕੇਂਦਰੀ ਬਲਾਂ ਵੱਲੋਂ ਖਨੌਰੀ ਤੇ ਸ਼ੰਭੂ ਸਰਹੱਦਾਂ 'ਤੇ ਕਿਸਾਨਾਂ ਉੱਪਰ ਬੇਰਹਿਮ ਤੇ ਬਿਨਾਂ ਭੜਕਾਹਟ ਦੇ ਧੱਕੇਸ਼ਾਹੀ ਤੇ ਜ਼ੁਲਮ ਦੀ ਸਖਤ ਨਿਖੇਧੀ ਕਰਦਾ ਹੈ। ਇੱਕ ਨੌਜਵਾਨ ਦੀ ਜਾਨ ਚਲੀ ਗਈ। ਸ਼ੁਭਕਰਨ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਬੱਲੋ ਪਿੰਡ ਦੀ ਸਿਰ 'ਤੇ ਗੰਭੀਰ ਸੱਟ ਲੱਗਣ ਕਾਰਨ ਮੌਤ ਹੋ ਗਈ ਅਤੇ ਖਨੌਰੀ ਤੇ ਸ਼ੰਭੂ ਸਰਹੱਦ 'ਤੇ ਦਰਜਨਾਂ ਕਿਸਾਨ ਜ਼ਖਮੀ ਹੋ ਗਏ। ਕਿਸਾਨਾਂ 'ਤੇ ਲਾਠੀਚਾਰਜ, ਪਲਾਸਟਿਕ ਦੀਆਂ ਗੋਲੀਆਂ ਤੇ ਅੱਥਰੂ ਗੈਸ ਦੇ ਗੋਲੇ ਵਰਤੇ ਗਏ ਹਨ, ਜਿਨ੍ਹਾਂ ਦਾ ਕਸੂਰ ਇਹ ਹੈ ਕਿ ਉਹ ਸਰਕਾਰ ਤੋਂ ਤਿੰਨ ਕਾਲੇ ਕਾਨੂੰਨਾਂ ਨੂੰ ਵਾਪਸ ਲੈਣ ਸਮੇਂ ਕਿਸਾਨਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਮੰਗ ਕਰਨ ਲਈ ਦੇਸ਼ ਦੀ ਰਾਜਧਾਨੀ ਪਹੁੰਚਣਾ ਚਾਹੁੰਦੇ ਸਨ। ਖੇਤੀ ਕਾਨੂੰਨਾਂ ਦੇ ਆਧਾਰ 'ਤੇ ਉਨ੍ਹਾਂ ਨੇ ਦਿੱਲੀ ਦੀਆਂ ਸਰਹੱਦਾਂ ਤੋਂ ਵਿਰੋਧ ਉਠਾਇਆ।

ਮੰਚ ਨੇ ਕਿਹਾ ਕਿ 16 ਫਰਵਰੀ ਨੂੰ ਸੰਯੁਕਤ ਕਿਸਾਨ ਮੋਰਚਾ ਤੇ ਕੇਂਦਰੀ ਟਰੇਡ ਯੂਨੀਅਨਾਂ, ਸੁਤੰਤਰ ਫੈਡਰੇਸ਼ਨਾਂ/ ਐਸੋਸੀਏਸ਼ਨਾਂ ਦੇ ਪਲੇਟਫਾਰਮ ਦੁਆਰਾ ਉਦਯੋਗਿਕ/ਖੇਤਰੀ ਹੜਤਾਲ ਤੇ ਗ੍ਰਾਮੀਣ ਭਾਰਤ ਬੰਦ ਦੇ ਨਾਲ ਦੇਸ਼ ਵਿਆਪੀ ਜਨ ਲਾਮਬੰਦੀ ਲਈ ਦਿੱਤੇ ਗਏ ਸਾਂਝੇ ਸੱਦੇ ਲਈ ਮਜ਼ਦੂਰਾਂ ਤੇ ਕਿਸਾਨਾਂ ਨੂੰ ਵਧਾਈ ਦਿੰਦੇ ਹੋਏ ਨੋਟ ਕਰਦੇ ਹਾਂ ਕਿ ਅੰਦੋਲਨ ਦੀ ਇਸ ਸਫਲਤਾ ਨੇ ਕੇਂਦਰ ਵਿਚਲੇ ਹਾਕਮਾਂ ਨੂੰ ਘਬਰਾਹਟ ਵਿੱਚ ਪਾ ਦਿੱਤਾ ਹੈ। ਕੇਂਦਰ ਵਿੱਚ ਸੱਤਾਧਾਰੀ ਤੇ ਰਾਜਾਂ 'ਚ ਸੱਤਾਧਾਰੀ ਉਨ੍ਹਾਂ ਦੀ ਪਾਰਟੀ ਕਿਸੇ ਵੀ ਵਿਰੋਧੀ ਧਿਰ ਨੂੰ ਕੁਚਲਣ ਲਈ ਹਰ ਤਰ੍ਹਾਂ ਦੀ ਸਾਜ਼ਿਸ਼ ਰਚ ਰਹੀ ਹੈ ਤੇ ਹਰ ਤਰ੍ਹਾਂ ਦੀਆਂ ਗੈਰ-ਕਾਨੂੰਨੀ ਕਾਰਵਾਈਆਂ ਕਰਨ ਲਈ ਤੁਲੀ ਹੋਈ ਹੈ। ਅਸੀਂ ਸਮੂਹ ਖੇਤਰ ਦੀਆਂ ਜਥੇਬੰਦ ਤੇ ਅਸੰਗਠਿਤ ਜਥੇਬੰਦੀਆਂ ਨੂੰ ਸੱਦਾ ਦਿੰਦੇ ਹਾਂ ਕਿ ਉਹ 23 ਫਰਵਰੀ ਨੂੰ ਕਾਲੇ ਦਿਵਸ ਵਜੋਂ ਮਨਾਉਣ ਤੇ ਦੇਸ਼ ਵਿਆਪੀ ਰੋਸ ਮੁਜ਼ਾਹਰੇ ਕਰਨ, ਕਾਲੇ ਬਿੱਲੇ ਲਗਾ ਕੇ, ਦੁਪਹਿਰ ਦੇ ਖਾਣੇ ਦੇ ਸਮੇਂ ਦੇ ਧਰਨੇ, ਰੋਸ ਧਰਨੇ, ਜਲੂਸ, ਟਾਰਚ ਲਾਈਟ/ਮੋਮਬੱਤੀ ਦੀ ਰੋਸ਼ਨੀ ਦੇ ਵਿਰੋਧ ਵਿੱਚ, ਜਿਸ ਵੀ ਰੂਪ ਵਿੱਚ ਉਹ ਆਪਣੇ ਦੁੱਖ ਦਾ ਪ੍ਰਗਟਾਵਾ ਕਰ ਸਕਦੇ ਹਨ, ਕਰਨ। ਇਸ ਦੌਰਾਨ ਅਸੀਂ ਸਮੇਂ ਦੇ ਨਾਲ ਵਿਕਸਤ ਹੋਈ ਮਜ਼ਦੂਰ-ਕਿਸਾਨ ਏਕਤਾ ਨੂੰ ਜਾਰੀ ਰੱਖਣ ਲਈ ਦੁਹਰਾਉਂਦੇ ਹਾਂ ਤੇ ਇਸ ਮਜ਼ਦੂਰ ਵਿਰੋਧੀ, ਕਿਸਾਨ-ਵਿਰੋਧੀ ਤੇ ਦੇਸ਼-ਵਿਰੋਧੀ ਨੀਤੀਆਂ ਨੂੰ ਹੱਲਾਸ਼ੇਰੀ ਦੇਣ ਵਾਲੀ ਇਸ ਸਰਕਾਰ ਦਾ ਮੁਕਾਬਲਾ ਕਰਨ ਲਈ ਐੱਸ ਕੇ ਐੱਮ ਵੱਲੋਂ ਭਵਿੱਖ ਵਿੱਚ ਦਿੱਤੇ ਗਏ ਕਿਸੇ ਵੀ ਸੱਦੇ ਨਾਲ ਇੱਕਮੁੱਠ ਹੋ ਕੇ ਕਾਰਵਾਈ ਕਰਾਂਗੇ।

# ਨਸ਼ੀਲੀਆਂ ਗੋਲੀਆਂ ਤੇ ਅਫੀਮ ਸਮੇਤ ਤਿੰਨ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਸੀਆਈਏ ਸਟਾਫ ਫਿਰੋਜ਼ਪੁਰ ਤੇ ਥਾਣਾ ਤਲਵੰਡੀ ਭਾਈ ਦੀ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 1050 ਨਸ਼ੀਲੀਆਂ ਗੋਲੀਆਂ ਅਤੇ 46 ਗ੍ਰਾਮ ਅਫੀਮ ਸਮੇਤ ਇਕ ਔਰਤ ਅਤੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਹਨ। ਸੀਆਈਏ ਸਟਾਫ ਫਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਪਿੰਡ ਮਾਛੀਬੁਗਰਾ ਪਾਸ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ਣ ਮਹਿੰਦਰ ਕੌਰ ਉਰਫ ਮਿੰਦੋ ਪਤਨੀ ਸੁਖਦੇਵ ਸਿੰਘ ਵਾਸੀ ਪਿੰਡ ਜਵਾਹਰ ਸਿੰਘ ਵਾਲਾ ਜੋ ਨਸ਼ੀਲੀਆਂ ਗੋਲੀਆਂ ਵੇਚਣ ਦੀ ਆਦੀ ਹੈ, ਜੋ ਹੁਣ ਵੀ ਨਸ਼ੀਲੀਆਂ ਗੋਲੀਆਂ ਵੇਚਣ ਲਈ ਸਰਕਾਰੀ ਪ੍ਰਾਇਮਰੀ ਸਕੂਲ ਜਵਾਹਰ ਸਿੰਘ ਵਾਲਾ ਕੋਲ ਗਾਹਕਾਂ ਦੀ ਉਡੀਕ ਕਰ ਰਹੀ ਹੈ। ਜੇਕਰ ਹੁਣੇ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੀ ਹੈ। ਪੁਲਸ ਪਾਰਟੀ ਵੱਲੋਂ ਦੋਸ਼ਣ 'ਤੇ ਛਾਪੇਮਾਰੀ ਕਰਕੇ ਕਾਬੂ ਕੀਤੀ ਗਈ ਤੇ ਤਲਾਸ਼ੀ ਦੌਰਾਨ 1050 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਥਾਣਾ ਤਲਵੰਡੀ ਭਾਈ ਪੁਲਸ ਦੇ ਸਬ ਇੰਸਪੈਕਟਰ ਅਮਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿਚ ਨੇੜੇ ਰਾਜ ਪੰਪ ਤਲਵੰਡੀ ਭਾਈ ਪਾਸ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਅਨ ਅੰਮ੍ਰਿਤਪਾਲ ਸਿੰਘ ਉਰਫ ਰਿੰਕੂ ਪੁੱਤਰ ਨਸੀਬ ਸਿੰਘ ਵਾਸੀ ਵਕੀਲਾਂ ਵਾਲੀ ਗਲੀ ਤਲਵੰਡੀ ਭਾਈ ਅਤੇ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਹਰਾਜ ਅਫੀਮ ਵੇਚਣ ਦੇ ਆਦੀ ਹਨ, ਜੋ ਹੁਣ ਵੀ ਬੱਸ ਸਟੈਂਡ ਪਾਸ ਬਣੇ ਬਾਥਰੂਮਾਂ ਕੋਲ ਅਫੀਮ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੇ ਹਨ, ਜੇਕਰ ਹੁਣੇ ਇਨ੍ਹਾਂ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦੇ ਹਨ। ਪੁਲਿਸ ਪਾਰਟੀ ਵੱਲੋਂ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਕਾਤਰਾਂ

### ਮਾਜਰਾ ਨਿਧੇਵਾਲਾ 'ਚ ਮੱਝਾਂ ਚੋਰੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਸਰਹਿੰਦ ਦੀ ਹੱਦ 'ਚ ਪੈਂਦੇ ਪਿੰਡ ਮਾਜਰਾ ਨਿਧੇਵਾਲਾ ਵਿਖੇ ਮੱਝਾਂ ਚੋਰੀ ਹੋ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਭਿੰਦਰ ਕੌਰ ਵਾਸੀ ਪਿੰਡ ਮਾਜਰਾ ਨਿਧੇਵਾਲਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਨੇ ਦੋ ਮੱਝਾਂ, ਇੱਕ ਕੱਟਾ ਅਤੇ ਇੱਕ ਕੱਟੀ ਰੱਖੀਆਂ ਹੋਈਆਂ ਸਨ ਤੇ 19/20 ਫ਼ਰਵਰੀ ਦੀ ਦਰਮਿਆਨੀ ਰਾਤ ਨੂੰ ਨਾਮਾਲੂਮ ਵਿਅਕਤੀ ਪਿੰਡ ਵਿੱਚੋਂ ਉਸ ਦੀਆਂ ਦੋ ਮੱਝਾਂ ਚੋਰੀ ਕਰਕੇ ਲੈ ਗਏ।ਥਾਣਾ ਸਰਹਿੰਦ ਦੀ ਪੁਲਸ ਵੱਲੋਂ ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।ਸੂਤਰਾਂ ਅਨੁਸਾਰ ਪੁਲਸ ਦੇ ਹੱਥ ਸੀ.ਸੀ.ਟੀ.ਵੀ. ਕੈਮਰੇ ਦੀ ਇੱਕ ਫੁਟੇਜ ਵੀ ਲੱਗੀ ਹੈ ਜਿਸ ਵਿੱਚ ਨਾਮਾਲੂਮ ਵਿਅਕਤੀ ਇੱਕ ਵਾਹਨ 'ਚ ਮੱਝਾਂ ਲੱਦ ਕੇ ਲਿਜਾਂਦੇ ਹੋਏ ਦਿਖਾਈ ਦੇ ਰਹੇ ਹਨ।

### ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪੀ ਏ ਸੀ ਮੈਂਬਰਾਂ ਦੀ ਨਿਯੁਕਤੀ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਪਾਰਟੀ ਦੇ ਇਕ ਹੋਏ ਫੈਸਲੇ ਅਨੁਸਾਰ ਗੁਰਜੰਟ ਸਿੰਘ ਕੱਟੂ ਜੋ ਸਿਮਰਨਜੀਤ ਸਿੰਘ ਮਾਨ ਦੇ ਵਿਸ਼ੇਸ਼ ਸਕੱਤਰ ਸਨ, ਨੂੰ ਬਤੌਰ ਜਰਨਲ ਸਕੱਤਰ ਨਿਯੁਕਤ ਕੀਤਾ ਜਾਂਦਾ ਹੈ। ਇਸ ਦੇ ਨਾਲ ਹੀ ਬਲਦੇਵ ਸਿੰਘ ਗਗੜਾਂ, ਬਲਰਾਜ ਸਿੰਘ ਖਾਲਸਾ ਅਤੇ ਹਰਬੰਸ ਸਿੰਘ ਸਲੋਮਪੁਰ ਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਪਾਰਟੀ ਦੀ ਰਾਜਸੀ ਮਾਮਲਿਆਂ ਦੀ ਕਮੇਟੀ (ਪੀ.ਏ.ਸੀ) ਮੈਂਬਰ ਨਿਯੁਕਤ ਕੀਤਾ ਜਾਂਦਾ ਹੈ।ਪਾਰਟੀ ਦੀ ਪੋਲੀਟੀਕਲ ਅਫੇਅਰਜ਼ ਕਮੇਟੀ ਦੀਆਂ ਮੀਟਿੰਗਾਂ ਵਿਚ ਇਹ ਉਪਰੋਕਤ ਮੈਂਬਰ ਸ਼ਮੂਲੀਅਤ ਕਰਨ ਦਾ ਹੱਕ ਰੱਖਣਗੇ।ਇਹ ਜਾਣਕਾਰੀ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪਾਰਟੀ ਮੁੱਖ ਦਫਤਰ ਤੋਂ ਇਨ੍ਹਾਂ ਨਵੀਆਂ ਨਿਯੁਕਤੀਆਂ ਸੰਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਇਕ ਪ੍ਰੈਸ ਰਿਲੀਜ ਵਿਚ ਦਿੱਤੀ।ਪਾਰਟੀ ਦਫਤਰ ਨੇ ਇਹ ਉਮੀਦ ਪ੍ਰਗਟ ਕੀਤੀ ਕਿ ਉਪਰੋਕਤ ਨਵੀਆਂ ਨਿਯੁਕਤੀਆਂ ਉਤੇ ਨਿਯੁਕਤ ਹੋਣ ਵਾਲੇ ਮੈਂਬਰ ਆਪੋ ਆਪਣੀਆਂ ਪਾਰਟੀ ਜ਼ਿੰਮੇਵਾਰੀਆਂ ਨੂੰ ਪੂਰੀ ਤਨਦੇਹੀ, ਸ਼ਿੱਦਤ ਨਾਲ ਪੂਰੀਆ ਕਰਦੇ ਰਹਿਣਗੇ ਅਤੇ ਪਾਰਟੀ ਅਨੁਸ਼ਾਸਨ ਨੂੰ ਮੁੱਖ ਰੱਖਦੇ ਹੋਏ ਪਾਰਟੀ ਪਾਲਸੀ ਨੂੰ ਪੰਜਾਬ ਨਿਵਾਸੀਆਂ ਅਤੇ ਇਲਾਕਿਆਂ ਵਿਚ ਪ੍ਰਚਾਰਦੇ ਹੋਏ ਪਾਰਟੀ ਮੈਂਬਰਾਂ, ਸਮਰਥਕਾਂ ਦੀ ਗਿਣਤੀ ਵਿਚ ਵਾਧਾ 

23-FEB-PAGE-11-Majha-24.qxd 2/22/2024 10:19 PM Page 1



# ਭਾਜਪਾ ਦੇ ਦਫਤਰਾਂ ਅੱਗੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਰੋਸ ਪ੍ਰਦਰਸ਼ਨ

ਤਰਨ ਤਾਰਨ (ਨ ਜ਼ ਸ) ਸੰਯੁਕਤ ਕਿਸਾਨ ਮੋਰਚੇ 'ਚ ਸ਼ਾਮਲ ਕਿਸਾਨ ਜਥੇਬੰਦੀਆਂ ਵੱਲੋ ਭਾਜਪਾ ਦੇ ਦਫਤਰ ਅੱਗੇ ਤੀਸਰੇ ਦਿਨ ਵੀ ਰੋਸ ਪ੍ਰਦਰਸ਼ਨ ਕੀਤਾ ਗਿਆ ਜਿਸ ਦੀ ਅਗਵਾਈ ਲਖਵਿੰਦਰ ਸਿੰਘ ਸਿਘਪੁਰਾ ਕਿਸਾਨ ਸੰਘਰਸ ਕਮੇਟੀ ਪੰਜਾਬ, ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਏਕਤਾ ਪੰਜਾਬ ਦੇ ਡਾ. ਅਮੋਲਕ ਸਿੰਘ ਗੋਰਖਾ, ਕੁੱਲ ਹਿੰਦ ਕਿਸਾਨ ਸਭਾ (ਅਜੈ ਭਵਨ) ਪੂਰਨ ਸਿੰਘ ਮਾੜੀਮੇਘਾ, ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਚਮਕੌਰ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਮੇਹਰ ਸਿੰਘ ਸਖੀਰਾ ਨੇ ਕੀਤੀ। ਇਸ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਅਜ਼ਾਦ ਕਿਸਾਨ ਸੰਘਰਸ਼ ਕਮੇਟੀ ਏਕਤਾ ਪੰਜਾਬ ਦੇ ਸੂਬਾ ਪ੍ਰਧਾਨ ਨਿਰਵੈਲ ਸਿੰਘ ਡਾਲੇਕੇ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਬਲਕਾਰ ਸਿੰਘ ਵਲਟੋਹਾ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਹਰਜੀਤ ਸਿੰਘ ਰਵੀ, ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਜਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਗਦਾਈਕੇ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਮੁਗਲ ਚੱਕ, ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਇੰਦਰਜੀਤ ਸਿੰਘ ਮਰਹਾਣਾ ਆਦਿ ਕਿਸਾਨ ਆਗੂਆਂ ਨੇ ਕਿਹਾ ਕਿ ਭਾਜਪਾ ਦੀ ਕੇਂਦਰ ਦੀ ਨਰਿੰਦਰ ਮੋਦੀ ਦੀ ਸਰਕਾਰ ਖਿਲਾਫ ਭਾਰਤ ਦੇ ਕਿਸਾਨ ਆਪਣੀਆਂ ਜਮੀਨਾਂ ਬਚਾਉਣ ਲਈ ਅਤੇ ਆਪਣੀਆਂ ਫਸਲਾਂ ਦੇ ਲਾਹੇਵੰਦ ਭਾਅ ਅਤੇ ਖਰੀਦ ਗਰੰਟੀ ਲਈ ਅੰਦੋਲਨ ਕਰ ਰਹੇ ਹਨ ਕੇਂਦਰ ਦੀ ਮੋਦੀ ਸਰਕਾਰ ਟਾਲ ਮਟੋਲ ਦੀ ਨੀਤੀ ਨਾਲ ਆਪਣੇ ਰਾਜ ਦਾ ਸਮਾਂ ਲੰਘਾ ਰਹੀਂ ਹੈ। ਜਿਸ ਦੇ ਖਿਲਾਫ ਸੰਘਰਸ਼ੀ ਲੋਕ ਆਪਣੀ ਅਵਾਜ ਬੁਲੰਦ ਕਰਦੇ ਰਹਿਣਗੇ।

ਜਸਵਿੰਦਰ ਸਿੰਘ ਕੱਦਗਿੱਲ , ਦਵਿੰਦਰ ਸੋਹਲ, ਹਰਦੀਪ ਸਿੰਘ ਬੱਠੇਭੈਣੀ, ਅਮਰਜੀਤ ਸਿੰਘ ਭਿੱਖੀਵਿੰਡ, ਬਲਦੇਵ ਸਿੰਘ ਧੂੰਦਾ, ਰਾਜਬੀਰ ਸਿੰਘ, ਸੁਖਦੇਵ ਸਿੰਘ ਮਾਨੋਚਾਹਲ, ਹਰਦੀਪ ਸਿੰਘ ਜੰੜਾ, ਸਤਪਾਲ ਸਿੰਘ ਨੱਥੋਕੇ, ਤਰਸੇਮ ਸਿੰਘ ਪੰਡੋਰੀ, ਗੁਰਬੀਰ ਸਿੰਘ ਜਾਮਾਰਾਏ, ਕਸਮੀਰ ਸਿੰਘ ਠੱਠੀਆਂ, ਜਰਨੈਲ ਸਿੰਘ, ਮਨਪ੍ਰੀਤ ਸਿੰਘ ਜਗਰੂਪ ਸਿੰਘ, ਨਰਿੰਦਰ ਸਿੰਘ ਬੇਦੀ, ਨਰਭਿੰਦਰ ਸਿੰਘ ਆਦਿ ਆਗੂਆਂ ਨੇ ਸੰਘਰਸ਼ 'ਚ ਹਿੱਸਾ ਲਿਆ।

# ਲੋਕ ਅਦਾਲਤਾਂ ਦਾ ਮੁੱਖ ਮਨੋਰਥ ਸਮਝੌਤੇ/ਰਾਜ਼ੀਨਾਮੇ ਰਾਹੀਂ ਫ਼ੈਸਲਾ ਕਰਵਾਉਣਾ : ਜ਼ਿਲ੍ਹਾ ਤੇ ਸੈਸ਼ਨ ਜੱਜ

**ਗੁਰਦਾਸਪੁਰ (ਜਨਕ ਮਹਾਜਨ)**- ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਜਿੰਦਰ ਅਗਰਵਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ 9 ਮਾਰਚ ਨੂੰ ਲੱਗ ਰਹੀ ਰਾਸ਼ਟਰੀ ਲੋਕ ਅਦਾਲਤ ਵਿੱਚ ਵੱਧ ਤੋਂ ਵੱਧ ਆਪਣੇ ਕੇਸਾਂ ਨੂੰ ਲਗਾ ਕੇ ਸਸਤਾ ਤੇ ਛੇਤੀ ਨਿਆਂ ਹਾਸਲ ਕਰਨ। ਉਨ੍ਹਾਂ ਕਿਹਾ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਸਮਝੌਤੇ/ਰਾਜ਼ੀਨਾਮੇ ਰਾਹੀਂ ਅਦਾਲਤੀ ਕੇਸਾਂ ਦਾ ਫ਼ੈਸਲਾ ਕਰਵਾਉਣਾ ਹੈ ਤਾਂ ਜੋ ਧਿਰਾਂ ਦਾ ਧਨ ਅਤੇ ਸਮਾਂ ਬਚਾਉਣ ਦੇ ਨਾਲ ਉਨ੍ਹਾਂ ਦੀ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਉਨ੍ਹਾਂ ਕਿਹਾ ਕਿ ਗੰਭੀਰ ਕਿਸਮ ਦੇ ਫ਼ੌਜਦਾਰੀ ਕੇਸਾਂ ਨੂੰ ਛੱਡ ਕੇ ਹਰ ਤਰ੍ਹਾਂ ਦੇ ਕੇਸ ਜੋ ਵੱਖ-ਵੱਖ ਅਦਾਲਤਾਂ ਵਿੱਚ ਲੰਬਿਤ ਪਏ ਹੋਣ, ਲੋਕ ਅਦਾਲਤਾਂ ਵਿੱਚ ਫ਼ੈਸਲੇ ਲਈ ਸ਼ਾਮਲ ਕੀਤੇ ਜਾ ਸਕਦੇ ਹਨ। ਇਸ ਤੋਂ ਇਲਾਵਾ ਜੋ ਝਗੜਾ ਅਦਾਲਤ ਵਿੱਚ ਨਾ ਚੱਲਦਾ ਹੋਵੇ, ਉਹ ਮਾਮਲਾ ਵੀ ਲੋਕ ਅਦਾਲਤ ਵਿੱਚ ਦਰਖਾਸਤ ਦੇ ਕੇ ਰਾਜ਼ੀਨਾਮੇ ਲਈ ਲਿਆਂਦਾ ਜਾ ਸਕਦਾ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਦੱਸਿਆ ਕਿ ਲੋਕ ਅਦਾਲਤਾਂ ਹਰ ਮਹੀਨੇ ਦੇ ਅਖੀਰਲੇ ਕੰਮਕਾਜੀ ਸ਼ਨੀਵਾਰ ਨੂੰ ਰਾਜ ਦੀਆਂ ਸਾਰੀਆਂ ਅਦਾਲਤਾਂ ਵਿੱਚ ਲਗਾਈਆਂ ਜਾਂਦੀਆਂ ਹਨ। ਇਸ ਦੇ ਨਾਲ-ਨਾਲ ਲੇਬਰ ਕੋਰਟ ਅਤੇ ਉਪਭੋਗਤਾ ਫੋਰਮ ਵਿੱਚ ਹਰ ਮਹੀਨੇ ਦੇ ਅਖੀਰਲੇ ਸ਼ੁੱਕਰਵਾਰ ਨੂੰ ਲੋਕ-ਅਦਾਲਤ ਲਗਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਸਮੇਂ-ਸਮੇਂ 'ਤੇ ਔਰਤਾਂ ਅਤੇ ਬੱਚਿਆਂ ਦੇ ਕੇਸਾਂ ਸੰਬੰਧੀ, ਪਰਵਾਰਕ ਕੇਸ, ਮੋਟਰ ਦੁਰਘਟਨਾ ਕੇਸ ਆਦਿ ਲਈ ਸਪੈਸ਼ਲ ਲੋਕ ਅਦਾਲਤਾਂ ਅਤੇ ਮੈਗਾ ਲੋਕ ਅਦਾਲਤਾਂ ਦਾ ਆਯੋਜਨ ਵੀ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋਕ ਅਦਾਲਤ ਵਿਚ ਕੇਸ ਲਗਾਉਣ ਦੇ ਚਾਹਵਾਨ ਵਿਅਕਤੀ, ਜੇਕਰ ਕੇਸ ਅਦਾਲਤ ਵਿੱਚ ਲੰਬਿਤ ਹੈ ਤਾਂ ਸਬੰਧਤ ਅਦਾਲਤ ਦੇ ਜੱਜ ਸਾਹਿਬਾਨ ਨੂੰ ਅਤੇ ਜੇਕਰ ਝਗੜਾ/ਕੇਸ ਅਦਾਲਤ ਵਿੱਚ ਲੰਬਿਤ ਨਹੀਂ ਹੈ ਤਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਲਿਖਤੀ ਦਰਖਾਸਤ ਰਾਹੀਂ ਬੇਨਤੀ ਕਰ ਸਕਦੇ ਹਨ। ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਨੇ ਦੱਸਿਆ ਕਿ ਲੋਕ ਅਦਾਲਤ ਵਿੱਚ ਛੇਤੀ ਤੇ ਸਸਤਾ ਨਿਆਂ ਮਿਲਦਾ ਹੈ ਇਸ ਦੇ ਫ਼ੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ। ਲੋਕ ਅਦਾਲਤਾਂ ਦੇ ਫ਼ੈਸਲੇ ਖ਼ਿਲਾਫ਼ ਕੋਈ ਅਪੀਲ ਨਹੀਂ ਹੁੰਦੀ ਅਤੇ ਇਸ ਵਿਚ ਫ਼ੈਸਲਾ ਆਪਸੀ ਸਹਿਮਤੀ ਅਤੇ ਰਜ਼ਾਮੰਦੀ ਨਾਲ ਕਰਵਾਇਆ ਜਾਂਦਾ ਹੈ। ਲੋਕ ਅਦਾਲਤ ਵਿਚ ਫ਼ੈਸਲਾ ਹੋਣ ਉਪਰੰਤ ਕੇਸ ਵਿੱਚ ਲੱਗੀ ਸਾਰੀ ਕੋਰਟ ਫ਼ੀਸ ਵੀ ਵਾਪਸ ਮਿਲ ਜਾਂਦੀ ਹੈ ਇਸ ਦੇ ਫ਼ੈਸਲੇ ਅੰਤਮ ਹੁੰਦੇ ਹਨ।

ਉਨ੍ਹਾਂ ਦੱਸਿਆ ਕਿ ਮੁਫ਼ਤ ਕਾਨੂੰਨੀ ਸਹਾਇਤਾ ਲੈਣ ਅਤੇ ਲੋਕ ਅਦਾਲਤ ਵਿੱਚ ਕੇਸ ਲਗਵਾਉਣ ਲਈ ਜ਼ਿਲ੍ਹਾ ਤੇ ਸੈਸ਼ਨਜ਼-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਟੀ, ਗੁਰਦਾਸਪੁਰ, ਵਧੀਕ ਸਿਵਲ ਜੱਜ (ਸੀਨੀਅਰ ਡਵੀਜ਼ਨ)-ਕਮ-ਚੇਅਰਪਰਸਨ, ਉਪ-ਮੰਡਲ ਪੱਧਰੀ ਕਾਨੂੰਨੀ ਸੇਵਾ ਕਮੇਟੀ ਗੁਰਦਾਸਪੁਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਸ਼ਹੀਦ ਕਿਸਾਨਾਂ ਦੇ ਪਰਵਾਰਾਂ ਨੂੰ ਇੱਕ-ਇੱਕ ਕਰੋੜ ਦੀ ਰਾਸ਼ੀ ਦਿੱਤੀ ਜਾਵੇ : ਕੱਕੜ

ਅੰਮਿਤਸਰ (ਜਸਬੀਰ ਸਿੰਘ ਪੱਟੀ)- ਹਰਿਆਣੇ ਦੀਆਂ ਸਰਹੱਦਾਂ 'ਤੇ ਸ਼ਹੀਦ ਅਤੇ ਜ਼ਖ਼ਮੀਂ ਹੋ ਰਹੇ ਕਿਸਾਨਾਂ ਲਈ ਕੇਂਦਰ ਦੇ ਨਾਲ ਪੰਜਾਬ ਸਰਕਾਰ ਵੀ ਬਰਾਬਰ ਦੀ ਜਿੰਮੇਵਾਰ ਹੈ। ਹਰਿਆਣਾ ਬਾਰਡਰਾਂ ਤੇ ਹਰਿਆਣਾ ਪੁਲਿਸ ਕਿਸਾਨਾਂ ਤੇ ਅੰਨਾ ਤਸ਼ੱਦਦ ਕਰ ਰਹੀ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਦੋਗਲੀ ਨੀਤੀ ਕਈ ਪ੍ਰਕਾਰ ਦੇ ਸ਼ੰਕੇ ਪ੍ਰਗਟ ਰਹੀ ਹੈ। ਪੰਜਾਬ ਦੀ ਜਨਤਾ ਦੀ ਸੁਰੱਖਿਆ ਕਰਨ ਦੀ ਜਿੰਮੇਵਾਰੀ ਮਾਨ ਸਰਕਾਰ ਦੀ ਹੈ। ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਕਿਸਾਨਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਤੇ 5 ਮਿੰਟਾਂ ਵਿੱਚ ਸਾਰੀਆਂ ਫ਼ਸਲਾਂ ਤੇ ਪੰਜਾਬ ਸਰਕਾਰ ਐਮ ਐਸ ਪੀ ਦੇਵੇਗੀ। ਪਰ ਸਰਕਾਰ ਬਣਨ ਤੋਂ ਬਾਅਦ ਆਪ ਸਰਕਾਰ ਆਪਣੇ ਸਾਰੇ ਵਾਅਦਿਆਂ ਤੋਂ ਮੁੱਕਰ ਗਈ ਪੰਜਾਬ ਦੇ ਮੁੱਖ ਮੰਤਰੀ ਇਸ ਵਕਤ ਕੇਂਦਰ ਸਰਕਾਰ ਦੇ ਮੋਹਰੇ ਵਜੋਂ ਕੰਮ ਕਰ ਰਹੇ ਹਨ।

ਮੁੱਖ ਮੰਤਰੀ ਕਿਸਾਨਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਨ ਲਈ ਉਸ ਨੂੰ ਕਾਨੂੰਨੀ ਜਾਮਾਂ ਪਹਿਨਾਉਣ ਲਈ 23 ਫ਼ਸਲਾਂ ਦੀ ਸਮੁੱਚੀ ਉਪਜ ਐਮ ਐਸ ਪੀ ਸਵਾਮੀਨਾਥਨ ਫ਼ਾਰਮੂਲੇ ਦੇ ਅਧਾਰ ਤੇ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾ ਕੇ ਮਤਾ ਪਾਸ ਕਰਵਾ ਕੇ ਕਾਨੂੰਨ ਬਣਾਵੇਂ ਅਤੇ ਬਾਅਦ ਵਿੱਚ ਕਿਸਾਨਾਂ ਨਾਲ ਖੜੇ ਹੋਕੇ ਕੇਂਦਰ ਸਰਕਾਰ ਤੇ ਪਰੈਸ਼ਰ ਪਾਵੇ। ਕੱਕੜ ਨੇ ਕਿਹਾ ਕਿ ਕਿਸਾਨ ਅੰਦੋਲਨ ਵਿੱਚ ਸ਼ਹੀਦ ਹੋਣ ਵਾਲੇ ਕਿਸਾਨਾਂ ਦੇ ਪਰਵਾਰ ਨੂੰ ਇੱਕ ਇੱਕ ਕਰੋੜ ਰੁਪਏ ਦੀ ਦੀ ਸਹਾਇਤਾ ਦੇਵੇ ਅਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਵੀ ਦੇਵੇ।

# ਬਲਾਕ ਚੱਕੋਵਾਲ ਦੇ ਮਲਟੀਪਰਪਜ਼ ਕਾਮਿਆਂ ਵੱਲੋਂ 24 ਤੇ 25 ਦੇ ਸੰਘਰਸ਼ 'ਚ ਸ਼ਮੂਲੀਅਤ ਦਾ ਐਲਾਨ

ਬੁਲ੍ਹੋਵਾਲ (ਵਿਰਦੀ) ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਵਲੋਂ ਪਿਛਲੇ ਲੰਬੇ ਸਮੇਂ ਤੋਂ ਆਪਣੇ ਕੇਡਰ ਨਾਲ ਸਬੰਧਿਤ ਮੀਂ ਦੀ ਪ੍ਰਾਪਤੀ ਲਈ ਸੰਘਰਸ਼ ਕਤਿਾ ਜਾ ਰਿਹਾ ਹੈ ਅਤੇ ਇਸ ਸੰਘਰਸ਼ ਨੂੰ ਹੋਰ ਵੀ ਤੇਜ਼ ਕਰਨ ਸਬੰਧੀ ਮਿਤੀ 24 ਫਰਵਰੀ ਨੂੰ ਸਿਹਤ ਮੰਤਰੀ ਦੀ ਰਿਹਾਇਸ਼ ਦਾ ਘਿਰਾਓ ਕਰਨ ਲਈ ਪਟਿਆਲਾ ਵਿਖੇ ਇੱਕ ਵਿਸ਼ਾਲ ਸੂਬਾ ਪੱਧਰੀ ਰੋਸ ਰੈਲੀ ਕੀਤੀ ਜਾ ਰਹੀ ਹੈ,ਜਸ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਹਿਤ ਬਲਾਕ ਚੱਕੋਵਾਲ ਤੋਂ ਵੀ ਮਲਟੀਪਰਜ਼ ਕਾਮੇਂ ਸ਼ਮੂਲੀਅਤ ਕਰਨਗੇ। ਇਸੇ ਤਰ੍ਹਾਂ ਹੀ ਮਿਤੀ 25 ਫਰਵਰੀ ਨੂੰ ਪੁਰਾਣੀ ਪੈਨਸ਼ਨ ਦੀ ਪ੍ਰਾਪਤੀ ਲਈ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਸਹਿਤ ਬਾਕੀ ਜੱਥੇਬੰਦੀਆਂ ਵਲੋਂ ਵਿੱਤ ਮੰਤਰੀ ਦੇ ਹਲਕੇ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਵਿੱਚ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਜੱਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਨੋਹਰ ਸਿੰਘ ਸੈਣੀ ਵਲੋਂ ਕੀਤੀ ਗਈ ਬਲਾਕ ਪੱਧਰੀ ਮੀਟਿੰਗ ਮੌਕੇ ਕੀਤਾ ਗਿਆ। ਮੀਟਿੰਗ ਵਿੱਚ ਹਾਜਤ ਆਗੂਆਂ ਵਲੋਂ ਮੌਜੂਦਾ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦਾ ਡਟ ਕੇ ਵਿਰੋਧ ਕੀਤਾ ਗਿਆ ਅਤੇ ਮੰਗ ਕੀਤੀ ਗਈ ਕਿ ਮਲਟੀਪਰਪਜ਼ ਕੇਡਰ ਦਾ ਨਾਮ ਬਦਲਿਆ ਜਾਵੇ, ਕੱਟੇ ਗਏ ਸਾਰੇ ਭੱਤੇ ਬਹਾਲ ਕੀਤੇ ਜਾਣ, ਪਦ-ਉੱਨਤੀਆਂ ਸਮੇਂ ਸਿਰ ਪਾਰਦਰਸ਼ੀ ਢੰਗ ਨਾਲ ਕੀਤੀਆਂ ਜਾਣ, ਸਨਿਆਰਤਾ ਸੂਚੀਆਂ ਨੂੰ ਸੋਧ ਕੇ ਜਾਰੀ ਕੀਤਾ ਜਾਵੇ, ਬੰਦ ਪਏ ਸਰਕਾਰੀ ਟ੍ਰੇਨਿੰਗ ਸਕੂਲ ਚਾਲੀ ਕੀਤੇ ਜਾਣ, ਮੇਲ ਵਰਕਰਾਂ ਨੂੰ ਫੀਮੇਲ ਵਰਕਰਾਂ ਦੇ ਕੰਮਾਂ ਵਿੱਚ ਬਰਾਬਰ ਦਾ ਭਾਗੀਦਾਰ ਬਣਾਇਆ ਜਾਵੇ, ਖਾਲੀ ਅਸਾਮੀਆਂ ਨੂੰ ਪੱਕੇ ਤੌਰ 'ਤੇ ਭਰਿਆ ਜਾਵੇ, 1-1-2004 ਤੋਂ ਭਰਤੀ ਮੁਲਾਜ਼ਮਾਂ 'ਤੇ ਪੁਰਾਣੀ ਪੈਨਸ਼ਨ ਚਾਲੀ ਕੀਤੀ ਜਾਵੇ, ਮੰਹਿਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ। ਮੀਟਿੰਗ ਵਿੱਚ ਵਰਕਰ 24 ਅਤੇ 25 ਨੂੰ ਰੈਲੀਆਂ ਵਿੱਚ ਸ਼ਮੂਲੀਅਤ ਕਰਨ ਲਈ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਅਤੇ ਇਸਦੇ ਨਾਲ ਹੀ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਮਿਤੀ 25 ਫਰਵਰੀ ਨੂੰ ਕੈਬਨਿਟ ਮੰਤਰੀ ਜਿੰਪਾ ਦੀ ਰਿਹਾਇਸ਼ ਦੇ ਕੀਤੇ ਜਾ ਰਹੇ ਘਿਰਾਓ ਵਿੱਚ ਵੀ ਸ਼ਮੂਲੀਅਤ ਕੀਤੀ ਜਾਵੇਗੀ।

ਇਸ ਮੀਟਿੰਗ ਵਿੱਚ ਗੁਰਦੇਵ ਸਿੰਘ, ਸੁਖਵਿੰਦਰ ਸਿੰਘ, ਜਸਵੰਤ ਸਿੰਘ, ਬਲਵਿੰਦਰ ਸਿੰਘ, ਰਸ਼ਪਾਲ ਸਿੰਘ, ਕੁਲਵੰਤ ਸਿੰਘ, ਬਲਜੀਤ ਸਿੰਘ ਆਦਿ ਵੀ ਹਾਜਰ ਸਨ।

# ਨਵ-ਨਿਯੁਕਤ ਹਲਕਾ ਇੰਚਾਰਜ ਜੱਗਾ ਮਜੀਠੀਆ ਦਾ ਬਲਾਕ ਪ੍ਰਧਾਨਾਂ ਵੱਲੋਂ ਸਨਮਾਨ

ਤਰਸਿਕਾ, (ਤਰਸੇਮ ਸਿੰਘ ਸਾਧਪੁਰ) ਆਮ ਆਦਮੀ ਪਾਰਟੀ ਹਾਈ ਕਮਾਂਡ ਵੱਲੋਂ ਹਲਕਾ ਮਜੀਠਾ ਵਿਧਾਨ ਤੋਂ ਸੀਨੀਅਰ ਆਗੂ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਨੂੰ ਹਲਕਾ ਮਜੀਠਾ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਤੇ ਇਲਾਕੇ ਦੇ 'ਚ ਵੱਡੀ ਖੁਸ਼ੀ ਦੀ ਲਹਿਰ ਹੈ ਤੇ ਵੱਖ-ਵੱਖ ਆਗੂਆਂ ਵੱਲੋਂ ਜੱਗਾ ਮਜੀਠੀਆ ਦਾ ਸਨਮਾਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਹਲਕਾ ਮਜੀਠਾ ਨਾਲ ਸੰਬੰਧਿਤ ਵੱਖ ਵੱਖ ਬਲਾਕ ਪ੍ਰਧਾਨਾਂ ਵੱਲੋਂ ਜਗਵਿੰਦਰ ਪਾਲ ਸਿੰਘ ਜੱਗਾ ਮਜੀਠਾ ਨੂੰ ਮਿਲ ਕੇ ਜਿੱਥੇ ਉਹਨਾਂ ਨੂੰ ਇਸ ਅਹੁਦੇ ਲਈ ਵਧਾਈ ਦਿੱਤੀ ਉੱਥੇ ਨਾਲ ਹੀ ਵੱਖ ਵੱਖ ਪ੍ਰਧਾਨਾਂ ਵੱਲੋਂ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਉਹਨਾਂ ਸਮੂਹ ਬਲਾਕ ਪ੍ਰਧਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਜਿਸ ਵਿਸ਼ਵਾਸ਼ ਦੇ ਨਾਲ ਉਹਨਾਂ ਨੇ ਅੱਜ ਉਹਨਾਂ 'ਤੇ ਭਰੋਸਾ ਪ੍ਰਗਟਾਇਆ ਹੈ, ਉਹ ਜਿੱਥੇ ਆਪਣੀ ਪਾਰਟੀ ਹਾਈ ਕਮਾਂਡ ਦੇ ਸਦਾ ਰਿਣੀ ਰਹਿਣਗੇ। ਇਸ ਮੌਕੇ ਸੰਬੋਧਨ ਕਰਦਿਆਂ ਜੱਗਾ ਮਜੀਠੀਆ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਹਾਈ ਕਮਾਂਡ ਦੇ ਬਹੁਤ ਹੀ ਰਿਣੀ ਹਨ ਜਿਨਾਂ ਨੇ ਇਸ ਅਹੁਦੇ ਲਈ ਉਹਨਾਂ ਨੂੰ ਜਿੰਮੇਵਾਰੀ ਸੌਂਪੀ ਹੈ।

# ਦਾਖਲਾ ਰੈਲੀ ਕੱਢੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ 'ਚ ਨਰਸਰੀ ਤੋਂ ਬਾਰ੍ਹਵੀਂ ਜਮਾਤਾਂ ਤੱਕ ਦੇ ਦਾਖ਼ਲਿਆਂ ਨੂੰ ਭਰਵਾਂ ਹੁੰਗਾਰਾ ਦੇਣ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ

23-Feb-PAGE-12.qxd 2/22/2024 10:44 PM Page 1



## ਜਨਮ ਦਿਨ ਮੁਬਾਰਕ

ਏਕਮਦੀਪ ਕੌਰ, ਜਲੰਧਰ



ਪਾਇਲ, ਤਰਨ ਤਾਰਨ

ਅਮੀਰਾ ਸ਼ਰਮਾ, ਕੈਨੇਡਾ

ਨਵਦੀਪ ਸਿੰਘ, ਜੀਰਾ

## ਵਰ੍ਹੇਗੰਢ ਮੁਬਾਰਕ

ਗੁਰਪ੍ਰੀਤ ਸਿੰਘ ਧਾਰੀਵਾਲ ਤੇ ਇੰਦਰਜੀਤ ਕੌਰ ਧਾਲੀਵਾਲ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।

ਨੀਟੂ ਕਲੋਤਰਾ ਅਤੇ ਸ਼ਰਨਜੀਤ ਕੌਰ ਵਾਸੀ ਹਰਦੋਬਥਵਾਲਾ (ਗੁਰਦਾਸਪੁਰ) ਨੇ ਆਪਣੇ ਵਿਆਹ ਦੀ ਵਰ੍ਹੇਗੰਢ ਮਨਾਈ।

ਹਰਦੀਪ ਸਿੰਘ ਅਤੇ ਕੰਵਲਜੀਤ ਕੌਰ ਵਾਸੀ ਗੁਰਦਾਸਪੁਰ ਨੇ ਆਪਣੇ ਵਿਆਹ ਦੀ 13ਵੀਂ ਵਰ੍ਹੇਗੰਢ ਮਨਾਈ।

ਪੰਕਜ ਸ਼ਰਮਾ ਤੇ ਰਜਨੀ ਵਾਸੀ ਬਟਾਲਾ ਨੇ ਵਿਆਹ ਦੀ ਪਹਿਲੀ ਵਰ੍ਹੇਗੰਢ ਮਨਾਈ।

# ਕੁੱਲ ਹਿੰਦ ਕਿਸਾਨ ਸਭਾ ਨੇ ਮੋਦੀ ਤੇ ਖੱਟਰ ਦੀ ਅਰਥੀ ਫੂਕੀ

**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਬਿੰਦੀ)**

ਨਜਦੀਕੀ ਪਿੰਡ ਢੇਰ ਵਿਖੇ ਕੁੱਲ ਹਿੰਦ ਕਿਸਾਨ ਸਭਾ ਵੱਲੋਂ ਬੱਸ ਸਟੈਂਡ 'ਤੇ ਮੋਦੀ ਸਰਕਾਰ ਅਤੇ ਖੱਟੜ ਸਰਕਾਰ ਦੀ ਅਰਥੀ ਫੂਕੀ ਅਤੇ ਸ਼ਹੀਦ ਕਿਸਾਨ ਨੂੰ ਸ਼ਰਧਾਂਜਲੀ ਭੇਂਟ ਕੀਤੀ। ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ,ਕਾਮਰੇਡ ਜਸਵਿੰਦਰ ਸਿੰਘ ਭੰਗਲ, ਕਾਮਰੇਡ ਦਵਿੰਦਰ ਨੰਗਲੀ ਨੇ ਕਿਹਾ ਕਿ ਬੀਤੇ ਕੱਲ੍ਹ ਖਨੌਰੀ ਬਾਰਡਰ ਤੇ ਹਰਿਆਣਾ ਪੁਲਸ ਦੀਆਂ ਗੋਲੀਆਂ ਨਾਲ ਸ਼ੁਭਕਰਨ ਸਿੰਘ ਉਮਰ 23 ਸਾਲ ਵਾਸੀ ਬਠਿੰਡਾ ਸ਼ਹੀਦੀ ਪ੍ਰਾਪਤ ਕਰ ਗਿਆ। ਇਹ ਸਰਕਾਰਾਂ ਦੀ ਬਹੁਤ ਵੱਡੀ ਨਲਾਇਕੀ ਹੈ ਕਿ ਕਿਸਾਨਾਂ ਦੀਆਂ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾ ਰਹੀਆਂ। ਜਦੋਂ ਕਿਸਾਨ ਆਪਣੇ ਹੱਕ ਮੰਗਣ ਲਈ ਦਿੱਲੀ ਨੂੰ ਜਾਣ ਲੱਗੇ ਤਾਂ ਬੀਤੀ 11 ਫਰਵਰੀ ਤੋਂ ਬਾਰਡਰ ਬੰਦ ਕਰ ਦਿੱਤੇ ਗਏ। ਉਹਨਾਂ ਨੇ ਕਿਹਾ ਕਿ ਮੋਦੀ ਸਰਕਾਰ ਦਾ ਅਸਲੀ ਚਿਹਰਾ ਕਿਸਾਨ ਵਿਰੋਧੀ ਨੰਗਾ ਹੋ ਗਿਆ ਹੈ। ਹੁਣ ਹਰਿਆਣੇ ਦੀ ਡਬਲ ਇੰਜਨ ਸਰਕਾਰ ਕਿਸਾਨਾਂ 'ਤੇ ਜਬਰ ਜ਼ੁਲਮ ਕਰ ਰਹੀ ਹੈ। ਜਿਸ ਦਾ ਸਿੱਟਾ ਇਹ ਨਿਕਲਿਆ ਕਿ ਸੈਂਕੜੇ ਕਿਸਾਨ ਗੰਭੀਰ ਰੂਪ ਵਿੱਚ

ਜਖਮੀ ਹੋ ਗਏ ਤੇ ਸ਼ੁਭ ਕਰਨ ਸਿੰਘ ਜੋ ਛੋਟਾ ਕਿਸਾਨ ਸੀ ਉਹ ਸ਼ਹੀਦੀ ਪ੍ਰਾਪਤ ਕਰ ਗਿਆ। ਸਮੁੱਚੇ ਆਗੂਆਂ ਨੇ ਸ਼ਹੀਦ ਕਿਸਾਨ ਦੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਇਹ ਮੰਗ ਕੀਤੀ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਮੰਗਾਂ ਫੌਰੀ ਤੌਰ 'ਤੇ ਪੂਰੀਆਂ ਕਰੇ ਤਾਂ ਜੋ ਕਿਸਾਨ ਖੇਤੀ ਕਰਕੇ ਆਪਣੇ ਪਰਵਾਰਾਂ ਨੂੰ ਪਾਲ ਸਕਣ ਤੇ ਜ਼ਿੰਦਗੀ ਬਸਰ ਕਰ ਸਕਣ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਦਿੱਲੀ ਦੌਰਾਨ ਜੋ ਵਾਇਦੇ ਕੀਤੇ ਉਹ ਅੱਜ ਤੱਕ ਪੂਰੇ ਨਹੀਂ ਕੀਤੇ। ਜਿਸ ਦੇ ਕਾਰਨ ਕਿਸਾਨਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅੱਜ ਕੇਂਦਰ ਤੇ ਮੋਦੀ ਸਰਕਾਰ ਖਿਲਾਫ ਕਿਸਾਨਾਂ ਨੇ ਮਜਦੂਰਾਂ ਨੇ ਜੰਮ ਕੇ ਨਾਅਰੇਬਾਜੀ ਕੀਤੀ। ਇਸ ਮੌਕੇ 'ਤੇ ਡੀ ਵਾਈ ਐਫ ਆਈ ਦੇ ਸੁਬਾਈ ਮੀਤ ਪ੍ਰਧਾਨ ਸਰਪੰਚ ਰਜਿੰਦਰ ਸਿੰਘ ਡੋਡ,ਪੰਚ ਗੁਰਦਿਆਲ ਸਿੰਘ ਅਟਵਾਲ, ਸੂਬੇਦਾਰ ਹਰਜਾਪ ਸਿੰਘ ਭੰਗਲ, ਪ੍ਰਧਾਨ ਕੁਲਵਿੰਦਰ ਸਿੰਘ ਭੰਗਲ, ਡਾਕਟਰ ਰਵਿੰਦਰ ਨਾਥ,ਵਿਜੇ ਕੁਮਾਰ ਸਰਮਾ,ਸੂਬੇਦਾਰ ਦੀਦਾਰ ਸਿੰਘ ਢਾਹੇ,ਸ਼ੁਖਵੰਤ ਸਿੰਘ ਢਿੱਲੋਂ, ਚਰਨ ਸਿੰਘ ਅਟਵਾਲ,ਸੋਮੂ, ਜੈ ਸਿੰਘ ਹੰਜੀ, ਗੁਲਜਾਰ ਸਿੰਘ ਨੰਗਲੀ, ਨਾਨਕ ਸਿੰਘ ਢਿੱਲੋਂ, ਗੁਰਦਿਆਲ ਸਿੰਘ ਅਟਵਾਲ, ਗਰੀਬ ਦਾਸ ਡੋਡ, ਦੀਦਾਰ ਸਿੰਘ ਕੂਨਰ ਸਮੇਤ ਹੋਰ ਕਿਸਾਨ ਮਜਦੂਰ ਹਾਜਰ ਸਨ।

## ਅੱਜ ਜ਼ਿਲ੍ਹੇ ਦੇ ਸਾਰੇ ਸਰਕਾਰੀ/ਗੈਰਸਰਕਾਰੀ ਸਕੂਲਾਂ/ਕਾਲਜਾਂ 'ਚ ਰਹੇਗੀ ਛੁੱਟੀ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਸ੍ਰੀ ਗੁਰੂ ਰਵਿਦਾਸ ਜੀ ਦੇ 647ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸ਼ਹਿਰ ਵਿੱਚ ਸਜਾਈ ਜਾਣ ਵਾਲੀ ਸ਼ੋਭਾ ਯਾਤਰਾ ਦੇ ਮੱਦੇਨਜ਼ਰ ਹੁਣ 23 ਫਰਵਰੀ ਨੂੰ ਜਲੰਧਰ ਜ਼ਿਲ੍ਹੇ ਦੀ ਹੱਦ 'ਚ ਆਉਂਦੇ ਸਾਰੇ ਸਰਕਾਰੀ/ਗੈਰ ਸਰਕਾਰੀ ਸਕੂਲਾਂ/ਕਾਲਜਾਂ ਵਿੱਚ ਛੁੱਟੀ ਰਹੇਗੀ। ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ੇਸ਼ ਸਾਰੰਗਲ ਵੱਲੋਂ ਇਸ ਸਬੰਧੀ ਪਹਿਲਾਂ ਜਾਰੀ ਹੁਕਮਾਂ ਵਿੱਚ ਅੰਸ਼ਿਕ ਸੋਧ ਕਰਦਿਆਂ ਜਲੰਧਰ ਜ਼ਿਲ੍ਹੇ ਦੇ ਸਾਰੇ ਸਰਕਾਰੀ/ਗੈਰ-ਸਰਕਾਰੀ ਸਕੂਲਾਂ/ਕਾਲਜਾਂ ਵਿੱਚ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਪਹਿਲਾਂ 23 ਫਰਵਰੀ ਨੂੰ ਕੇਵਲ ਜਲੰਧਰ ਸ਼ਹਿਰ ਦੇ ਸਾਰੇ ਸਰਕਾਰੀ/ਗੈਰ-ਸਰਕਾਰੀ ਸਕੂਲਾਂ/ਕਾਲਜਾਂ ਵਿੱਚ ਛੁੱਟੀ ਕੀਤੀ ਗਈ ਸੀ। ਹੁਕਮਾਂ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਜਿਨ੍ਹਾਂ ਸਕੂਲਾਂ/ਕਾਲਜਾਂ ਵਿੱਚ ਬੋਰਡ/ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਉਕਤ ਮਿਤੀ 'ਤੇ ਨਿਰਧਾਰਿਤ ਹਨ, ਉਨ੍ਹਾਂ ਸਕੂਲਾਂ/ਕਾਲਜਾਂ 'ਤੇ ਇਸ ਦਿਨ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ।

## ਗੁਰੂ ਰਵਿਦਾਸ ਦਾ ਪ੍ਰਕਾਸ਼ ਉਤਸਵ 28 ਨੂੰ ਮਨਾਇਆ ਜਾਵੇਗਾ

**ਸਾਹਕੋਟ (ਗਿਆਨ ਸੈਦਪੁਰੀ)**

ਸ੍ਰੀ ਗੁਰੂ ਰਵੀਦਾਸ ਧਰਮਸਾਲਾ ਵੈਲਫੇਅਰ ਸੁਸਾਇਟੀ (ਰਜਿ) ਸ਼ਾਹਕੋਟ ਵੱਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ। ਸੁਸਾਇਟੀ ਵੱਲੋਂ ਪ੍ਰੈੱਸ ਨੋਟ ਰਾਹੀਂ ਦੱਸਿਆ ਗਿਆ ਕਿ ਸ੍ਰੀ ਗੁਰੂ ਰਵੀਦਾਸ ਜੀ ਦਾ 647ਵਾਂ ਪ੍ਰਕਾਸ਼ ਉਤਸਵ 28 ਫਰਵਰੀ ਦਿਨ ਬੁੱਧਵਾਰ ਨੂੰ ਮੁਹੱਲਾ ਅਜਾਦ ਨਗਰ (ਸ਼ਾਹਕੋਟ) ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ 10:30 ਵਜੇ ਆਰੰਭ ਕੀਤੇ ਜਾਣਗੇ ਅਤੇ ਭੋਗ 12 ਵਜੇ ਭੋਗ ਪਾਏ ਜਾਣਗੇ। ਉਪਰੰਤ ਪ੍ਰਸਿੱਧ ਕੀਰਤਨੀ ਜਥੇ ਕੀਰਤਨ ਰਾਹੀਂ ਸੰਗਤਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਦੀਆਂ ਸਿੱਖਿਆਵਾਂ ਬਾਰੇ ਚਾਨਣਾ ਪਾਉਣਗੇ। ਮੀਟਿੰਗ ਵਿੱਚ ਗੁਰਮੇਜ ਲਾਲ ਹੀਰ ਪ੍ਰਧਾਨ, ਜੈ ਰਾਜ ਚੇਅਰਮੈਨ, ਪ੍ਰੀਤਮ ਚੰਦ ਸੀਨੀ. ਮੀਤ ਪ੍ਰਧਾਨ, ਗੁਰਦੇਵ ਚੰਦ ਪ੍ਰੈੱਸ ਸਕੱਤਰ, ਲਖਵੀਰ ਸਿੰਘ, ਠੇਕੇਦਾਰ ਅਵਤਾਰ ਸਿੰਘ, ਸੁਰਜੀਤ ਸਿੰਘ ਖਜਾਨਚੀ, ਜਸਵੰਤ ਰਾਏ, ਤਰਸੇਮ ਲਾਲ ਭੱਟੀ, ਰਾਜ ਕੁਮਾਰ, ਪਿਆਰਾ ਸਲੈਚਾ, ਜੋਗਿੰਦਰ ਪਾਲ ਮੈਨੇਜਰ, ਨੂਰ ਚੰਦ ਅਤੇ ਗੁਰਦੇਵ ਕੌਰ ਮੌਜੂਦ ਸਨ।

## ਵਿਦਿਅਕ ਸੰਸਥਾਵਾਂ 'ਚ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਦੇ 647ਵੇਂ ਪ੍ਰਕਾਸ਼ ਪੁਰਬ ਸਬੰਧੀ 23 ਫਰਵਰੀ ਨੂੰ ਕੱਢੀ ਜਾ ਰਹੀ ਸ਼ੋਭਾ ਯਾਤਰਾ ਦੇ ਸਬੰਧ ਵਿਚ ਜ਼ਿਲ੍ਹੇ ਦੇ ਸਮੂਹ ਸਰਕਾਰੀ/ਪ੍ਰਾਈਵੇਟ ਸਕੂਲਾਂ, ਕਾਲਜਾਂ, ਵਿਦਿਅਕ ਸੰਸਥਾਵਾਂ ਵਿਚ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਜਿਨ੍ਹਾਂ ਸਕੂਲਾਂ, ਕਾਲਜਾਂ ਵਿਚ ਬੋਰਡ, ਯੂਨੀਵਰਸਿਟੀਜ਼, ਕਾਲਜ ਦੀਆਂ ਆਪਣੀਆਂ ਪ੍ਰੀਖਿਆਵਾਂ ਉਕਤ ਮਿਤੀ 'ਤੇ ਹੋ ਰਹੀਆਂ ਹਨ, ਉਨ੍ਹਾਂ ਸਕੂਲਾਂ, ਕਾਲਜਾਂ ਵਿਚ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਤੇ ਐਲੀਮੈਂਟਰੀ) ਹੁਸ਼ਿਆਰਪੁਰ ਹੁਕਮ ਲਾਗੂ ਕਰਵਾਉਣ ਦੇ ਜ਼ਿੰਮੇਵਾਰੀ ਹੋਣਗੇ।

## ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਲੋਂ ਦੋਆਬਾ ਕਾਲਜ ਛੋਕਰਾਂ ਦਾ ਦੌਰਾ

**ਨਵਾਂਸ਼ਹਿਰ, (ਮਨੋਜ ਲਾਡੀ)**ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨਵਜੋਤਪਾਲ ਸਿੰਘ ਰੰਧਾਵਾ ਵੱਲੋਂ ਅਗਾਮੀ ਲੋਕ ਸਭਾ ਚੋਣਾਂ-2024 ਸਬੰਧੀ ਬਣਾਏ ਜਾਣ ਵਾਲੇ ਸੰਭਾਵੀ ਸਟਾਂਰਗ ਰੂਮ ਤੇ ਕਾਊਂਟਿੰਗ ਸੈਂਟਰ ਸਬੰਧੀ ਦੋਆਬਾ ਕਾਲਜ ਛੋਕਰਾ ਦਾ ਦੌਰਾ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨਾਲ ਐਸ.ਡੀ.ਐਮ. ਡਾ. ਅਕਸ਼ਿਤਾ ਗੁਪਤਾ ਐਸ.ਡੀ.ਐਮ. ਬੰਗਾ ਵਿਕਰਮਜੀਤ ਸਿੰਘ ਪੰਥੇ, ਐਸ.ਡੀ.ਐਮ. ਬਲਾਚੌਰ ਰਵਿੰਦਰ ਬਾਂਸਲ, ਐਸ.ਡੀ.ਐਮ. ਗੜ੍ਹਸ਼ੰਕਰ ਸ਼ਿਵਰਾਜ ਸਿੰਘ ਬੱਲ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਅਤੇ ਪੁਲਸ ਅਧਿਕਾਰੀ ਹਾਜ਼ਰ ਸਨ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੇ ਸੰਭਾਵੀ ਸਟਾਂਰਗ ਰੂਮ ਤੇ ਕਾਊਂਟਿੰਗ ਸੈਂਟਰ ਦੀ ਸੁਰੱਖਿਆ ਪ੍ਰਬੰਧਾਂ 'ਤੇ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਅਗਾਮੀ ਲੋਕ ਸਭਾ ਚੋਣਾਂ-2024 ਸਬੰਧੀ ਤਿਆਰੀਆਂ ਚੱਲ

ਰਹੀਆਂ ਹਨ ਤਾਂ ਜੋ ਚੋਣਾਂ ਦੇ ਐਲਾਨ ਤੋਂ ਪਹਿਲਾਂ-ਪਹਿਲਾਂ ਸਾਰੇ ਪ੍ਰਬੰਧ ਕਰ ਲਏ ਜਾਣ। ਉਨ੍ਹਾਂ ਕਿਹਾ ਕਿ ਅਗਾਮੀ ਲੋਕ ਸਭਾ ਚੋਣਾਂ-2024 ਦੌਰਾਨ ਬਣਾਏ ਜਾਣ ਵਾਲੇ ਸੰਭਾਵੀ ਸਟਾਂਰਗ ਰੂਮ ਤੇ ਕਾਊਂਟਿੰਗ ਸੈਂਟਰ ਸਬੰਧੀ ਵੱਖ-ਵੱਖ ਥਾਂਵਾਂ ਦਾ ਨਿਰੀਖਣ ਕੀਤਾ ਗਿਆ ਹੈ, ਜੋ ਵੀ ਸਥਾਨ ਸੁਰੱਖਿਆ ਦੇ ਮੱਦੇਨਜ਼ਰ ਉਚਿਤ ਹੋਵੇਗੀ, ਉਸੇ ਸਥਾਨ ਨੂੰ ਸਟਾਂਰਗ ਰੂਮ ਤੇ ਕਾਊਂਟਿੰਗ ਸੈਂਟਰ ਬਣਾਇਆ ਜਾਵੇਗਾ।

## ਸ਼ੁਭਕਰਨ ਸਿੰਘ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ : ਭਾਰਤੀ ਕਿਸਾਨ ਯੂਨੀਅਨ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਬਹੁਤ ਮਾੜਾ ਵਰਤਾਓ ਕੀਤਾ ਜਾ ਰਿਹਾ ਸਰਕਾਰ ਵਲੋਂ ਕਿਸਾਨਾਂ ਨਾਲ ਇਸ ਤਰ੍ਹਾਂ ਤਾਂ ਕੋਈ ਦੁਸਮਣ ਨਾਲ ਵੀ ਨਹੀਂ ਕਰਦਾ। ਸੱਚਾਈ ਦਾ ਸਾਹਮਣਾ ਕਰਨ ਦੀ ਬਜਾਏ ਗੋਲੀਆਂ ਬੰਬਾਂ ਨਾਲ ਹਮਲਾ ਕਰਕੇ ਬੇਕਸੂਰ ਲੋਕਾਂ ਦੀ ਜਾਨ ਲੈਣਾ ਬਹੁਤ ਨਿੰਦਣਯੋਗ ਤੇ ਨਾ ਮਾਫੀ ਯੋਗ ਕਾਰਾ ਹੈ। ਭਾਰਤੀ ਕਿਸਾਨ ਯੂਨੀਅਨ ਦੁਆਬਾ ਬਲਾਕ ਨੂਰਮਹਿਲ ਨੇ ਸਰਕਾਰ ਦੇ ਘਿਨੌਣੀ ਹਰਕਤ ਨਿਖੇਧੀ ਕਰਦਿਆਂ ਕਿਹਾ ਕਿ ਸ਼ੁਭਕਰਨ ਸਿੰਘ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ, ਉਸ ਦਾ ਸਾਰਾ ਕਰਜਾ ਮੁਆਫ ਕੀਤਾ ਜਾਵੇ ਤੇ ਪਰਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਤੇ ਇਕ ਕਰੋੜ ਦਾ ਮੁਆਵਜਾ ਦਿੱਤਾ ਜਾਵੇ। ਪੁਲਸ ਮੁਲਾਜ਼ਮਾਂ ਵਿਰੁੱਧ ਦਫਾ 302 ਲਗਾਈ ਜਾਵੇ ਤੇ ਜੇਲ੍ਹ ਭੇਜਿਆ ਜਾਵੇ। ਜਿਨ੍ਹਾਂ ਕਿਸਾਨਾਂ ਨੂੰ ਗ੍ਰਿਫਤਾਰ ਕੀਤਾ ਹੈ ਤੁਰੰਤ ਰਿਹਾਅ ਕੀਤਾ ਜਾਵੇ ਤੇ ਜਖਮੀ ਹੋਏ ਕਿਸਾਨਾਂ ਨੂੰ ਮੁਆਵਜਾ ਦਿੱਤਾ ਜਾਵੇ। ਇਸ ਮੌਕੇ 'ਤੇ ਗੁਰਚੇਤਨ ਸਿੰਘ ਤੱਖਰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ ਵਿੱਚ ਮੀਟਿੰਗ ਹੋਈ ਜਿਸ ਜਸਵੰਤ ਸਿੰਘ ਕਾਹਲੋਂ ਬਲਾਕ ਪ੍ਰਧਾਨ ਕੇਵਲ ਸਿੰਘ ਤਲਵਣ ਸੀਨੀਅਰ ਸਕੱਤਰ ਗੁਰਦਿਆਲ ਸਿੰਘ ਹੁੰਦਲ ਪ੍ਰਦੀਪ ਸਿੰਘ ਤੱਖਰ ਰਛਪਾਲ ਸਿੰਘ ਸਾਦੀਪੁਰ ਜਨਨੈਲ ਸਿੰਘ ਤੱਗੜਾਂ ਬਲਵੀਰ ਸਿੰਘ ਦੁਸਾਂਝ ਬਲਵੀਰ ਸਿੰਘ ਨਾਂਹਲਾਂ ਰਣਜੀਤ ਸਿੰਘ ਰਣਵੀਰ ਸਿੰਘ ਢਾਗਾਂਰਾ ਅਮਰਜੀਤ ਸਿੰਘ ਸਿਹੋਤਾ ਇੰਦਰਜੀਤ ਸਿੰਘ ਸਾਬ ਸਿੰਘ ਨਾਂਹਲਾਂ ਪ੍ਰੀਤਮ ਸਿੰਘ ਕਰਦੋ ਸੰਘਾ ਤਲਵਣ ਰਾਮੇਵਾਲ ਸੇਰ ਪੁਰ ਉਮਰ ਪੁਰਾ ਬਿਲਗਾ ਰਾਜੋਵਾਲ ਗਦਰੇ ਭੋਡੇ ਪੁਆਦੜਾ ਬੁਰਜ ਭੁੱਲਰ ਫਤਿਹ ਪੁਰ ਕੋਟ ਡੱਲਾ ਭਲੋਵਾਲ ਨੂਰਮਹਿਲ ਬਲਾਕ ਦੇ ਬਹੁਤ ਸਾਰੇ ਕਿਸਾਨ ਵੀਰ ਇਸ ਮੌਕੇ ਹਾਜਰ ਹੋਏ। ਤੇ ਇਸ ਸੰਘਰਸ਼ ਦਾ ਤਨ ਮਨ ਨਾਲ ਸਹਿਯੋਗ ਦੇਣ ਲਈ ਤਿਆਰ ਹੋਏ।

## ਸੀਟੀ ਗਰੁੱਪ ਵੱਲੋਂ ਜੁਆਇੰਟ ਰਿਪਲੇਸਮੈਂਟ ਵਹਿਮਾਂ ਤੇ ਅਸਲੀਅਤਾਂ 'ਤੇ ਭਾਸ਼ਣ

**ਜਲੰਧਰ (ਸ਼ੈਲੀ ਐਲਬਰਟ)**

ਸੀਟੀ ਗਰੁੱਪ ਦੇ ਫਿਜ਼ੀਓਥੈਰੇਪੀ ਵਿਭਾਗ ਨੇ ਹਾਲ ਹੀ ਵਿੱਚ ਜੁਆਇੰਟ ਰਿਪਲੇਸਮੈਂਟ ਵਹਿਮਾਂ ਅਤੇ ਅਸਲੀਅਤਾਂ 'ਤੇ ਇੱਕ ਗਿਆਨ ਭਰਪੂਰ ਮਾਹਰ ਭਾਸ਼ਣ ਦੀ ਮੇਜ਼ਬਾਨੀ ਕੀਤੀ। ਸਮਾਗਮ ਵਿੱਚ ਬੁਲਾਰੇ ਡਾ.ਸੋਨੀਤ ਅਗਰਵਾਲ, ਐਮ.ਬੀ.ਬੀ.ਐਸ., ਐਮ.ਐਸ. (ਆਰਥੋ), ਐਚਪੀ ਆਰਥੋਕੇਅਰ ਹਸਪਤਾਲ ਤੋਂ ਇੱਕ ਮਸ਼ਹੂਰ ਟਰੌਮਾ ਅਤੇ ਜੁਆਇੰਟ ਰਿਪਲੇਸਮੈਂਟ ਸਰਜਨ ਸ਼ਾਮਿਲ ਸਨ। ਮਾਹਿਰਾਂ ਦੇ ਭਾਸ਼ਣ ਦੌਰਾਨ, ਡਾ. ਸੋਨੀਤ ਅਗਰਵਾਲ ਨੇ ਸੰਯੁਕਤ ਤਬਦੀਲੀ ਦੀਆਂ ਪ੍ਰਕਿਰਿਆਵਾਂ ਬਾਰੇ ਗਲਤ ਧਾਰਨਾਵਾਂ ਨੂੰ ਸੰਬੋਧਿਤ ਕੀਤਾ, ਹਾਜ਼ਰੀਨ ਨੂੰ ਪ੍ਰਕਿਰਿਆ ਦੀਆਂ ਅਸਲੀਅਤਾਂ ਬਾਰੇ ਕੀਮਤੀ ਸਮਝ ਪ੍ਰਦਾਨ ਕੀਤੀ ਅਤੇ ਉਹਨਾਂ ਵਹਿਮਾਂ ਨੂੰ ਦੂਰ ਕੀਤਾ ਜੋ ਅਕਸਰ ਮਰੀਜ਼ਾਂ ਨੂੰ ਢੁਕਵੇਂ ਇਲਾਜ ਦੀ ਮੰਗ ਕਰਨ ਤੋਂ ਰੋਕਦੀਆਂ ਹਨ। ਖੇਤਰ ਵਿੱਚ ਉਨਾਂ ਦੀ ਮੁਹਾਰਤ ਅਤੇ ਤਜਰਬੇ ਨੇ ਹਾਜ਼ਰ ਲੋਕਾਂ ਨੂੰ ਸੰਯੁਕਤ ਤਬਦੀਲੀ ਦੀ ਸਰਜਰੀ ਅਤੇ ਮੁੜ ਵਸੇਬੇ ਦੀਆਂ ਤਕਨੀਕਾਂ ਵਿੱਚ ਨਵੀਨਤਮ ਤਰੱਕੀ ਦੀ ਡੂੰਘੀ ਸਮਝ ਦੀ ਪੇਸ਼ਕਸ਼ ਕੀਤੀ। ਸੈਮੀਨਾਰ ਵਿੱਚ ਐਮ.ਕੇ.ਕਾਲਜ ਦੀ ਪ੍ਰਿੰਸੀਪਲ ਡਾ.ਕਾਮਿਨੀ ਸਹਿਗਲ, ਫਿਜ਼ੀਓਥੈਰੇਪੀ ਵਿਭਾਗ ਦੇ ਮੁਖੀ ਡਾ: ਅਰੁਣ; ਫਿਜ਼ੀਓਥੈਰੇਪੀ ਵਿਭਾਗ ਦੇ ਫੈਕਲਟੀ ਅਤੇ

ਵਿਦਿਆਰਥੀਆਂ ਦੇ ਨਾਲ ਸ਼ਾਮਲ ਸਨ। ਇਵੈਂਟ ਤੇ ਪ੍ਰਤੀਬਿੰਬਤ ਕਰਦੇ ਹੋਏ, ਡਾ. ਸੋਨੀਤ ਅਗਰਵਾਲ ਨੇ ਕਿਹਾ ਕਿ, ਸੀਟੀ ਗਰੁੱਪ ਦੇ ਫਿਜ਼ੀਓਥੈਰੇਪੀ ਵਿਭਾਗ ਵਿੱਚ ਹਾਜ਼ਰੀਨ ਨਾਲ ਜੁੜਨਾ ਅਤੇ 